3-NOV-PAGE-1.qxd 11/2/2023 8:46 PM Page 1

ਸ਼ੁੱਕਰਵਾਰ, 3 ਨਵੰਬਰ, 2023
18 ਕੱਤਕ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 154

ਨਵਾਂ ਜ਼ਮਾਨਾ

DAILY NAWAN ZAMANA • FRIDAY, 3 NOVEMBER, 2023 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ Regd. No : Pb/JL-123/2021-23, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

ਸੀ ਪੀ ਆਈ ਦੀ ਪਟਨਾ ਰੈਲੀ ਨਾਲ 'ਇੰਡੀਆ' ਨੂੰ ਤਕੜਾ ਹੁਲਾਰਾ

- ਸੈਕੂਲਰ, ਸਮਾਜਵਾਦੀ ਤੇ ਕਮਿਊਨਿਸਟ ਰਲ ਕੇ ਪੂੰਜੀਵਾਦ ਪੱਖੀ ਸਰਕਾਰ ਨੂੰ ਪਾਸੇ ਕਰਨਗੇ : ਨਿਤਿਸ਼ ਕੁਮਾਰ
- ਦੇਸ਼ ਦੀ ਸਿਆਸਤ ਨੂੰ ਸਾਫ-ਸੁਥਰੀ ਬਣਾਉਣਾ ਸਾਡੀ ਤਰਜੀਹ : ਡੀ ਰਾਜਾ
- ਕੁਝ ਤਲਵਾਰਾਂ ਵੰਡਦੇ, ਅਸੀਂ ਕਲਮਾਂ : ਤੇਜਸਵੀ ਯਾਦਵ
- ਸਿਆਸਤ ਨੂੰ ਸਹੀ ਦਿਸ਼ਾ ਦੇਣ 'ਚ ਬਿਹਾਰ ਸੀ ਪੀ ਆਈ ਦਾ ਵੱਡਾ ਯੋਗਦਾਨ : ਅਮਰਜੀਤ ਕੌਰ

ਪਟਨਾ (ਗਿਆਨ ਸੈਦਪੁਰੀ)

ਭਾਰਤੀ ਖੇਤ ਮਜ਼ਦੂਰ ਯੂਨੀਅਨ ਦੀ 15ਵੀਂ ਕੌਮੀ ਕਾਨਫਰੰਸ ਦੀ ਬਾਕਾਇਦਗੀ ਨਾਲ ਸ਼ੁਰੂਆਤ ਤੋਂ ਪਹਿਲਾਂ ਭਾਰਤੀ ਕਮਿਊਨਿਸਟ ਪਾਰਟੀ ਵੱਲੋਂ 'ਭਾਜਪਾ ਹਟਾਓ-ਦੇਸ਼ ਬਚਾਓ-ਨਵਾਂ ਭਾਰਤ ਬਣਾਓ' ਦੇ ਨਾਹਰੇ ਤਹਿਤ ਵੀਰਵਾਰ ਕੀਤੀ ਗਈ ਮਹਾਂ ਰੈਲੀ ਅਪੋਜ਼ੀਸ਼ਨ ਪਾਰਟੀਆਂ ਦੇ ਸਿਆਸੀ ਮਹਾਂਗਠਜੋੜ 'ਇੰਡੀਆ' ਨੂੰ ਜਿੱਥੇ ਉਤਸਾਹੀ ਹੁਲਾਰਾ ਦੇ ਗਈ, ਉੱਥੇ ਬਿਹਾਰ ਦੇ ਮੁੱਖ ਮੰਤਰੀ ਤੋਂ ਲੈ ਕੇ ਸੀ ਪੀ ਆਈ (ਐੱਮ), ਸੀ ਪੀ ਆਈ (ਮਾਲੇ), ਜਨਤਾ ਦਲ (ਯੂ) ਅਤੇ ਕਾਂਗਰਸੀ ਆਗੂਆਂ ਨੇ ਸੀ ਪੀ ਆਈ ਵੱਲੋਂ ਮਹਾਂ ਰੈਲੀ ਦੇ ਰੂਪ ਵਿੱਚ ਵੱਡਾ ਮੰਚ ਮੁਹੱਈਆ ਕਰਨ ਲਈ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦਿਆਂ ਮੁਬਾਰਕਾਂ ਵੀ ਪੇਸ਼ ਕੀਤੀਆਂ।

ਮਹਾਂ ਰੈਲੀ ਵਿੱਚ ਇਕੱਤਰ ਹੋਏ ਹਜ਼ਾਰਾਂ ਲੋਕਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਬਿਹਾਰ ਦੇ ਮੁੱਖ ਮੰਤਰੀ ਨਿਤਿਸ਼ ਕੁਮਾਰ ਨੇ ਕਿਹਾ ਕਿ ਸੈਕੂਲਰ, ਸਮਾਜਵਾਦੀ ਅਤੇ ਕਮਿਊਨਿਸਟ ਲੋਕ

ਫਾਸ਼ੀਵਾਦੀਆਂ ਤੇ ਪੂੰਜੀਪਤੀਆਂ ਪੱਖੀ ਸਰਕਾਰ ਵਿਰੁੱਧ ਇਕੱਠੇ ਹੋ ਕੇ ਲੜਾਈ ਦੇਣਗੇ ਅਤੇ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਭਾਜਪਾ ਸਰਕਾਰ ਦਾ ਬਿਸਤਰਾ ਗੋਲ ਕਰ ਦੇਣਗੇ। ਮੁੱਖ ਮੰਤਰੀ ਨੇ ਕਿਹਾ ਕਿ ਲੋਕ ਭਾਜਪਾ ਵਿਰੁੱਧ ਵੋਟ ਦੇ ਕੇ ਦੇਸ਼ ਦਾ ਭਲਾ ਯਕੀਨੀ ਕਰਨਗੇ। ਉਨ੍ਹਾ ਕਿਹਾ ਕਿ ਹਾਲ ਦੀ ਘੜੀ ਉਨ੍ਹਾ (ਨਿਤਿਸ਼ ਕੁਮਾਰ) ਦਾ ਇੱਕੋ ਉਦੇਸ਼ ਭਾਜਪਾ ਨੂੰ ਸੱਤਾ ਤੋਂ ਬਾਹਰ ਕਰਨ ਲਈ ਸਮੁੱਚੀ ਵਿਰੋਧੀ ਧਿਰ ਨੂੰ ਇਕੱਠਿਆਂ ਕਰਨਾ ਹੈ। ਮੁੱਖ ਮੰਤਰੀ ਨੇ ਇਸ ਕੰਮ ਲਈ ਸੀ ਪੀ ਆਈ ਵੱਲੋਂ ਨਿਭਾਈ ਭੂਮਿਕਾ ਦੀ ਭਰਪੂਰ ਸ਼ਲਾਘਾ ਕੀਤੀ।

ਨਿਤਿਸ਼ ਕੁਮਾਰ ਨੇ ਕਿਹਾ ਕਿ ਕਾਂਗਰਸ ਦੇ ਅਸੰਬਲੀ ਚੋਣਾਂ ਵਿਚ ਖੁੱਭੇ ਹੋਣ ਕਾਰਨ ਆਪੋਜ਼ੀਸ਼ਨ ਦਾ ਗੱਠਜੋੜ 'ਇੰਡੀਆ' ਉਸ ਰਫਤਾਰ ਨਾਲ ਅੱਗੇ ਨਹੀਂ ਵਧ ਰਿਹਾ, ਜਿਵੇਂ ਇਹ ਜਨਮ ਲੈਣ ਵੇਲੇ ਵਧਿਆ ਸੀ। ਲੱਗਦਾ ਹੈ ਕਿ ਅਸੰਬਲੀ ਚੋਣਾਂ ਤੋਂ ਬਾਅਦ ਹੀ ਗੱਲ ਅੱਗੇ ਤੁਰੇਗੀ। ਉਨ੍ਹਾ ਕਿਹਾ ਕਿ ਆਪੋਜ਼ੀਸ਼ਨ ਪਾਰਟੀਆਂ ਸਹਿਮਤ ਹੋਈਆਂ ਸਨ ਕਿ ਕਾਂਗਰਸ ਆਗੂ ਰੋਲ ਨਿਭਾਏ, ਪਰ ਉਹ ਚੋਣਾਂ ਵਿਚ ਫਸੀ ਹੋਈ ਹੈ।

ਉਨ੍ਹਾ ਦੋਸ਼ ਲਾਇਆ ਕਿ ਭਾਜਪਾ ਹਿੰਦੂਆਂ ਨੂੰ ਮੁਸਲਮਾਨਾਂ ਖਿਲਾਫ ਲੜਾ ਰਹੀ ਹੈ, ਪਰ ਤਸੱਲੀ ਦੀ ਗੱਲ ਹੈ ਕਿ ਬਿਹਾਰ ਫਿਰਕੂ ਫਸਾਦਾਂ ਤੋਂ ਬਚਿਆ ਹੋਇਆ ਹੈ। ਉਨ੍ਹਾ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਦੇਸ਼ ਦਾ ਇਤਿਹਾਸ ਬਦਲਣ ਦੀ ਕੋਸ਼ਿਸ਼ ਕਰ ਰਹੀ ਹੈ। ਉਹ ਇਹ ਸੱਚਾਈ ਲੁਕੋਣਾ ਚਾਹੁੰਦੀ ਹੈ ਕਿ ਉਸ ਨੇ ਆਜ਼ਾਦੀ ਦੇ ਸੰਘਰਸ਼ ਵਿਚ ਕੁਝ ਨਹੀਂ ਕੀਤਾ। ਨਿਤਿਸ਼ ਨੇ ਕਾਮਰੇਡ ਰਾਜਾ ਨੂੰ ਮੁਖਾਤਬ ਹੁੰਦਿਆਂ 1980ਵਿਆਂ ਤੋਂ ਖੱਬੀਆਂ ਪਾਰਟੀਆਂ ਨਾਲ ਆਪਣੇ ਕਰੀਬੀ ਰਿਸ਼ਤਿਆਂ ਨੂੰ ਚੇਤੇ ਕਰਦਿਆਂ ਕਿਹਾ ਕਿ ਸੀ ਪੀ ਆਈ ਤੇ ਸੀ ਪੀ ਆਈ (ਐੱਮ) ਨੇ ਉਨ੍ਹਾ ਨੂੰ ਪਹਿਲੀ ਚੋਣ ਜਿਤਾਉਣ ਵਿਚ ਮਦਦ ਕੀਤੀ ਸੀ। ਉਨ੍ਹਾ ਕਿਹਾ—ਬਿਹਾਰ ਵਿਚ ਅਸੀਂ ਖੱਬੀਆਂ ਪਾਰਟੀਆਂ ਦੇ ਅਗਾਂਹਵਧੂ ਨਜ਼ਰੀਏ ਦੇ ਕਾਇਲ ਰਹੇ ਹਾਂ। ਇਨ੍ਹਾਂ ਦੀਆਂ ਰੈਲੀਆਂ ਵਿਚ ਕਾਫੀ ਮਹਿਲਾਵਾਂ ਜੁੜਦੀਆਂ ਸਨ, ਜਦੋਂ ਕਿ ਹੋਰਨਾਂ ਪਾਰਟੀਆਂ ਦੀਆਂ ਰੈਲੀਆਂ ਵਿਚ ਅਜਿਹਾ ਨਹੀਂ ਹੁੰਦਾ ਸੀ।

ਉਹਨਾ ਕਿਹਾ ਕਿ ਸਾਰੀਆਂ ਖੱਬੀਆਂ ਪਾਰਟੀਆਂ ਦਾ ਮੁੱਢ ਇੱਕੋ ਹੈ। ਇਨ੍ਹਾਂ ਨੂੰ ਇਕ ਹੋਣ ਬਾਰੇ ਸੋਚਣਾ ਚਾਹੀਦਾ ਹੈ। ਇਸ 'ਤੇ ਕਾਮਰੇਡ ਰਾਜਾ ਖੁੱਲ੍ਹ ਕੇ ਹੱਸੇ।

ਨਿਤਿਸ਼ ਨੇ ਕੇਂਦਰ ਸਰਕਾਰ ਵੱਲੋਂ ਮੀਡੀਆ ਦਾ ਗਲਾ ਘੁੱਟਣ ਦਾ ਜ਼ਿਕਰ ਕਰਦਿਆਂ ਕਿਹਾ ਕਿ ਬਿਹਾਰ ਵਿਚ ਕਾਫੀ ਚੰਗਾ ਕੰਮ ਹੋ ਰਿਹਾ ਹੈ, ਪਰ ਮੀਡੀਆ ਵਿਚ ਇਸ ਦਾ ਜ਼ਿਕਰ ਘੱਟ ਹੀ ਹੁੰਦਾ ਹੈ।

ਭਾਰਤੀ ● ਬਾਕੀ ਸਫ਼ਾ 2 'ਤੇ

ਪਾਕਿਸਤਾਨ 'ਚ ਚੋਣਾਂ 11 ਫਰਵਰੀ ਨੂੰ

ਇਸਲਾਮਾਬਾਦ : ਪਾਕਿਸਤਾਨ ਦੇ ਚੋਣ ਕਮਿਸ਼ਨ ਨੇ ਸੁਪਰੀਮ ਕੋਰਟ 'ਚ ਦੱਸਿਆ ਕਿ ਦੇਸ਼ 'ਚ 11 ਫਰਵਰੀ ਨੂੰ ਆਮ ਚੋਣਾਂ ਕਰਵਾਈਆਂ ਜਾਣਗੀਆਂ। ਸੁਪਰੀਮ ਕੋਰਟ ਨੇ ਚੋਣ ਕਮਿਸ਼ਨ ਨੂੰ ਕਿਹਾ ਕਿ ਇਹ ਤਰੀਕ ਹੁਣ ਬਦਲਣੀ ਨਹੀਂ ਚਾਹੀਦੀ। ਚੋਣਾਂ ਅਕਤੂਬਰ-ਨਵੰਬਰ ਵਿਚ ਤੈਅ ਸਨ, ਪਰ ਚੋਣ ਕਮਿਸ਼ਨ ਨੇ ਹਲਕਾਬੰਦੀ ਦਾ ਹਵਾਲਾ ਦੇ ਕੇ ਕਿਹਾ ਕਿ ਫਰਵਰੀ ਵਿਚ ਹੀ ਹੋ ਸਕਣਗੀਆਂ।

ਮੁੱਖ ਮੰਤਰੀ ਨੂੰ ਧਮਕੀ

ਤਿਰੁਅਨੰਤਪੁਰਮ : ਕਿਸੇ ਨੇ ਕੇਰਲਾ ਰਾਜ ਪੁਲਸ ਹੈੱਡਕੁਆਰਟਰ ਨੂੰ ਫੋਨ ਕਰਕੇ ਮੁੱਖ ਮੰਤਰੀ ਪਿਨਾਰਈ ਵਿਜਯਨ ਨੂੰ ਜਾਨੋਂ ਮਾਰਨ ਦੀ ਧਮਕੀ ਦਿੱਤੀ ਹੈ। ਮੀਡੀਆ 'ਚ ਫੈਲੀਆਂ ਕੁਝ ਰਿਪੋਰਟਾਂ 'ਚ ਕਿਹਾ ਗਿਆ ਹੈ ਕਿ ਇਹ ਫੋਨ ਨਾਬਾਲਗ ਮੁੰਡੇ ਨੇ ਕੀਤਾ। ਪੁਲਸ ਨੇ ਮਾਮਲਾ ਦਰਜ ਕਰ ਲਿਆ ਹੈ।

ਦਿੱਲੀ ਦੀ ਹਾਲਤ ਹੋਰ ਖਰਾਬ

ਨਵੀਂ ਦਿੱਲੀ : ਦਿੱਲੀ ਦੇ ਕਈ ਹਿੱਸਿਆਂ ਵਿਚ ਹਵਾ ਬਹੁਤ ਪ੍ਰਦੂਸ਼ਤ ਹੋ ਕੇ 'ਗੰਭੀਰ ਸ਼੍ਰੇਣੀ' ਵਿਚ ਪਹੁੰਚ ਗਈ ਹੈ। ਲਗਾਤਾਰ ਤੀਜੇ ਦਿਨ ਧੂੰਆਂ ਛਾਇਆ ਰਿਹਾ। ਪਰਾਲੀ ਸਾੜਨ ਦੇ ਮਾਮਲਿਆਂ 'ਚ ਵਾਧੇ ਕਾਰਨ ਵਿਗਿਆਨੀਆਂ ਨੇ ਚਿਤਾਵਨੀ ਦਿੱਤੀ ਹੈ ਕਿ ਅਗਲੇ ਦੋ ਹਫਤਿਆਂ ਦੌਰਾਨ ਦਿੱਲੀ-ਰਾਸ਼ਟਰੀ ਰਾਜਧਾਨੀ ਖੇਤਰ 'ਚ ਪ੍ਰਦੂਸ਼ਣ ਦਾ ਪੱਧਰ ਵਧੇਗਾ। ਇਹ ਚਿੰਤਾਜਨਕ ਹੈ, ਕਿਉਂਕਿ ਕਈ ਖੇਤਰਾਂ 'ਚ ਹਵਾ ਗੁਣਵੱਤਾ ਸੂਚਕ ਅੰਕ ਪਹਿਲਾਂ ਹੀ 400 ਤੋਂ ਵੱਧ ਹੈ। ਸਿਹਤ ਮਾਹਰਾਂ ਦਾ ਕਹਿਣਾ ਹੈ ਕਿ ਇਸ ਨਾਲ ਬੱਚਿਆਂ ਅਤੇ ਬਜ਼ੁਰਗਾਂ 'ਚ ਦਮੇ ਅਤੇ ਫੇਫੜਿਆਂ ਨਾਲ ਸੰਬੰਧਤ ਸਮੱਸਿਆਵਾਂ ਵਧ ਸਕਦੀਆਂ ਹਨ।

ਕੇਜਰੀਵਾਲ ਪੇਸ਼ ਨਹੀਂ ਹੋਏ, ਚੋਣ ਪ੍ਰਚਾਰ ਭਖਦਿਆਂ ਹੀ ਈ ਡੀ ਨੇ ਫੜੀ ਹੁਸ਼ਿਆਰੀ

ਨਵੀਂ ਦਿੱਲੀ : ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਆਬਕਾਰੀ ਨੀਤੀ ਮਨੀ ਲਾਂਡਰਿੰਗ ਮਾਮਲੇ 'ਚ ਵੀਰਵਾਰ ਈ ਡੀ ਸਾਹਮਣੇ ਪੇਸ਼ ਨਹੀਂ ਹੋਏ। ਉਨ੍ਹਾ ਜਾਂਚ ਏਜੰਸੀ ਨੂੰ ਪੱਤਰ ਲਿਖ ਕੇ ਪੁੱਛ-ਪੜਤਾਲ ਲਈ ਭੇਜੇ ਨੋਟਿਸ ਨੂੰ ਵਾਪਸ ਲੈਣ ਦੀ ਮੰਗ ਕੀਤੀ ਅਤੇ ਦਾਅਵਾ ਕੀਤਾ ਕਿ ਨੋਟਿਸ 'ਗੈਰ-ਕਾਨੂੰਨੀ ਅਤੇ ਰਾਜਨੀਤੀ ਤੋਂ ਪ੍ਰੇਰਤ' ਹੈ। ਸੂਤਰਾਂ ਮੁਤਾਬਕ ਈ ਡੀ ਵੱਲੋਂ ਹੁਣ ਉਨ੍ਹਾ ਨੂੰ ਨਵੇਂ ਸਿਰੇ ਤੋਂ ਸੰਮਨ ਜਾਰੀ ਕੀਤਾ ਜਾਵੇਗਾ। ਇਸ ਤੋਂ ਪਹਿਲਾਂ ਆਮ ਆਦਮੀ ਪਾਰਟੀ ਦੇ ਸੂਤਰਾਂ ਨੇ ਦੱਸਿਆ ਸੀ ਕਿ ਕੇਜਰੀਵਾਲ ਮੱਧ ਪ੍ਰਦੇਸ਼ ਦੇ ਸਿੰਗਰੌਲੀ ਦਾ ਦੌਰਾ ਕਰਨਗੇ, ਜਿੱਥੇ ਉਹ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨਾਲ ਰੋਡ ਸ਼ੋਅ 'ਚ ਹਿੱਸਾ ਲੈਣਗੇ।

ਆਮ ਆਦਮੀ ਪਾਰਟੀ ਨੇ ਦੋਸ਼ ਲਗਾਇਆ ਹੈ ਕਿ ਈ ਡੀ ਦੀ ਛਾਪੇਮਾਰੀ ਭਾਜਪਾ ਵੱਲੋਂ ਲੋਕ ਸਭਾ ਚੋਣਾਂ ਤੋਂ ਪਹਿਲਾਂ ਵਿਰੋਧੀ ਨੇਤਾਵਾਂ ਨੂੰ ਚੁੱਪ ਕਰਾਉਣ ਦੀ ਕੋਸ਼ਿਸ਼ ਹੈ। ਸੂਤਰਾਂ ਨੇ ਦੱਸਿਆ ਕਿ ਈ ਡੀ ਨੇ ਮਨੀ ਲਾਂਡਰਿੰਗ ਮਾਮਲੇ ਦੀ ਜਾਂਚ ਦੇ ਹਿੱਸੇ ਵਜੋਂ ਵੀਰਵਾਰ ਦਿੱਲੀ ਦੇ ਕੈਬਨਿਟ ਮੰਤਰੀ ਰਾਜ ਕੁਮਾਰ ਆਨੰਦ ਦੇ ਘਰ ਅਤੇ ਕੁਝ ਹੋਰ ਥਾਵਾਂ 'ਤੇ ਛਾਪੇਮਾਰੀ ਕੀਤੀ।

ਈ ਡੀ ਨੇ ਰਾਜਸਥਾਨ ਕਾਂਗਰਸ ਦੇ ਪ੍ਰਧਾਨ ਗੋਵਿੰਦ ਸਿੰਘ ਡੋਟਾਸਰਾ ਦੇ ਬੇਟਿਆਂ ਨੂੰ ਸਕੂਲ ਟੀਚਰ ਭਰਤੀ ਦੇ ਪੇਪਰ ਲੀਕ ਹੋਣ ਦੇ ਸੰਬੰਧ 'ਚ ਮਨੀ ਲਾਂਡਰਿੰਗ ਦੇ ਦੋਸ਼ ਵਿਚ ਉਸ ਅੱਗੇ ਪੇਸ਼ ਹੋਣ ਲਈ ਕਿਹਾ ਹੈ। ਅਭਿਲਾਸ਼ ਡੋਟਾਸਰਾ ਨੂੰ 7 ਨਵੰਬਰ ਤੇ ਅਵਿਨਾਸ਼ ਡੋਟਾਸਰਾ ਨੂੰ 8 ਨਵੰਬਰ ਨੂੰ ਸੱਦਿਆ ਹੈ। ਈ ਡੀ ਨੇ ਵਿਦੇਸ਼ੀ ਮੁਦਰਾ ਨਿਯਮਾਂ ਦੀ ਕਥਿਤ ਉਲੰਘਣਾ ਦੇ ਸੰਬੰਧ 'ਚ ਮੁੱਖ ਮੰਤਰੀ ਅਸ਼ੋਕ ਗਹਿਲੋਤ ਦੇ ਬੇਟੇ ਵੈਭਵ ਤੋਂ ਪਿਛਲੇ ਦਿਨੀਂ 9 ਘੰਟੇ ਪੁੱਛਗਿੱਛ ਕੀਤੀ ਸੀ। ਈ ਡੀ ਪੇਪਕ ਲੀਕ ਮਾਮਲੇ ਵਿਚ ਰਾਜਸਥਾਨ 'ਚ ਸਾਲ ਭਰ ਤੋਂ ਕਾਂਗਰਸੀ ਆਗੂਆਂ 'ਤੇ ਛਾਪੇ ਮਾਰ ਰਹੀ ਹੈ।

ਤਿਲੰਗਾਨਾ ਵਿਚ ਕਾਂਗਰਸ ਕਈ ਸਾਲਾਂ ਤੋਂ ਸੱਤਾ ਤੋਂ ਬਾਹਰ ਹੈ। ਉਥੇ ਵੀ ਵੀਰਵਾਰ ਹੈਦਰਾਬਾਦ 'ਚ ਮਹੇਸ਼ਵਰਮ ਅਸੰਬਲੀ ਹਲਕੇ ਤੋਂ ਕਾਂਗਰਸ ਉਮੀਦਵਾਰ ਕਿਚਨਗਰੀ ਲਕਸ਼ਮੀ ਰੈਡੀ ਤੇ ਬਡੰਗਪੇਟ ਦੇ ਮੇਅਰ ਚਿਗੀਰਿੰਥਾ ਦੇ ਘਰਾਂ ਤੇ ਦਫਤਰਾਂ 'ਤੇ ਇਨਕਮ ਟੈਕਸ ਅਧਿਕਾਰੀਆਂ ਨੇ ਛਾਪੇ ਮਾਰੇ। ਕਾਂਗਰਸੀਆਂ ਨੇ ਲਕਸ਼ਮੀ ਰੈਡੀ ਦੇ ਫਾਰਮ ਹਾਊਸ ਦੇ ਬਾਹਰ ਪ੍ਰਦਰਸ਼ਨ ਵੀ ਕੀਤਾ।

ਈ ਡੀ ਅਫਸਰ ਰੰਗੇ ਹੱਥੀਂ ਕਾਬੂ

ਜੈਪੁਰ : ਇਥੋਂ ਦੀ ਭ੍ਰਿਸ਼ਟਾਚਾਰ ਰੋਕੂ ਬਿਊਰੋ ਟੀਮ ਨੇ ਈ ਡੀ ਇੰਫਾਲ ਦੇ ਅਧਿਕਾਰੀ ਅਤੇ ਉਸ ਦੇ ਸਾਥੀ ਨੂੰ 15 ਲੱਖ ਰੁਪਏ ਦੀ ਰਿਸ਼ਵਤ ਲੈਣ ਦੇ ਦੋਸ਼ ਵਿਚ ਰੰਗੇ-ਹੱਥੀਂ ਕਾਬੂ ਕੀਤਾ ਹੈ। ਮੁਲਜ਼ਮ ਚਿੱਟ ਫੰਡ ਮਾਮਲੇ 'ਚ ਗ੍ਰਿਫਤਾਰ ਨਾ ਕਰਨ ਦੇ ਬਦਲੇ 'ਚ 17 ਲੱਖ ਰੁਪਏ ਦੀ ਮੰਗ ਕਰ ਰਿਹਾ ਸੀ। ਗ੍ਰਿਫਤਾਰ ਕੀਤੇ ਵਿਅਕਤੀਆਂ 'ਚ ਇੰਫਾਲ (ਮਨੀਪੁਰ) 'ਚ ਈ ਡੀ ਦੇ ਦਫਤਰ ਦਾ ਐਨਫੋਰਸਮੈਂਟ ਅਫਸਰ ਨਵਲ ਕਿਸ਼ੋਰ ਮੀਨਾ ਅਤੇ ਉਸ ਦਾ ਸਥਾਨਕ ਸਹਿਯੋਗੀ ਬਾਬੂ ਲਾਲ ਮੀਨਾ ਸ਼ਾਮਲ ਹਨ।

ਵਿਦਿਆਰਥਣ ਨੂੰ ਨਿਰਵਸਤਰ ਕਰਨ 'ਤੇ ਫੁੱਟਿਆ ਗੁੱਸਾ

ਵਾਰਾਨਸੀ : ਆਈ ਆਈ ਟੀ-ਬੀ ਐੱਚ ਯੂ ਕੈਂਪਸ ਵਿਚ ਬੁੱਧਵਾਰ ਰਾਤ ਵਿਦਿਆਰਥੀ ਨਾਲ ਤੁਰੀ ਜਾ ਰਹੀ ਵਿਦਿਆਰਥਣ ਨੂੰ ਮੋਟਰਸਾਈਕਲ ਸਵਾਰਾਂ ਵੱਲੋਂ ਨਿਰਵਸਤਰ ਕਰਨ ਖਿਲਾਫ ਵੀਰਵਾਰ ਹਜ਼ਾਰਾਂ ਵਿਦਿਆਰਥੀਆਂ ਨੇ ਰਾਜਪੂਤਾਨਾ ਹੋਸਟਲ ਕੋਲ ਪ੍ਰੋਟੈੱਸਟ ਕਰਕੇ ਮੰਗ ਕੀਤੀ ਕਿ ਸੁਰੱਖਿਆ ਵਧਾਈ ਜਾਵੇ ਤੇ ਬਾਹਰਲਿਆਂ ਦਾ ਦਾਖਲਾ ਬੰਦ ਕੀਤਾ ਜਾਵੇ। ਵਿਦਿਆਰਥਣ ਨੇ ਲਿਖਾਈ ਐੱਫ ਆਈ ਆਰ ਵਿਚ ਕਿਹਾ ਹੈ ਕਿ ਉਹ ਕਰਮਨ ਬਾਬਾ ਮੰਦਰ ਕੋਲ ਸਨ, ਜਦੋਂ ਇਕ ਬੁਲੇਟ 'ਤੇ ਤਿੰਨ ਮੁੰਡੇ ਆਏ ਤੇ ਬੰਦੂਕ ਦੀ ਨੋਕ 'ਤੇ ਉਸ ਨੂੰ ਖਿੱਚ ਕੇ ਪਾਸੇ ਲੈ ਗਏ। ਉਨ੍ਹਾਂ ਜਬਰਨ ਕਿੱਸ ਕਰਨ ਦੇ ਬਾਅਦ ਉਸ ਦੇ ਕੱਪੜੇ ਉਤਰਵਾਏ ਤੇ ਵੀਡੀਓ ਬਣਾਉਣ ਲੱਗੇ। ਉਸ ਨੇ ਦੱਸਿਆ ਕਿ ਉਹ ਖਾਣਾ ਖਾਣ ਤੋਂ ਬਾਅਦ ਟਹਿਲ ਰਹੀ ਸੀ। ਉਨ੍ਹਾਂ ਉਸ ਦੇ ਦੋਸਤ ਨੂੰ ਵੀ ਕੁੱਟਿਆ।

ਫਿਜ਼ੀਓਥੈਰੇਪਿਸਟ ਜਿਨਸੀ ਸ਼ੋਸ਼ਣ ਦੇ ਦੋਸ਼ 'ਚ ਗ੍ਰਿਫਤਾਰ

ਟੋਰਾਂਟੋ : ਕੈਨੇਡਾ ਦੇ ਓਨਟਾਰੀਓ ਸੂਬੇ 'ਚ 53 ਸਾਲਾ ਭਾਰਤੀ ਮੂਲ ਦੇ ਫਿਜ਼ੀਓਥੈਰੇਪਿਸਟ ਨੂੰ ਕਲੀਨਿਕ 'ਚ ਮਹਿਲਾ ਮਰੀਜ਼ ਦਾ ਜਿਨਸੀ ਸ਼ੋਸ਼ਣ ਕਰਨ ਦੇ ਮਾਮਲੇ 'ਚ ਗ੍ਰਿਫਤਾਰ ਕਰ ਲਿਆ ਗਿਆ ਹੈ। ਇਰਾਜ ਦਾਨੇਸ਼ਵਰ ਬਾਰੇ ਪੁਲਸ ਨੂੰ 23 ਅਕਤੂਬਰ ਨੂੰ ਸ਼ਿਕਾਇਤ ਮਿਲੀ ਸੀ ਕਿ ਉਸ ਨੇ ਰਿਚਮੰਡ ਹਿੱਲ ਦੇ ਯੋਂਗ ਸਟ੍ਰੀਟ ਅਤੇ ਸੈਂਟਰ ਸਟ੍ਰੀਟ ਦੇ ਖੇਤਰ 'ਚ ਕਲੀਨਿਕ 'ਚ ਔਰਤ ਦਾ ਜਿਨਸੀ ਸ਼ੋਸ਼ਣ ਕੀਤਾ। ਪੁਲਸ ਨੇ ਦਾਨੇਸ਼ਵਰ 'ਤੇ 30 ਅਕਤੂਬਰ ਨੂੰ ਸਰੀਰਕ ਤੌਰ 'ਤੇ ਨੁਕਸਾਨ ਪਹੁੰਚਾਉਣ ਵਾਲੇ ਜਿਨਸੀ ਹਮਲੇ ਦਾ ਦੋਸ਼ ਲਗਾਇਆ ਸੀ। ਪੁਲਸ ਦਾ ਮੰਨਣਾ ਹੈ ਕਿ ਇਸ ਵਿਅਕਤੀ ਨੇ ਕਈ ਹੋਰ ਔਰਤਾਂ ਨਾਲ ਅਜਿਹਾ ਕੀਤਾ ਹੋ ਸਕਦਾ ਹੈ ਤੇ ਉਹਨਾਂ ਅਜਿਹੀ ਪੀੜਤ ਔਰਤਾਂ ਨੂੰ ਅੱਗੇ ਆਉਣ ਲਈ ਕਿਹਾ ਹੈ। ਇਸ ਸਾਲ ਅਗਸਤ 'ਚ 55 ਸਾਲਾ ਅਜੈ ਗੁਪਤਾ ਨੂੰ ਟੋਰਾਂਟੋ 'ਚ ਨੌਕਰੀ ਦੀ ਇੰਟਰਵਿਊ ਦੌਰਾਨ ਦੋ ਔਰਤਾਂ ਨਾਲ ਜਿਨਸੀ ਸ਼ੋਸ਼ਣ ਕਰਨ ਦੇ ਦੋਸ਼ 'ਚ ਗ੍ਰਿਫਤਾਰ ਕੀਤਾ ਗਿਆ ਸੀ। ਜੂਨ 'ਚ ਗੁਰਪ੍ਰਤਾਪ ਸਿੰਘ ਵਾਲੀਆ ਅਤੇ ਉਸ ਦੇ ਪੁੱਤਰ ਸੁਮਿਤ ਵਾਲੀਆ ਨੂੰ ਕੈਲਗਰੀ 'ਚ ਗ੍ਰਿਫਤਾਰ ਕੀਤਾ ਗਿਆ ਸੀ। ਇਨ੍ਹਾਂ 'ਤੇ ਕਈ ਮਹੀਨਿਆਂ ਦੌਰਾਨ ਕਈ ਕਿਸ਼ੋਰੀਆਂ ਦਾ ਜਿਨਸੀ ਸ਼ੋਸ਼ਣ ਕਰਨ ਦਾ ਦੋਸ਼ ਲੱਗਿਆ ਸੀ।

ਭਾਰਤੀ ਵਿਦਿਆਰਥੀ ਦੀ ਹਾਲਤ ਨਾਜ਼ੁਕ

ਵਾਸ਼ਿੰਗਟਨ : ਕੰਪਿਊਟਰ ਸਾਇੰਸ ਦਾ ਭਾਰਤੀ ਵਿਦਿਆਰਥੀ ਪੀ ਵਰੁਣ ਰਾਜ (24) ਕੋਮਾ 'ਚ ਚਲੇ ਗਿਆ ਹੈ। ਐਤਵਾਰ ਅਮਰੀਕਾ ਦੇ ਇੰਡੀਆਨਾ ਸੂਬੇ ਵਿਚ ਫਿਟਨੈੱਸ ਸੈਂਟਰ 'ਚ ਜੌਰਡਨ ਐਂਡਰੇਡ ਨੇ ਉਸ 'ਤੇ ਚਾਕੂ ਨਾਲ ਹਮਲਾ ਕਰ ਦਿੱਤਾ ਸੀ। ਤਿੰਨ ਦਿਨਾਂ ਦੇ ਇਲਾਜ ਤੋਂ ਬਾਅਦ ਵੀ ਵਰੁਣ ਲਾਈਫ ਸਪੋਰਟ ਸਿਸਟਮ 'ਤੇ ਹੈ। ਉਸ ਦਾ ਨਾੜੀ ਤੰਤਰ ਬੁਰੀ ਤਰ੍ਹਾਂ ਪ੍ਰਭਾਵਤ ਹੋ ਗ

3-NOV-PAGE-1.qxd 11/2/2023 8:47 PM Page 2

ਆਪ ਦਿਨੋ-ਦਿਨ ਹੋਰ ਮਜ਼ਬੂਤੀ ਵੱਲ ਵਧ ਰਹੀ : ਗੈਰੀ ਬੜਿੰਗ

ਮੰਡੀ ਗੋਬਿੰਦਗੜ੍ਹ (ਹਰਚਰਨ ਉੱਪਲ, ਲਖਵੀਰ ਸਿੰਘ)-ਆਮ ਆਦਮੀ ਪਾਰਟੀ ਨੂੰ ਉਦੋਂ ਭਰਵਾਂ ਹੁੰਗਾਰਾ ਮਿਲਿਆ ਜਦੋਂ ਪਿੰਡ ਕੋਟਲਾ ਡਡਹੇੜੀ ਤੋਂ ਗੁਰਪ੍ਰੀਤ ਸਿੰਘ ਢਿੱਲੋਂ, ਗੁਰਦੀਪ ਸਿੰਘ ਦੀਪਾ ਆਪਣੇ ਦਰਜਨਾਂ ਪਰਵਾਰਾਂ ਸਮੇਤ ਗੁਰਿੰਦਰ ਸਿੰਘ ਗੈਰੀ ਬੜਿੰਗ ਐਮ ਐਲ ਏ ਅਮਲੋਹ ਦੀ ਅਗਵਾਈ ਵਿੱਚ ਆਪ ਵਿੱਚ ਸ਼ਾਮਲ ਹੋ ਗਏ ਜਿਨ੍ਹਾਂ ਦਾ ਪਾਰਟੀ ਵਿੱਚ ਸ਼ਾਮਲ ਹੋਣ 'ਤੇ ਵਿਧਾਇਕ ਗੈਰੀ ਬੜਿੰਗ ਵੱਲੋਂ ਸਵਾਗਤ ਕੀਤਾ ਗਿਆ ਅਤੇ ਹਰ ਸਹਿਯੋਗ ਦਾ ਭਰੋਸਾ ਵੀ ਦਿੱਤਾ। ਇਸ ਮੌਕੇ ਗੱਲਬਾਤ ਕਰਦਿਆਂ ਵਿਧਾਇਕ ਗੈਰੀ ਬੜਿੰਗ ਨੇ ਕਿਹਾ ਕਿ ਆਮ ਆਦਮੀ ਪਾਰਟੀ ਦਿਨੋ ਦਿਨ ਮਜ਼ਬੂਤੀ ਵੱਲ ਵਧ ਰਹੀ ਹੈ ਅਤੇ ਲੋਕਾਂ ਦਾ ਵੱਖ ਵੱਖ ਪਾਰਟੀਆਂ ਨੂੰ ਛੱਡ ਕੇ ਆਪ ਵਿਚ ਸ਼ਾਮਿਲ ਹੋਣਾ ਇਹ ਸਾਬਤ ਕਰਦਾ ਹੈ ਕਿ ਲੋਕ ਆਪ ਸਰਕਾਰ ਦੀਆਂ ਨੀਤੀਆਂ ਤੋਂ ਖੁਸ਼ ਹਨ। ਇਸ ਮੌਕੇ ਰਣਜੀਤ ਸਿੰਘ ਪਨਾਗ, ਕਿਸ਼ੋਰ ਚੰਦ ਖੰਨਾ, ਅਮਨਿੰਦਰ ਸਿੰਘ ਗਰੇਵਾਲ, ਨਰੇਸ਼ ਸ਼ਰਮਾ, ਹਰਪ੍ਰੀਤ ਸਿੰਘ ਢਿੱਲੋਂ, ਗੁਰਜੰਟ ਸਿੰਘ, ਦਲੇਰ ਸਿੰਘ ਢਿੱਲੋਂ, ਜੋਤ ਢਿੱਲੋਂ, ਇੰਦਰਜੀਤ ਸੋਖੋਂ, ਰਾਣੀ ਕੌਰ, ਸੰਦੀਪ ਸਿੰਘ, ਬਲਦੇਵ ਸਿੰਘ, ਗੁਰਦੀਪ ਸਿੰਘ, ਅਮਰ ਸਿੰਘ, ਮੋਹਣ ਸਿੰਘ, ਤਰਸੇਮ ਸਿੰਘ, ਹਰਬੰਸ ਸਿੰਘ, ਟਹਿਲ ਰਾਮ, ਜੋਗਾ ਸਿੰਘ, ਜੀਤ ਸਿੰਘ ਪੰਚ, ਰਾਜਿੰਦਰ ਸਿੰਘ ਹਾਜ਼ਰ ਸਨ।

ਕਪਿਲ ਦੇਵ ਗੂੰਬਰ ਨੇ 20ਵੇਂ ਸਾਲਾਨਾ ਸਮਾਗਮ ਸੰਬੰਧੀ ਜਾਰੀ ਕੀਤਾ ਪੋਸਟਰ

ਜਲਾਲਾਬਾਦ (ਜੀਤ ਕੁਮਾਰ)-ਸੱਚਖੰਡ ਵਾਸੀ ਸੰਤ ਬਾਬਾ ਅਮਰਜੀਤ ਸਿੰਘ ਦੀ ਯਾਦ ਨੂੰ ਸਮਰਪਿਤ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ 11 ਗਰੀਬ ਤੇ ਬੇਸਹਾਰਾ ਲੜਕੀਆਂ ਦੇ ਸਮੂਹਿਕ ਵਿਆਹ 10 ਦਸੰਬਰ ਨੂੰ ਪਿੰਡ ਫਿਰੋਜਸ਼ਾਹ ਵਿਖੇ ਸਚੈ ਮਾਰਗਿ ਚਲਦਿਆਂ ਉਸਤਤਿ ਕਰੈ ਜਹਾਨੁ ਸੇਵਾ ਸੁਸਾਇਟੀ (ਰਜਿ.) ਪਿੰਡ ਫਿਰੋਜ਼ਸ਼ਾਹ (ਜ਼ਿਲ੍ਹਾ ਫਿਰੋਜਪੁਰ) ਵਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਕਰਵਾਏ ਜਾ ਰਹੇ ਹਨ। ਇਸ 20ਵੇਂ ਸਲਾਨਾ ਧਾਰਮਿਕ ਸਮਾਗਮ ਦੇ ਸਬੰਧ ਵਿਚ ਅੱਜ ਸਥਾਨਕ ਹਿਸਾਨ ਵਾਲਾ ਰੋਡ 'ਤੇ ਸਥਿਤ ਐਸ.ਐਸ. ਇੰਡਸਟਰੀ ਵਿਚ ਸਮਾਜ ਸੇਵਕ ਕਪਿਲ ਦੇਵ ਗੂੰਬਰ ਵੱਲੋਂ ਪੋਸਟਰ ਨੂੰ ਜਾਰੀ ਕੀਤਾ ਗਿਆ। ਇਥੇ ਪੋਸਟਰ ਜਾਰੀ ਕਰਨ ਉਪਰੰਤ ਸਮਾਜ ਸੇਵ ਕਪਿਲ ਦੇਵ ਗੂੰਬਰ ਨੇ ਕਿਹਾ ਕਿ ਮਾਨਵਤਾ ਦੀ ਸੇਵਾ ਹੀ ਸਭ ਤੋਂ ਉਤਮ ਸੇਵਾ ਹੈ ਅਤੇ ਸੇਵਾਦਾਰ ਬਾਬਾ ਹਰਜਿੰਦਰ ਸਿੰਘ ਜੋ ਪਿਛਲੇ 19 ਸਾਲਾਂ ਤੋਂ ਗਰੀਬ ਅਤੇ ਬੇਸਹਾਰਾ ਲੋੜਵੰਦ ਲੜਕੀਆਂ ਦੀਆਂ ਸ਼ਾਦੀਆਂ ਸੇਵਾ ਭਾਵਨਾ ਨਾਲ ਕਰ ਰਹੇ ਹਨ, ਇਹ ਵੀ ਇਕ ਸਭ ਤੋਂ ਉਤਮ ਸੇਵਾ ਹੈ। ਇਸ ਸਮਾਜ ਸੇਵਾ ਦੇ ਕੰਮ ਵਿਚ ਵੱਧ ਤੋਂ ਵੱਧ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਇਸ ਮੌਕੇ ਬਾਬਾ ਹਰਜਿੰਦਰ ਸਿੰਘ ਅਤੇ ਡਾ. ਓਮ ਪ੍ਰਕਾਸ਼ ਹਿਸਾਨਵਾਲਾ ਨੇ ਦੱਸਿਆ ਕਿ 11 ਲੋੜਵੰਦ ਲੜਕੀਆਂ ਦੇ ਵਿਆਹ ਕਰਵਾਉਣ ਲਈ ਹੋਣ ਵਾਲੇ ਸਲਾਨਾ ਸਮਾਗਮ ਦੀਆਂ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਹਨ। ਜਿਸ ਸਬੰਧੀ 1 ਨਵੰਬਰ ਤੋਂ 30 ਨਵੰਬਰ ਤੱਕ ਲੋੜਵੰਦ ਲੜਕੀਆਂ ਦੀ ਰਜਿਸਟ੍ਰੇਸ਼ਨ ਕੀਤੀ ਜਾਵੇਗੀ। ਇਸ ਮੌਕੇ ਮੀਡੀਆ ਸਲਾਹਕਾਰ ਸਤਨਾਮ ਸਿੰਘ ਫਲੀਆਂਵਾਲਾ (ਸਾਬਕਾ ਸਰਪੰਚ), ਡਾ. ਸ਼ੀਰਾ ਚੱਕ ਸੈਦੇਕੇ, ਸੁਰਿੰਦਰ ਜ਼ੈਲਦਾਰ, ਮਨੂੰ ਛਾਬੜਾ, ਮਨਿੰਦਰ ਸਿੰਘ ਮਰੂਤੀ, ਮਾ.ਸੁਖਵਿੰਦਰ ਸਿੰਘ ਸਰਾਗੀ, ਮਲਕੀਤ ਸਿੰਘ ਜੰਡਵਾਲਾ, ਇਕਬਾਲ ਸਿੰਘ ਨਾਹਰ ਵੀ ਮੌਜੂਦ ਸਨ।

ਵਿਧਾਇਕ ਦੇਵ ਮਾਨ ਨੇ ਮੈਹਸ ਗੇਟ ਸਿਨੇਮਾ ਰੋਡ ਦੇ ਮਾਮਲੇ ਨੂੰ ਲੈ ਕੇ ਡੀ ਸੀ ਨਾਲ ਕੀਤੀ ਮੁਲਾਕਾਤ

ਨਾਭਾ (ਵਰਿੰਦਰ ਵਰਮਾ)-ਸ਼ਹਿਰ ਨਾਭਾ ਦੇ ਮੈਹਸ ਗੇਟ ਸਿਨੇਮਾ ਰੋਡ ਦਾ ਜੋ ਕੰਮ ਪਿਛਲੇ ਲੰਬੇ ਸਮੇਂ ਤੋਂ ਰੁਕਿਆ ਹੋਇਆ ਹੈ, ਜਿਸ ਨਾਲ ਦੁਕਾਨਦਾਰਾਂ ਅਤੇ ਆਮ ਜਨਤਾ ਨੂੰ ਕਾਫੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਮਸਲੇ ਨੂੰ ਲੈ ਕੇ ਹਲਕਾ ਵਿਧਾਨ ਸਭਾ ਨਾਭਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਸਾਕਸ਼ੀ ਸਾਹਨੀ ਡਿਪਟੀ ਕਮਿਸ਼ਨਰ ਪਟਿਆਲਾ ਅਤੇ ਏ ਡੀ ਸੀ ਨਵਰੀਤ ਕੌਰ ਸੇਖੋਂ ਨਾਲ ਮੀਟਿੰਗ ਕੀਤੀ। ਜਿਸ ਵਿੱਚ ਪੂਰੇ ਮਸਲੇ ਦੀ ਘੋਖ ਪੜਤਾਲ ਕੀਤੀ ਗਈ। ਡੀ ਸੀ ਨੇ ਕਿਹਾ ਕਿ ਅਸੀਂ ਬਹੁਤ ਜਲਦ ਇਸ ਦੀ ਜਾਂਚ ਪੂਰੀ ਕਰਕੇ ਇਸ ਰੁਕੇ ਹੋਏ ਕੰਮ ਨੂੰ ਸ਼ੁਰੂ ਕੀਤਾ ਜਾਵੇਗਾ। ਇਸ ਮੀਟਿੰਗ ਵਿੱਚ ਠੇਕੇਦਾਰ ਅਮਨ ਗੁਪਤਾ ਤੇ ਹੋਏ ਗਲਤ ਪਰਚੇ ਅਤੇ ਜੁਰਮਾਨੇ ਬਾਰੇ ਵੀ ਚਰਚਾ ਕੀਤੀ ਗਈ। ਵਿਧਾਇਕ ਦੇਵ ਮਾਨ ਨੇ ਦੁਕਾਨਦਾਰ ਨਾਲ ਮੁਲਾਕਾਤ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਦੱਸਿਆ ਕਿ ਉਨ੍ਹਾਂ ਨੂੰ ਹਲਕਾ ਨਾਭਾ ਦੇ ਲੋਕਾਂ ਨੇ ਬਹੁਤ ਵੱਡੀ ਗਿਣਤੀ ਵਿੱਚ ਵੋਟਾਂ ਪਾ ਕੇ ਐਮ ਐਲ ਏ ਬਣਾਇਆ ਹੈ। ਉਹ ਆਪਣਾ ਫਰਜ਼ ਸਮਝਦੇ ਹੋਏ ਪਹਿਲਾਂ ਧਰਨੇ ਵਿੱਚ ਵੀ ਇਹ ਗੱਲ ਕਹੀ ਸੀ, ਜੋ ਕਾਨੂੰਨ ਮੁਤਾਬਕ ਸਹੀ ਕੰਮ ਹੈ ਉਹ ਕੀਤਾ ਜਾਵੇ, ਜੇਕਰ ਕਿਸੇ ਵਿਅਕਤੀ ਨੇ ਕੋਈ ਕੰਮ ਗਲਤ ਕੀਤਾ ਹੈ ਤਾਂ ਉਸ ਖਿਲਾਫ ਕਾਰਵਾਈ ਕੀਤੀ ਜਾਵੇ। ਉਹ ਹੁਣ ਵੀ ਇਸ ਗੱਲ ਤੇ ਸਪੱਸ਼ਟ ਹਨ ਉਹਨਾਂ ਦੱਸਿਆ ਕਿ ਬਹੁਤ ਜਲਦ ਇਸ ਮਸਲੇ ਦਾ ਹੱਲ ਕਰਕੇ ਸੜਕ ਦਾ ਉਦਘਾਟਨ ਕਰਕੇ ਕੰਮ ਸ਼ੁਰੂ ਕੀਤਾ ਜਾਵੇਗਾ। ਵਿਧਾਇਕ ਦੇਵ ਮਾਨ ਨੇ ਦੱਸਿਆ ਕਿ ਡੀ ਸੀ ਨਾਲ ਸੀਵਰੇਜ ਟ੍ਰੀਟਮੈਂਟ ਪਲਾਂਟ ਦੇ ਉਦਘਾਟਨ ਸੰਬੰਧੀ ਵੀ ਗੱਲਬਾਤ ਕੀਤੀ ਗਈ ਹੈ। ਇਸ ਮੌਕੇ ਉਨ੍ਹਾਂ ਨਾਲ ਅਮਨ ਗੁਪਤਾ ਪ੍ਰਧਾਨ ਗਊਸ਼ਾਲਾ ਨਾਭਾ, ਮੋਹਿਤ ਸਿੰਗਲਾ ਅੰਬਾ ਟੈਕਸਟਾਇਲ, ਗੁਰਮੀਤ ਸਿੰਘ, ਪਿੰਕੀ ਢੀਡਰਾਂ, ਰਮਨ ਗਾਰਮੈਂਟਸ, ਹੈਪੀ ਦੱਤ ਕੁਲੈਕਸ਼ਨ, ਕ੍ਰਿਸ਼ਨ ਗੋਪਾਲ ਬੀ ਐਫ ਸੀ ਰੈਸਟੋਰੈਂਟ, ਮਣੀ ਲੱਕੀ ਜਵੈਲਰ, ਨੁਕੇਸ਼ ਭਾਰਤ ਸਵੀਟਸ, ਮੋਹਨ ਲਾਲ ਮੋਟਰਾਂ ਵਾਲੇ, ਮੋਹਨ ਲਾਲ ਫਰਨੀਚਰ ਵਾਲੇ, ਵਿਜੇ ਚਾਹ ਵਾਲਾ, ਮਨੋਜ ਗਰਗ ਭੜੋ ਵਾਲੇ, ਕੈਰੋ ਕੱਪੜੇ ਵਾਲਾ ਤੇ ਹੋਰ ਦੁਕਾਨਦਾਰ ਮੌਜੂਦ ਸਨ।

ਵਾਤਾਵਰਣ ਦੀ ਸ਼ੁੱਧਤਾ ਲਈ ਸ਼ਹਿਰ 'ਚ ਵੱਖ-ਵੱਖ ਪੌਦੇ ਲਗਾਏ

ਬਾਘਾ ਪੁਰਾਣਾ (ਮਨੀ ਸਿੰਗਲਾ)-ਸਮਾਜ ਸੇਵਾ ਵੱਡਾ ਨਾਮ ਕਮਾਉਣ ਵਾਲੀ ਸੰਸਥਾ ਲਾਈਫ ਲਾਈਨ ਵੈੱਲਫੇਅਰ ਕਲੱਬ ਸਮੇਂ-ਸਮੇਂ 'ਤੇ ਸਮਾਜ ਸੇਵੀ ਕੰਮਾਂ ਵਿਚ ਅਹਿਮ ਰੋਲ ਨਿਭਾ ਰਹੀ ਹੈ। ਇਸ ਤਹਿਤ ਹੀ ਵਾਤਾਵਰਣ ਨੂੰ ਪ੍ਰੇਮ ਕਰਨ ਵਾਲੇ ਅਤੇ ਦਿਨੋਂ ਦਿਨ ਪ੍ਰਦੂਸ਼ਣ ਕਾਰਣ ਹੁੰਦਲੇ ਹੋ ਰਹੇ ਵਾਤਾਵਰਣ ਨੂੰ ਬਚਾਉਣ ਲਈ ਲਾਈਫ ਲਾਈਨ ਵੈੱਲਫੇਅਰ ਕਲੱਬ ਦੇ ਅਹੁਦੇਦਾਰਾਂ ਨੇ ਵੱਡਾ ਉਪਰਾਲਾ ਕਰਦਿਆਂ ਸਥਾਨਕ ਸ਼ਹਿਰ ਵਿਚ ਵੱਖ-ਵੱਖ ਤਰ੍ਹਾਂ ਦੇ ਪੌਦੇ ਲਗਾਏ ਗਏ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੰਸਥਾ ਦੇ ਅਹੁਦੇਦਾਰ ਲੱਕੀ ਕੁਕਰੇਜਾ, ਰਮਨ ਅਰੋੜਾ, ਵਿਜੇ ਮਿੱਤਲ, ਵਿੱਕੀ ਅਤੇ ਗਰੀਨਰੀ ਟੀਮ ਦੇ ਮੁੱਖ ਆਗੂ ਸੁਰੇਸ਼ ਕੁਮਾਰ ਗੋਇਲ, ਹੇਮਰਾਜ ਫਰੰਡ, ਤੀਰਥ ਬਾਂਸਲ, ਜਤਿਨ ਗੋਇਲ, ਤੀਰਥ ਰਾਮ, ਅਮਨ ਕੁਮਾਰ, ਦਵਿੰਦਰ ਕੁਮਾਰ, ਤਰੁਣ ਮਿੱਤਲ, ਬੀਰਬਲ ਸ਼ਰਮਾ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਵਾਤਾਵਰਨ ਦੀ ਸ਼ੁੱਧਤਾ ਲਈ ਮੁੱਦਕੀ ਰੋਡ 'ਤੇ 40 ਪੌਦੇ ਲਗਾਏ ਗਏ। ਉਨ੍ਹਾਂ ਕਿਹਾ ਕਿ ਵਾਤਾਵਰਣ ਨੂੰ ਬਚਾਉਣ ਲਈ ਹਰ ਇਕ ਨੂੰ ਇਕ ਇਕ ਪੌਦਾ ਲਗਾਉਣ ਦੇ ਨਾਲ ਨਾਲ ਉਨ੍ਹਾਂ ਦੀ ਸਾਂਭ ਸੰਭਾਲ ਨੂੰ ਵੀ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਪੌਦੇ ਲਗਾਉਣ ਦਾ ਤਾਂ ਹੀ ਫਾਇਦਾ ਹੈ ਜੇਕਰ ਅਸੀਂ ਉਸ ਦੀ ਦਰੱਖਤ ਬਣਨ ਤੱਕ ਸਾਂਭ ਸੰਭਾਲ ਕਰੀਏ। ਇਸ ਮੌਕੇ ਕਲੱਬ ਦੇ ਅਹੁਦੇਦਾਰ ਰਮਨਦੀਪ ਅਰੋੜਾ, ਦਵਿੰਦਰ ਬੱਲੂ ਨੇ ਕਿਹਾ ਵਾਤਾਵਰਨ ਦੀ ਸ਼ੁੱਧਤਾ ਲਈ ਹਰੇਕ ਮਨੁੱਖ ਇਕ ਰੁੱਖ ਜ਼ਰੂਰ ਲਗਾਵੇ ਕਿਉਂਕਿ ਦਰੱਖਤ ਘੱਟ ਹੋਣ ਕਰ ਕੇ ਆਕਸੀਜਨ ਵੀ ਘੱਟਦੀ ਹੈ। ਸਾਨੂੰ ਸ਼ੁੱਧ ਹਵਾ ਨਹੀਂ ਮਿਲਦੀ, ਜਿਸ ਕਰ ਕੇ ਬਿਮਾਰੀਆਂ ਫੈਲਣ ਦਾ ਡਰ ਬਣਿਆ ਰਹਿੰਦਾ ਹੈ। ਇਸ ਲਈ ਵੱਧ ਤੋਂ ਵੱਧ ਪੌਦੇ ਲਗਾਓ ਅਤੇ ਉਸ ਦੀ ਦੇਖ ਭਾਲ ਕਰੋ, ਅਪਣਾ ਆਲਾ-ਦੁਆਲਾ ਸਾਫ਼ ਰੱਖੋ ਅਤੇ ਕਿਤੇ ਵੀ ਗੰਦਾ ਪਾਣੀ ਨਾ ਖੜਨ ਦਿਉ। ਉਨ੍ਹਾਂ ਕਿਹਾ ਕਿ ਕਲੱਬ ਵੱਲੋਂ ਸਮੇਂ-ਸਮੇਂ ਸਿਰ ਵਾਤਾਵਰਨ ਦੀ ਸ਼ੁੱਧਤਾ ਲਈ ਪੌਦੇ ਲਗਾਏ ਜਾਂਦੇ ਹਨ ਤੇ ਬਾਜ਼ਾਰਾਂ ਵਿੱਚ ਕੈਂਪ ਲਗਾਕੇ ਹਜ਼ਾਰਾਂ ਪੌਦੇ ਮੁਫ਼ਤ ਵੰਡੇ ਜਾ ਰਹੇ ਹਨ।

ਖੇਡਾਂ ਵਤਨ ਪੰਜਾਬ ਦੀਆਂ 'ਚ ਰੱਤੋਕੇ ਸਕੂਲ ਨੇ ਜਿੱਤਿਆ ਪਹਿਲਾ ਸਥਾਨ

ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ/ਕੁਲਦੀਪ ਅੱਤਰੀ)-ਪੰਜਾਬ ਸਰਕਾਰ ਵੱਲੋਂ ਖੇਡਾਂ ਨੂੰ ਪ੍ਰਫੁੱਲਿਤ ਕਰਨ ਲਈ ਖੇਡਾਂ ਵਤਨ ਪੰਜਾਬ ਦੀਆ ਬੜੇ ਜ਼ੋਰ ਸ਼ੋਰ ਨਾਲ ਕਰਵਾਈਆਂ ਜਾ ਰਹੀਆਂ ਹਨ। ਰੱਤੋਕੇ ਸਕੂਲ ਦੀ ਖੋ-ਖੋ ਅੰਡਰ-14 ਲੜਕਿਆਂ ਦੀ ਟੀਮ ਜੋ ਜ਼ਿਲ੍ਹਾ ਸੰਗਰੂਰ ਵਿਚੋਂ ਜੇਤੂ ਰਹੀ ਸੀ, ਦੇ ਛੇ ਖਿਡਾਰੀ ਰਾਜ ਪੱਧਰੀ ਖੇਡਾਂ ਲਈ ਚੁਣੇ ਗਏ ਸਨ, ਉਸ ਟੀਮ ਨੇ ਪਟਿਆਲਾ ਵਿੱਚ ਹੋਏ ਰਾਜ ਪੱਧਰੀ ਮੁਕਾਬਲਿਆਂ ਵਿੱਚ ਬਹੁਤ ਸ਼ਾਨਦਾਰ ਪ੍ਰਦਰਸ਼ਨ ਕੀਤਾ ਅਤੇ ਪੂਰੇ ਪੰਜਾਬ ਵਿਚੋਂ ਪਹਿਲਾ ਸਥਾਨ ਹਾਸਲ ਕੀਤਾ। ਸਰਕਾਰੀ ਐਲੀਮੈਂਟਰੀ ਸਕੂਲ ਰੱਤੋਕੇ ਦੇ ਸਾਰੇ ਖਿਡਾਰੀਆਂ ਦਾ ਪ੍ਰਦਰਸ਼ਨ ਬਹੁਤ ਹੀ ਵਧੀਆ ਰਿਹਾ ਜਿਸ ਵਿੱਚ ਹਰਮਨਪ੍ਰੀਤ, ਸਾਹਿਲਪ੍ਰੀਤ, ਜਗਸੀਰ ਸਿੰਘ, ਅਰਮਾਨਦੀਪ, ਖੁਸ਼ਕੀਰਤ ਪਾਲ ਅਤੇ ਅਰਮਾਨਜੋਤ ਦੀ ਖੇਡ ਦੀ ਦਰਸ਼ਕਾਂ ਨੇ ਰੱਜ ਕੇ ਤਾਰੀਫ ਕੀਤੀ ਅਤੇ ਪੂਰੇ ਪੰਜਾਬ ਤੋਂ ਆਈਆਂ ਬਹੁਤ ਹੀ ਮਜ਼ਬੂਤ ਟੀਮਾਂ ਨਾਲ ਲੋਹਾ ਲੈਂਦਿਆਂ ਸੰਗਰੂਰ ਦੀ ਲੜਕਿਆਂ ਦੀ ਖੋ-ਖੋ ਟੀਮ ਨੇ ਪੂਰੇ ਰਾਜ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ। ਸਕੂਲ ਪਹੁੰਚਣ 'ਤੇ ਪਿੰਡ ਦੀ ਪੰਚਾਇਤ, ਨਗਰ ਨਿਵਾਸੀਆਂ ਅਤੇ ਸਕੂਲ ਸਟਾਫ ਵਲੋਂ ਖਿਡਾਰੀਆਂ, ਟੀਮ ਕੋਚ ਅੰਮ੍ਰਿਤਪਾਲ ਸਿੰਘ, ਸਹਾਇਕ ਕੋਚ ਸਾਹਿਲਪ੍ਰੀਤ ਸਿੰਘ ਅਤੇ ਟੀਮ ਇੰਚਾਰਜ ਸੁਖਪਾਲ ਸਿੰਘ ਦਾ ਭਰਵਾਂ ਸਵਾਗਤ ਕੀਤਾ ਗਿਆ। ਜਿੱਤ ਦੀ ਖਬਰ ਮਿਲਦੇ ਹੀ ਢੋਲ-ਢਮਕਿਆਂ ਨਾਲ ਜੇਤੂ ਖਿਡਾਰੀਆਂ, ਕੋਚ ਅੰਮ੍ਰਿਤਪਾਲ ਸਿੰਘ, ਸਹਾਇਕ ਕੋਚ ਸਾਹਿਲਪ੍ਰੀਤ ਸਿੰਘ ਅਤੇ ਸੁਖਪਾਲ ਸਿੰਘ ਦਾ ਸਵਾਗਤ ਕੀਤਾ ਗਿਆ। ਪਿੰਡ ਦੀਆਂ ਗਲੀਆਂ ਵਿੱਚੋਂ ਜੇਤੂ ਰੈਲੀ ਕੱਢੀ ਗਈ। ਇਸ ਮੌਕੇ ਸਰਪੰਚ ਕੁਲਦੀਪ ਕੌਰ, ਗਿਆਨ ਸਿੰਘ ਭੁੱਲਰ ਅਤੇ ਬਲਜੀਤ ਬੱਲੀ ਨੇ ਜਿੱਥੇ ਖਿਡਾਰੀਆਂ ਦੇ ਮਾਪਿਆਂ ਨੂੰ ਵਧਾਈ ਦਿੱਤੀ, ਓਥੇ ਹੀ ਜਿੱਤ ਦਾ ਪੂਰਾ ਸਿਹਰਾ ਖਿਡਾਰੀਆਂ ਦੀ ਸਖਤ ਮਿਹਨਤ ਅਤੇ ਕੋਚ ਅੰਮ੍ਰਿਤਪਾਲ ਸਿੰਘ ਦੀ ਯੋਗ ਅਗਵਾਈ ਨੂੰ ਦਿੱਤਾ।

ਭਾਜਪਾ ਜੁਮਲਾ ਪਾਰਟੀ, ਐੱਮ ਪੀ 'ਚ ਬਦਲਾਅ ਦਾ ਸਮਾਂ ਆ ਗਿਆ : ਮਾਨ

ਮੱਧ ਪ੍ਰਦੇਸ਼ : ਆਮ ਆਦਮੀ ਪਾਰਟੀ (ਆਪ) ਦੇ ਕੌਮੀ ਕਨਵੀਨਰ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਵੀਰਵਾਰ ਨੂੰ ਮੱਧ ਪ੍ਰਦੇਸ ਦੇ ਸਿੰਗਰੌਲੀ ਜ਼ਿਲ੍ਹੇ ਵਿੱਚ ਰੋਡ ਸ਼ੋਅ ਕੀਤਾ ਅਤੇ ਮੱਧ ਪ੍ਰਦੇਸ਼ ਦੀਆਂ ਆਗਾਮੀ ਵਿਧਾਨ ਸਭਾ ਚੋਣਾਂ ਲਈ 'ਆਪ' ਉਮੀਦਵਾਰਾਂ ਲਈ ਚੋਣ ਪ੍ਰਚਾਰ ਕੀਤਾ। ਰੋਡ ਸ਼ੋਅ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਭਗਵੰਤ ਮਾਨ ਨੇ ਮੱਧ ਪ੍ਰਦੇਸ਼ ਦੇ ਲੋਕਾਂ ਨੂੰ ਸੂਬੇ ਵਿੱਚ ਆਮ ਆਦਮੀ ਪਾਰਟੀ ਦੀ ਇਮਾਨਦਾਰ ਸਰਕਾਰ ਚੁਣਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਦਿੱਲੀ ਅਤੇ ਪੰਜਾਬ ਵਾਂਗ 'ਆਪ' ਦੀ ਸਰਕਾਰ ਚੁਣੋ ਅਤੇ ਤੁਹਾਨੂੰ ਮੁਫਤ ਬਿਜਲੀ, ਸਿੱਖਿਆ ਅਤੇ ਸਿਹਤ ਸਹੂਲਤਾਂ ਮਿਲਣਗੀਆਂ। ਮਾਨ ਨੇ ਕਿਹਾ ਕਿ ਅੱਜ ਪੰਜਾਬ ਦੇ 90% ਘਰਾਂ ਨੂੰ ਜੀਰੋ ਬਿਜਲੀ ਦਾ ਬਿੱਲ ਆਉਂਦਾ ਹੈ। ਐਮ ਪੀ ਕੋਲ ਕੋਲੇ ਅਤੇ ਬਿਜਲੀ ਦੇ ਪਲਾਂਟ ਹਨ ਪਰ ਫਿਰ ਵੀ ਇੱਥੋਂ ਦੇ ਲੋਕਾਂ ਨੂੰ ਬਿਜਲੀ ਨਹੀਂ ਮਿਲ ਰਹੀ ਪਰ ਸੂਬੇ ਵਿੱਚ 'ਆਪ' ਦੀ ਸਰਕਾਰ ਬਣਨ ਨਾਲ ਇਹ ਬਦਲ ਜਾਵੇਗਾ। ਮਾਨ ਨੇ ਅੱਗੇ ਕਿਹਾ ਕਿ ਆਮ ਆਦਮੀ ਪਾਰਟੀ ਦੇਸ਼ ਦੀ ਸਭ ਤੋਂ ਤੇਜੀ ਨਾਲ ਵਿਕਾਸ ਕਰਨ ਵਾਲੀ ਅਤੇ ਹਰਮਨਪਿਆਰੀ ਪਾਰਟੀ ਹੈ। ਇਸ ਨਾਲ ਵਿਰੋਧੀ ਪਾਰਟੀਆਂ ਬੇਚੈਨ ਹਨ, ਇਸੇ ਲਈ ਉਹ ਅਰਵਿੰਦ ਕੇਜਰੀਵਾਲ ਨੂੰ ਰੋਕਣਾ ਚਾਹੁੰਦੇ ਹਨ, ਉਹ ਸਾਨੂੰ ਰੋਕਣਾ ਚਾਹੁੰਦੇ ਹਨ, ਉਹ ਚਾਹੁੰਦੇ ਹਨ ਕਿ ਅਸੀਂ ਜਨਤਾ ਦੀ ਭਲਾਈ ਲਈ ਕੰਮ ਕਰਨਾ ਬੰਦ ਕਰ ਦੇਈਏ, ਪਰ ਉਹ ਸਾਨੂੰ ਰੋਕ ਨਹੀਂ ਸਕਣਗੇ। ਉਨ੍ਹਾਂ ਕਿਹਾ ਕਿ ਅਰਵਿੰਦ ਕੇਜਰੀਵਾਲ ਇੱਕ ਸੋਚ, ਕ੍ਰਾਂਤੀ ਹੈ, ਜਿਸ ਨੂੰ ਉਹ ਰੋਕ ਨਹੀਂ ਸਕਣਗੇ। ਮਾਨ ਨੇ ਕਿਹਾ ਕਿ ਉਨ੍ਹਾਂ ਨੇ ਸੰਜੇ ਸਿੰਘ ਨੂੰ ਇਸ ਲਈ ਗ੍ਰਿਫਤਾਰ ਕੀਤਾ ਕਿਉਂਕਿ ਉਨਾਂ ਨੇ ਅਡਾਨੀ ਅਤੇ ਮੋਦੀ ਸਰਕਾਰ ਖਿਲਾਫ ਆਵਾਜ ਉਠਾਈ ਸੀ।

ਉਨ੍ਹਾਂ ਨੇ ਦਿੱਲੀ ਵਿੱਚ ਸਿਹਤ ਅਤੇ ਸਿੱਖਿਆ ਕ੍ਰਾਂਤੀ ਲਿਆ

3-Nov-PAGE-3.qxd 11/2/2023 10:47 PM Page 1

ਨੌਜਵਾਨਾਂ ਦੀ ਵਿਦੇਸ਼ਾਂ ਨੂੰ ਲਗਾਤਾਰ ਹਿਜਰਤ ਭਵਿੱਖ ਲਈ ਖਤਰਨਾਕ : ਡਾ. ਮਨਮੋਹਨ ਸਿੰਘ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)

ਪੰਜਾਬੀ ਭਾਸ਼ਾ ਦੇ ਉੱਘੇ ਚਿੰਤਕ ਡਾ. ਮਨਮੋਹਨ ਸਿੰਘ ਨੇ ਪੰਜਾਬੀ ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਦੀ ਸੰਰਚਨਾ ਨੂੰ ਇਤਿਹਾਸਕ ਪ੍ਰੀਪੇਖ ਤੋਂ ਸਮਝਾਉਂਦਿਆਂ ਭਵਿੱਖ ਵਿੱਚ ਆਉਣ ਵਾਲੀਆਂ ਚੁਣੌਤੀਆਂ ਦੇ ਨਾਲ ਸਮਾਜ ਨੂੰ ਘੁਣ ਵਾਂਗ ਲੱਗੀਆਂ 6 ਬਿਮਾਰੀਆਂ ਤੋਂ ਜਾਣੂ ਕਰਵਾਇਆ। ਉਹ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਪੰਜਾਬੀ ਅਧਿਐਨ ਸਕੂਲ ਵੱਲੋਂ ਪੰਜਾਬ ਦਿਵਸ ਮੌਕੇ ਉਪ-ਕੁਲਪਤੀ ਪ੍ਰੋਫ਼ੈਸਰ ਜਸਪਾਲ ਸਿੰਘ ਸੰਧੂ ਦੀ ਸਰਪ੍ਰਸਤੀ ਹੇਠ ਅਤੇ ਪੰਜਾਬੀ ਅਧਿਐਨ ਸਕੂਲ ਦੇ ਮੁਖੀ ਡਾ. ਮਨਜਿੰਦਰ ਸਿੰਘ ਦੀ ਸੁਯੋਗ ਅਗਵਾਈ ਅਧੀਨ ਪੰਜਾਬੀ ਮਾਹ ਦੇ ਅੰਤਰਗਤ "ਪੰਜਾਬ ਦਿਵਸ : ਮਹੱਤਵ ਅਤੇ ਪ੍ਰਸੰਗਿਕਤਾ" ਵਿਸ਼ੇ ਉੱਤੇ ਡਾ. ਪਰਮਜੀਤ ਸਿੰਘ ਵਾਲੀਆ ਯਾਦਗਾਰੀ ਭਾਸ਼ਣ ਦੇ ਆਯੋਜਨ ਦੌਰਾਨ ਪ੍ਰਮੁੱਖ ਵਕਤਾ ਦੇ ਤੌਰ 'ਤੇ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਪੰਜਾਬ ਦੀ ਭੂਗੋਲਿਕਤਾ ਅਤੇ ਇਤਿਹਾਸਿਕਤਾ ਇਕ ਦੂਸਰੇ ਨਾਲ ਜਟਿਲ ਸੰਬੰਧਾਂ ਵਿੱਚ ਬੱਝੇ ਹੋਏ ਹਨ। ਇਸਨੂੰ ਬਸਤੀਵਾਦੀ ਨਿਜ਼ਾਮ ਦੇ ਵਰਗ ਵੰਡ ਦੇ ਸਿਧਾਂਤ ਦੇ ਪ੍ਰਸੰਗ ਵਿੱਚ ਸਮਝਣਾ ਜ਼ਰੂਰੀ ਹੈ। ਉਨ੍ਹਾਂ ਦੱਸਿਆ ਕਿ ਦੋ-ਕੌਮੀ ਸਿਧਾਂਤ ਇਸਦੀ ਪ੍ਰਮੁੱਖ ਮਿਸਾਲ ਹੈ ਪ੍ਰੰਤੂ ਇਸਦੇ ਬਾਵਜੂਦ ਭਾਸ਼ਾ ਅਤੇ ਸਭਿਆਚਾਰ ਨੂੰ ਵਿਭਾਜਿਤ ਕਰਨਾ ਮੁਮਕਿਨ ਨਹੀਂ ਹੈ। ਉਨ੍ਹਾਂ ਪੰਜਾਬੀ ਸੱਭਿਆਚਾਰ ਦੀਆਂ ਸਮੱਸਿਆਵਾਂ ਵੱਲ ਇਸ਼ਾਰਾ ਕਰਦੇ ਹੋਏ ਦਿਖਾਵਾ, ਕਰਜ਼ਾ, ਨਸ਼ਾ, ਪਾਣੀ ਦੀ ਘਾਟ, ਜ਼ਮੀਨ ਦਾ ਬੰਜਰ ਹੋਣਾ ਅਤੇ ਨੌਜਵਾਨਾਂ ਦੇ ਵਿਦੇਸ਼ ਜਾਣ ਦੇ ਰੁਝਾਨ ਦਾ ਜ਼ਿਕਰ ਵੀ ਕੀਤਾ। ਪ੍ਰੋ. ਸਰਬਜੋਤ ਸਿੰਘ ਬਹਿਲ, ਮੁਖੀ, ਅਰਕੀਟੈਕਚਰ ਵਿਭਾਗ ਨੇ ਇਸ ਸਮਾਗਮ ਦੀ ਪ੍ਰਧਾਨਗੀ ਕਰਦਿਆਂ ਕਿਹਾ ਕਿ ਪੰਜਾਬ ਦਿਵਸ ਦੇ ਸੰਕਲਪ ਨੂੰ ਵਿਸਥਾਰ ਪ੍ਰਦਾਨ ਕਰਕੇ ਪੰਜਾਬੀਅਤ ਦੇ ਸੰਕਲਪ ਤੱਕ ਪਹੁੰਚਾਉਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ। ਸਮਾਗਮ ਦੇ ਆਰੰਭ ਵਿਚ ਵਿਭਾਗ ਦੇ ਮੁਖੀ ਡਾ. ਮਨਜਿੰਦਰ ਸਿੰਘ ਨੇ ਡਾ. ਮਨਮੋਹਨ ਸਿੰਘ ਅਤੇ ਆਏ ਹੋਏ ਮਹਿਮਾਨਾਂ ਦਾ ਰਸਮੀ ਸਵਾਗਤ ਕੀਤਾ ਅਤੇ ਪੰਜਾਬ ਦਿਵਸ ਉੱਪਰ ਰੌਸ਼ਨੀ ਪਾਉਂਦਿਆਂ ਕਿਹਾ ਕਿ ਵਰਤਮਾਨ ਸਮੇਂ ਵਿੱਚ ਪੰਜਾਬ ਦੇ ਸੰਕਲਪ ਦੇ ਭੂਗੋਲਿਕ, ਮਾਨਸਿਕ ਅਤੇ ਭਾਸ਼ਾਈ ਖੇਤਰ ਦੇ ਵਿਸ਼ਲੇਸ਼ਣ ਤੇ ਬਲ ਦੇਣ ਦੀ ਜ਼ਰੂਰਤ ਹੈ। ਪ੍ਰੋਗਰਾਮ ਦੇ ਅੰਤ ਵਿੱਚ ਵਿਭਾਗ ਦੇ ਸਹਾਇਕ ਪ੍ਰੋਫ਼ੈਸਰ ਡਾ. ਮੇਘਾ ਸਲਵਾਨ ਨੇ ਡਾ. ਮਨਮੋਹਨ ਸਿੰਘ ਅਤੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ। ਮੰਚ ਸੰਚਾਲਨ ਦੀ ਭੂਮਿਕਾ ਡਾ. ਬਲਜੀਤ ਰਿਆੜ ਨੇ ਬਾਖੂਬੀ ਨਿਭਾਈ। ਇਸ ਸਮਾਗਮ ਵਿਚ ਪੰਜਾਬੀ ਸਾਹਿਤ ਜਗਤ ਦੀਆਂ ਪ੍ਰਸਿੱਧ ਸ਼ਖ਼ਸੀਅਤਾਂ ਅਰਤਿੰਦਰ ਸੰਧੂ, ਦੀਪ ਦਵਿੰਦਰ, ਪ੍ਰਵੀਨ ਪੁਰੀ, ਸ਼ਾਇਰ ਮਲਵਿੰਦਰ, ਹਰਮੀਤ ਆਰਟਿਸਟ, ਡਾ. ਹਰਸਿਮਰਨ ਕੌਰ, ਡਾ. ਜਗਜੀਤ ਕੌਰ ਜੌਲੀ, ਹਿੰਦੀ ਵਿਭਾਗ ਦੇ ਮੁਖੀ ਡਾ. ਸੁਨੀਲ ਕੁਮਾਰ ਆਦਿ ਨੇ ਸ਼ਿਰਕਤ ਕੀਤੀ। ਇਸ ਸਮੇਂ ਡਾ. ਹਰਿੰਦਰ ਸੋਹਲ, ਡਾ. ਚੰਦਨਪ੍ਰੀਤ ਸਿੰਘ, ਡਾ. ਕੰਵਲਦੀਪ ਕੌਰ, ਡਾ. ਇੰਦਰਪ੍ਰੀਤ ਕੌਰ, ਡਾ. ਪਵਨ ਕੁਮਾਰ, ਡਾ. ਜਸਪਾਲ ਸਿੰਘ, ਡਾ. ਹਰਿੰਦਰ ਸਿੰਘ ਤੁੜ, ਡਾ. ਅਸ਼ੋਕ ਭਗਤ, ਡਾ. ਅੰਜੂ ਬਾਲਾ ਅਤੇ ਵੱਡੀ ਗਿਣਤੀ ਵਿਚ ਖੋਜ-ਵਿਦਿਆਰਥੀ ਅਤੇ ਵਿਦਿਆਰਥੀ ਹਾਜ਼ਰ ਸਨ।

'ਸਾਡੇ ਬਜ਼ੁਰਗ ਸਾਡਾ ਮਾਣ' ਮੁਹਿੰਮ ਤਹਿਤ ਸਿਹਤ ਸੰਸਥਾਵਾਂ ਵਿਖੇ ਲਗਾਇਆ ਸਿਹਤ ਚੈੱਕਅੱਪ ਕੈਂਪ

ਗੁਰਦਾਸਪੁਰ, (ਜਨਕ ਮਹਾਜਨ)- ਡਿਪਟੀ ਕਮਿਸ਼ਨਰ ਗੁਰਦਾਸਪੁਰ ਡਾ. ਹਿਮਾਂਸ਼ੂ ਅੱਗਰਵਾਲ ਅਤੇ ਸਿਵਲ ਸਰਜਨ ਗੁਰਦਾਸਪੁਰ ਡਾ. ਹਰਭਜਨ ਰਾਮ ਮਾਂਡੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫਸਰ ਡਾ. ਅਨੀਤਾ ਗੁਪਤਾ ਦੀ ਯੋਗ ਅਗਵਾਈ ਹੇਠ ਬਲਾਕ ਰਣਜੀਤ ਬਾਗ਼ ਅਧੀਨ ਆਉਂਦੇ ਵੱਖ ਵੱਖ ਸਿਹਤ ਸੰਸਥਾਵਾਂ ਵਿਖੇ ਬਜ਼ੁਰਗਾਂ ਦੀ ਸਿਹਤ ਸੰਭਾਲ ਲਈ ਚੈੱਕਅਪ ਕੈਂਪ ਲਗਾਇਆ ਗਿਆ ਜਿਸ ਵਿਚ ਉਨ੍ਹਾਂ ਨੂੰ ਮੌਕੇ ਤੇ ਸਿਹਤ ਸੁਵਿਧਾਵਾਂ ਪ੍ਰਦਾਨ ਕੀਤੀਆਂ ਗਈਆਂ। ਐਸ. ਐਮ. ਓ. ਡਾ. ਅਨੀਤਾ ਨੇ ਦੱਸਿਆ ਕਿ ਸਾਡੇ ਬਜ਼ੁਰਗ ਸਾਡਾ ਮਾਣ ਮੁਹਿੰਮ ਤਹਿਤ ਜ਼ਿਲ੍ਹਾ ਗੁਰਦਾਸਪੁਰ ਦੇ ਸਿਹਤ ਕੇਂਦਰਾਂ ਵਿਖੇ ਪਹਿਲੀ ਨਵੰਬਰ ਨੂੰ ਇਕ ਥਾਂ 'ਤੇ ਬਜ਼ੁਰਗ ਨਾਗਰਿਕਾਂ ਨੂੰ ਸਿਹਤ ਸਬੰਧੀ ਚੈਕਅਪ ਕੈਂਪ ਲਗਾਏ ਗਏ ਜਿਸ ਵਿਚ ਸੀਨੀਅਰ ਸਿਟੀਜ਼ਨ ਦਾ ਬਲੱਡ ਪ੍ਰੈਸ਼ਰ ਚੈੱਕਅਪ, ਸ਼ੂਗਰ ਚੈੱਕਅਪ, ਜਨਰਲ ਚੈਕਅਪ ਅਤੇ ਜਾਗਰੂਕਤਾ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਵਿਚ ਉਨ੍ਹਾਂ ਨੂੰ ਵਿਭਿੰਨ ਬਿਮਾਰੀਆਂ ਦੇ ਹੋਣ ਦੇ ਕਾਰਨ, ਸਾਵਧਾਨੀਆਂ ਅਤੇ ਇਲਾਜ ਬਾਰੇ ਜਾਗਰੂਕ ਕੀਤਾ ਗਿਆ। ਮੌਕੇ ਲੋੜਵੰਦਾਂ ਨੂੰ ਦਵਾਈਆਂ ਪ੍ਰਦਾਨ ਕੀਤੀਆਂ ਗਈਆਂ। ਇਸ ਮੌਕੇ 'ਤੇ ਐਸ.ਐਮ. ਓ. ਡਾ ਅਨੀਤਾ ਗੁਪਤਾ, ਬੀ ਈ ਈ ਸੰਦੀਪ ਕੌਰ, ਡਾ ਅਦਿਤੀ, ਸੀ ਐਚ ਓ ਜਸਮੀਤ ਕੌਰ, ਗੁਰਜੀਤ ਸਿੰਘ ਹੈਲਥ ਇੰਸਪੈਕਟਰ, ਕੁਲਦੀਪ ਸਿੰਘ ਹੈਲਥ ਵਰਕਰ ਆਦਿ ਹਾਜ਼ਰ ਰਹੇ।

'ਅੰਤਰਰਾਸ਼ਟਰੀ ਪੰਜਾਬੀ ਬੋਲੀ ਓਲੰਪਿਆਡ' ਸੰਬੰਧੀ ਕੀਤੀ ਮੀਟਿੰਗ

ਐੱਸ .ਏ.ਐੱਸ ਨਗਰ (ਗੁਰਜੀਤ ਬਿੱਲਾ)- ਬੋਰਡ ਵਲੋਂ ਮਿਤੀ 09 ਅਤੇ 10 ਦਸੰਬਰ 2023 ਨੂੰ ਦੇਸ਼-ਵਿਦੇਸ਼ ਦੇ ਵਿਦਿਆਰਥੀਆਂ ਲਈ ਕਰਵਾਏ ਜਾ ਰਹੇ 'ਅੰਤਰਰਾਸ਼ਟਰੀ ਪੰਜਾਬੀ ਬੋਲੀ ਓਲੰਪਿਆਡ ' ਸਬੰਧੀ ਸਮੂਹ ਜ਼ਿਲ੍ਹਾ ਮੈਨੇਜਰ ਖੇਤਰੀ ਦਫ਼ਤਰ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਇਕੱਤਰਤਾ ਡਾ: ਸਤਬੀਰ ਬੇਦੀ, ਆਈ ਏ ਐਸ (ਰਿਟਾ.), ਚੇਅਰਪਰਸਨ, ਪੰਜਾਬ ਸਕੂਲ ਸਿੱਖਿਆ ਬੋਰਡ ਦੀ ਪ੍ਰਧਾਨਗੀ ਹੇਠ ਬੋਰਡ ਦੇ ਮੁੱਖ ਦਫ਼ਤਰ ਵਿਖੇ ਹੋਈ। ਇਸ ਸਬੰਧ ਵਿੱਚ ਰਜਿਸਟ੍ਰੇਸ਼ਨ ਦਾ ਕਾਰਜ ਮਿਤੀ 25.10.2023 ਤੋਂ ਆਰੰਭ ਹੋ ਚੁੱਕਾ ਹੈ, ਜੋ ਕਿ ਮਿਤੀ 20.11.2023 ਤੱਕ ਜਾਰੀ ਰਹੇਗਾ। ਇਸ ਉਲੰਪਿਆਡ ਵਿੱਚ ਵੱਧ ਤੋਂ ਵੱਧ ਪ੍ਰਤੀਯੋਗੀਆਂ ਦੀ ਰਜਿਸਟ੍ਰੇਸ਼ਨ ਯਕੀਨੀ ਬਣਾਉਣ ਲਈ ਵਿਚਾਰਾਂ ਹੋਈਆਂ। ਚੇਅਰਪਰਸਨ ਵੱਲੋਂ ਸਮੂਹ ਜ਼ਿਲ੍ਹਾ ਮੈਨੇਜਰਾਂ ਨੂੰ ਹਦਾਇਤ ਕੀਤੀ ਗਈ ਕਿ ਉਨ੍ਹਾਂ ਦੇ ਜ਼ਿਲ੍ਹੇ ਵਿੱਚ ਪੈਂਦੇ ਸਕੂਲਾਂ ਅਤੇ ਉਨ੍ਹਾਂ ਦੇ ਸੰਪਰਕ ਵਿੱਚ ਆਉਂਦੇ ਵਿਦਿਆਰਥੀਆਂ ਨਾਲ ਰਾਬਤਾ ਕਾਇਮ ਕਰਦੇ ਹੋਏ ਪੰਜਾਬੀ ਉਲੰਪਿਆਡ ਵਿੱਚ ਭਾਗ ਲੈਣ ਲਈ ਉਤਸ਼ਾਹਿਤ ਕਰਨ ਹਿੱਤ ਵਿਸ਼ੇਸ਼ ਉਪਰਾਲੇ ਕੀਤੇ ਜਾਣ ਤਾਂ ਜੋ ਵਿਦਿਆਰਥੀ ਆਪਣੇ ਵਿਰਸੇ ਅਤੇ ਪੰਜਾਬੀ ਮਾਂ ਬੋਲੀ ਨਾਲ ਜੁੜ ਸਕਣ। ਇਸ ਮੀਟਿੰਗ ਵਿੱਚ ਚੇਅਰਪਰਸਨ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਨਾਲ ਅਵਿਕੇਸ਼ ਗੁਪਤਾ ਪੀ.ਸੀ.ਐਸ, ਸਕੱਤਰ ਬੋਰਡ, ਮਨਿੰਦਰ ਸਿੰਘ ਸਰਕਾਰੀਆ, ਕੰਟਰੋਲਰ ਪ੍ਰੀਖਿਆਵਾਂ, ਗੁਰਤੇਜ ਸਿੰਘ, ਉਪ ਸਕੱਤਰ ਅਤੇ ਹੋਰ ਬੋਰਡ ਅਧਿਕਾਰੀ ਹਾਜ਼ਰ ਸਨ।

ਤਿੱਬੜੀ ਛਾਉਣੀ ਵਿਖੇ ਅਗਨੀਵੀਰ ਭਰਤੀ ਰੈਲੀ 'ਚ ਨੌਜਵਾਨਾਂ 'ਚ ਉਤਸ਼ਾਹ

ਗੁਰਦਾਸਪੁਰ, (ਜਨਕ ਮਹਾਜਨ)- ਤਿੱਬੜੀ ਛਾਉਣੀ ਵਿਖੇ ਭਾਰਤੀ ਫ਼ੌਜ ਵੱਲੋਂ ਅਗਨੀਵੀਰ ਭਰਤੀ ਰੈਲੀ ਦਾ ਆਯੋਜਨ ਕੀਤਾ ਜਾ ਰਿਹਾ ਹੈ। ਭਰਤੀ ਰੈਲੀ ਦੇ ਦੂਸਰੇ ਦਿਨ ਅੱਜ ਚੀਫ ਆਫ ਸਟਾਫ, ਵੈਸਟਰਨ ਕਮਾਂਡ ਵੱਲੋਂ ਭਰਤੀ ਰੈਲੀ ਦਾ ਨਿਰੀਖਣ ਕੀਤਾ ਗਿਆ। ਇਸ ਮੌਕੇ ਉਨ੍ਹਾਂ ਅਗਨੀਵੀਰ ਭਰਤੀ ਰੈਲੀ ਵਿੱਚ ਹਿੱਸਾ ਲੈਣ ਆਏ ਨੌਜਵਾਨਾਂ ਨੂੰ ਉਤਸ਼ਾਹਤ ਕਰਦਿਆਂ ਕਿਹਾ ਕਿ ਭਾਰਤੀ ਫ਼ੌਜ ਵਿੱਚ ਭਰਤੀ ਹੋ ਕੇ ਦੇਸ਼ ਦੀ ਸੇਵਾ ਕਰਨੀ ਬਹੁਤ ਮਾਣ ਦੀ ਗੱਲ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਰਾਜ ਵਿੱਚ ਇਸ ਸਾਲ ਦੀ ਇਹ ਚੌਥੀ ਅਗਨੀਵੀਰ ਭਰਤੀ ਰੈਲੀ ਹੈ ਜਿਸ ਨੂੰ ਨੌਜਵਾਨਾਂ ਵੱਲੋਂ ਭਰਵਾਂ ਹੁੰਗਾਰਾ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਤਿੱਬੜੀ ਵਿਖੇ ਚੱਲ ਰਹੀ ਭਰਤੀ ਰੈਲੀ ਦੇ ਅੱਜ ਦੂਸਰੇ ਦਿਨ 720 ਉਮੀਦਵਾਰਾਂ ਨੂੰ ਅਗਨੀਵੀਰ ਜਨਰਲ ਡਿਊਟੀ ਲਈ ਸ਼ਾਰਟ ਲਿਸਟ ਕਰਕੇ ਉਨ੍ਹਾਂ ਦੀ ਸਕਰੀਨਿੰਗ ਕੀਤੀ ਗਈ। ਉਨ੍ਹਾਂ ਕਿਹਾ ਨੌਜਵਾਨਾਂ ਵਿੱਚ ਅਗਨੀਵੀਰ ਭਰਤੀ ਰੈਲੀ ਲਈ ਬਹੁਤ ਉਤਸ਼ਾਹ ਹੈ। ਭਾਰਤੀ ਫ਼ੌਜ ਦੇ ਅਧਿਕਾਰੀਆਂ ਨੇ ਕਿਹਾ ਕਿ ਭਾਰਤੀ ਫ਼ੌਜ ਵਿੱਚ ਭਰਤੀ ਪੂਰੀ ਤਰ੍ਹਾਂ ਪਾਰਦਰਸ਼ੀ ਅਤੇ ਮੈਰਿਟ ਦੇ ਅਧਾਰ 'ਤੇ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਸਾਰੇ ਟੈਸਟ ਅਤੇ ਭਰਤੀ ਪ੍ਰੀਕ੍ਰਿਆ ਨੂੰ ਅਧਿਕਾਰੀਆਂ ਦੀ ਸਖਤ ਨਿਗਰਾਨੀ ਵਿੱਚ ਕੀਤਾ ਜਾਂਦਾ ਹੈ ਅਤੇ ਸਾਰੀ ਭਰਤੀ ਪ੍ਰੀਕ੍ਰਿਆ ਦੀ ਵੀਡੀਓਗ੍ਰਾਫੀ ਵੀ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਵੱਲੋਂ ਵੀ ਇਸ ਭਰਤੀ ਰੈਲੀ ਵਿੱਚ ਪੂਰਾ ਸਹਿਯੋਗ ਦਿੱਤਾ ਜਾ ਰਿਹਾ ਹੈ।

ਖਾਲਸਾ ਕਾਲਜ ਲਾਅ ਵਿਖੇ ਜੱਜ ਬਣਨ ਉਪਰੰਤ ਪੁੱਜਾ ਵਿਦਿਆਰਥੀ ਆਸਦੀਪ ਸਿੰਘ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)

ਖਾਲਸਾ ਕਾਲਜ ਆਫ਼ ਲਾਅ ਦੇ ਵਿਦਿਆਰਥੀ ਆਸਦੀਪ ਸਿੰਘ ਨੇ ਪੰਜਾਬ ਜੁਡੀਸ਼ੀਅਲ ਸਰਵਿਸਜ਼ ਦਾ ਇਮਿਤਹਾਨ ਪਾਸ ਕਰ ਕੇ ਜੱਜ ਵਜੋਂ ਨਿਯੁਕਤੀ

ਪ੍ਰਾਪਤ ਕਰਕੇ ਆਪਣੇ ਮਾਤਾ-ਪਿਤਾ ਅਤੇ ਕਾਲਜ ਦਾ ਨਾਂਅ ਰੌਸ਼ਨ ਕੀਤਾ ਹੈ। ਵਿਦਿਆਰਥੀ ਆਸਦੀਪ ਸਿੰਘ ਜੱਜ ਵਜੋਂ ਨਿਯੁਕਤ ਹੋਣ ਉਪਰੰਤ ਕਾਲਜ ਪੁੱਜਿਆ, ਜਿੱਥੇ ਉਸ ਦਾ ਡਾਇਰੈਕਟਰ-ਕਮ-ਪ੍ਰਿੰਸੀਪਲ ਪ੍ਰੋ (ਡਾ.) ਜਸਪਾਲ ਸਿੰਘ ਵੱਲੋਂ ਉਨ੍ਹਾ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਸਬੰਧੀ ਗੱਲਬਾਤ ਕਰਦਿਆਂ ਡਾ. ਜਸਪਾਲ ਸਿੰਘ ਨੇ ਦੱਸਿਆ ਕਿ ਆਸਦੀਪ ਸਿੰਘ ਨੇ ਬੜੀ ਮਿਹਨਤ ਨਾਲ ਸੈਸ਼ਨ 2015-20 ਦੌਰਾਨ ਕਾਲਜ ਤੋਂ ਬੀ.ਏ., ਐਲ. ਐਲ. ਬੀ (5 ਸਾਲਾ ਕੋਰਸ) ਦੀ ਡਿਗਰੀ ਪ੍ਰਾਪਤ ਕੀਤੀ। ਉਨ੍ਹਾਂ ਕਿਹਾ ਕਿ ਆਸਦੀਪ ਸਿੰਘ ਨੇ ਆਪਣੇ ਪਿਤਾ ਨਾਲ ਕਾਲਜ ਵਿਖੇ ਆ ਕੇ ਆਪਣੇ ਅਧਿਆਪਕਾਂ ਦਾ ਉਸ ਦੀ ਕਾਮਯਾਬੀ 'ਚ ਪਾਏ ਯੋਗਦਾਨ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਕਾਲਜ ਵਿਖੇ ਹਰ ਵਿਸ਼ਾ ਉਸ ਦੇ ਅਧਿਆਪਕਾਂ ਨੇ ਬੜੇ ਵਿਸਥਾਰ ਪੂਰਵਕ ਢੰਗ ਨਾਲ ਪੜ੍ਹਾਇਆ ਜਿਸ ਦੇ ਸਿੱਟੇ ਵਜੋਂ ਜੁਡੀਸ਼ੀਰੀ ਦੇ ਇਮਿਤਹਾਨ ਦੀ ਤਿਆਰੀ ਕਰਨ ਸਮੇਂ ਉਸ ਨੂੰ ਕੋਈ ਮੁਸ਼ਕਲ ਨਹੀਂ ਆਈ ਅਤੇ ਉਸ ਨੇ ਪਹਿਲੇ ਯਤਨ ਨਾਲ ਹੀ ਆਪਣਾ ਮੁਕਾਮ ਹਾਸਲ ਕਰ ਲਿਆ। ਉਨ੍ਹਾਂ ਕਿਹਾ ਕਿ ਆਸਦੀਪ ਸਿੰਘ ਪੜ੍ਹਾਈ ਦੇ ਨਾਲ-ਨਾਲ ਖੇਡਾਂ 'ਚ ਵੀ ਰੁਚੀ ਰੱਖਦਾ ਸੀ ਅਤੇ ਕਾਲਜ ਦੀ ਕ੍ਰਿਕੇਟ ਟੀਮ ਦਾ ਮੈਂਬਰ ਵੀ ਸੀ। ਇਸ ਮੌਕੇ ਕਾਲਜ ਦੇ ਅਧਿਆਪਕਾਂ ਅਤੇ ਮੈਨੇਜਮੈਂਟ ਵੱਲੋਂ ਆਸਦੀਪ ਸਿੰਘ ਨੂੰ ਉਕਤ ਪ੍ਰਾਪਤੀ ਲਈ ਵਧਾਈ ਦਿੱਤੀ। ਇਸ ਮੌਕੇ ਡਾ. ਗੁਨੀਸ਼ਾ ਸਲੂਜਾ, ਡਾ. ਮੋਹਿਤ ਸੈਨੀ, ਡਾ. ਰਾਸ਼ੀਮਾ ਚੰਗੋਤਰਾ, ਡਾ. ਸੀਮਾ ਰਾਣੀ, ਡਾ. ਨਿਧੀ, ਡਾ. ਗੁਰਜਿੰਦਰ ਕੌਰ, ਪ੍ਰੋ. ਉਤਕਰਸ਼ ਸੇਠ ਆਦਿ ਕਾਲਜ ਅਧਿਆਪਕ ਹਾਜ਼ਰ ਸਨ।

ਜੀ.ਐੱਨ.ਐੱਮ. ਸਕੂਲ ਬੱਬਰੀ 'ਚ ਵਰਲਡ ਨੋ ਤੰਬਾਕੂ ਡੇਅ ਮਨਾਇਆ

ਗੁਰਦਾਸਪੁਰ, (ਜਨਕ ਮਹਾਜਨ)- ਸਿਹਤ ਤੇ ਪਰਵਾਰ ਭਲਾਈ ਵਿਭਾਗ ਵੱਲੋਂ ਅੱਜ ਜੀ.ਐੱਨ.ਐੱਮ. ਸਕੂਲ ਬੱਬਰੀ ਵਿਖੇ ਵਰਲਡ ਨੋ ਤੰਬਾਕੂ ਡੇਅ ਮਨਾਇਆ ਗਿਆ। ਇਸ ਸਬੰਧੀ ਇੱਕ ਵਿਸ਼ੇਸ਼ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ, ਜਿਸ ਦੀ ਪ੍ਰਧਾਨਗੀ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਕੀਤੀ ਗਈ। ਇਸ ਮੌਕੇ ਸਿਵਲ ਸਰਜਨ ਡਾ. ਹਰਭਜਨ ਰਾਮ ਮਾਂਡੀ ਤੇ ਸਿਹਤ ਵਿਭਾਗ ਦੇ ਹੋਰ ਅਧਿਕਾਰੀ ਵੀ ਹਾਜ਼ਰ ਸਨ। ਵਰਲਡ ਨੋ ਤੰਬਾਕੂ ਡੇਅ ਮੌਕੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵਲੋਂ ਹਾਜ਼ਰੀਨ ਨੂੰ ਪੂਰੀ ਜ਼ਿੰਦਗੀ ਕਿਸੇ ਵੀ ਤਰ੍ਹਾਂ ਦੇ ਤੰਬਾਕੂ ਪਦਾਰਥ ਦਾ ਕਿਸੇ ਵੀ ਰੂਪ ਵਿਚ ਵਰਤੋਂ ਨਾ ਕਰਨ, ਪਰਿਵਾਰ ਦਾ ਕੋਈ ਵੀ ਮੈਂਬਰ ਜਾਂ ਰਿਸ਼ਤੇਦਾਰ ਅਤੇ ਦੋਸਤ ਕਿਸੇ ਵੀ ਰੂਪ ਵਿੱਚ ਤੰਬਾਕੂ ਦੀ ਵਰਤੋਂ ਕਰਦਾ ਹੈ ਤਾਂ ਉਸ ਨੂੰ ਤੰਬਾਕੂ ਦੇ ਮਾੜੇ ਸੇਵਨ ਬਾਰੇ ਜਾਗਰੂਕ ਕਰਨ ਅਤੇ ਉਸ ਦੀ ਇਸ ਆਦਤ ਨੂੰ ਛੁਡਵਾਉਣ ਵਿਚ ਮਦਦ ਕਰਨ ਬਾਰੇ ਸਹੁੰ ਚੁਕਾਈ ਗਈ। ਇਸ ਮੌਕੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਜ਼ਿਲ੍ਹਾ ਗੁਰਦਾਸਪੁਰ ਨੂੰ ਤੰਬਾਕੂ ਮੁਕਤ ਕਰਨ ਲਈ ਵਿਸ਼ੇਸ਼ ਜਾਗਰੂਕਤਾ ਮੁਹਿੰਮ ਚਲਾਈ ਜਾਵੇਗੀ। ਸਿਵਲ ਸਰਜਨ ਡਾ. ਹਰਭਜਨ ਰਾਮ ਮਾਂਡੀ ਨੇ ਕਿਹਾ ਕਿ ਵਿਦਿਅਕ ਸੰਸਥਾਵਾਂ ਦੇ 100 ਗਜ਼ ਦੇ ਘੇਰੇ ਅੰਦਰ ਕੋਈ ਵੀ ਤੰਬਾਕੂ ਪਦਾਰਥ ਵੇਚਣ ਵਾਲੀ ਦੁਕਾਨ ਨਹੀ ਹੋਣੀ ਚਾਹੀਦੀ ਅਤੇ 18 ਸਾਲ ਤੋਂ ਘੱਟ ਉਮਰ ਦੇ ਨੌਜਵਾਨਾਂ ਨੂੰ ਤੰਬਾਕੂ ਪਦਾਰਥ ਵੇਚਣੇ ਕਾਨੂੰਨੀ ਅਪਰਾਧ ਹੈ। ਇਸ ਮੌਕੇ ਸਿਹਤ ਵਿਭਾਗ ਵੱਲੋਂ ਤੰਬਾਕੂ ਵਿਰੁੱਧ ਜਾਗਰੂਕਤਾ ਲਿਆਉਣ ਲਈ ਇੱਕ ਰੈਲੀ ਵੀ ਕੱਢੀ ਗਈ।

ਨਿਰਧਾਰਤ ਸਥਾਨ 'ਤੇ ਹੀ ਪਟਾਕੇ ਵੇਚ ਸਕਣਗੇ ਦੁਕਾਨਦਾਰ : ਥਾਣਾ ਮੁਖੀ

ਧਾਰੀਵਾਲ, (ਮਨਦੀਪ ਸਿੰਘ ਵਿੱਕੀ)-ਪੁਲਸ ਥਾਣਾ ਧਾਰੀਵਾਲ ਦੇ ਮੁਖੀ ਸਰਬਜੀਤ ਸਿੰ

3-Nov-PAGE-4-2023.qxd 11/2/2023 10:40 PM Page 1

ਨਵਾਂ ਜ਼ਮਾਨਾ
ਸ਼ੁੱਕਰਵਾਰ, 3 ਨਵੰਬਰ 2023

ਧੱਕੇਸ਼ਾਹੀ ਵਿਰੁੱਧ ਬੋਲਣ ਦੀ ਲੋੜ

ਮੁੰਬਈ ਵਿੱਚ ਵਿਰੋਧੀ ਦਲਾਂ ਦੇ ਗੱਠਜੋੜ 'ਇੰਡੀਆ' ਦੀ ਹੋਈ ਮੀਟਿੰਗ ਸਮੇਂ ਕਾਂਗਰਸ ਪ੍ਰਧਾਨ ਖੜਗੇ ਨੇ ਕਿਹਾ ਸੀ ਕਿ ਸਾਡੀ ਏਕਤਾ ਤੋਂ ਬਾਅਦ ਹੁਣ ਸਾਡੇ ਵਿਰੁੱਧ ਕੇਂਦਰੀ ਏਜੰਸੀਆਂ ਦੇ ਹਮਲੇ ਤੇਜ਼ ਹੋਣਗੇ। ਇਸ ਸਮੇਂ ਇਹ ਸੱਚ ਸਾਬਤ ਹੋ ਰਿਹਾ ਹੈ। ਇਸ ਦੇ ਪਹਿਲੇ ਸ਼ਿਕਾਰ ਬਣੇ ਸਨ ਟੀ ਐੱਮ ਸੀ ਆਗੂ ਮਮਤਾ ਬੈਨਰਜੀ ਦੇ ਭਤੀਜੇ ਅਭਿਸ਼ੇਕ ਬੈਨਰਜੀ ਤੇ ਫਿਰ ਲਾਲੂ ਪ੍ਰਸਾਦ ਦਾ ਸਾਰਾ ਟੱਬਰ।

ਹੁਣ ਆਮ ਆਦਮੀ ਪਾਰਟੀ ਦੇ ਆਗੂਆਂ 'ਤੇ ਤਾਂ ਈ ਡੀ ਨੇ ਸਮੂਹਿਕ ਹਮਲਾ ਬੋਲ ਦਿੱਤਾ ਹੈ। ਆਮ ਆਦਮੀ ਪਾਰਟੀ ਦੇ ਗਠਨ ਤੋਂ ਬਾਅਦ 11 ਸਾਲਾਂ ਦੌਰਾਨ ਇਸ ਦੇ 17 ਤੋਂ ਵੱਧ ਆਗੂ ਜੇਲ੍ਹ ਭੇਜੇ ਜਾ ਚੁੱਕੇ ਹਨ। ਇਨ੍ਹਾਂ ਵਿੱਚ ਸਾਂਸਦ, ਮੰਤਰੀ ਤੇ ਵਿਧਾਇਕ ਤੱਕ ਸ਼ਾਮਲ ਹਨ। ਸਾਂਸਦ ਸੰਜੇ ਸਿੰਘ, ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ, ਸਾਬਕਾ ਸਿਹਤ ਮੰਤਰੀ ਸਤੇਂਦਰ ਜੈਨ ਜੇਲ੍ਹ ਵਿੱਚ ਹਨ। ਇਨ੍ਹਾਂ ਤੋਂ ਇਲਾਵਾ ਸਾਬਕਾ ਕਾਨੂੰਨ ਮੰਤਰੀ ਸੋਮਨਾਥ ਭਾਰਤੀ, ਸਾਬਕਾ ਕਾਨੂੰਨ ਮੰਤਰੀ ਜਿਤੇਂਦਰ ਤੋਮਰ, ਵਿਧਾਇਕ ਅਮਾਨਤੁੱਲਾ ਖਾਨ, ਵਿਧਾਇਕ ਨਰੇਸ਼ ਯਾਦਵ, ਵਿਧਾਇਕ ਅਖਲੇਸ਼ ਤ੍ਰਿਪਾਠੀ, ਵਿਧਾਇਕ ਮਹੇਂਦਰ ਯਾਦਵ, ਵਿਧਾਇਕ ਜਗਦੀਪ ਸਿੰਘ, ਵਿਧਾਇਕ ਸੁਰਿੰਦਰ ਸਿੰਘ, ਵਿਧਾਇਕ ਮਨੋਜ ਕੁਮਾਰ, ਵਿਧਾਇਕ ਸ਼ਰਦ ਚੌਹਾਨ ਤੇ ਵਿਧਾਇਕ ਪ੍ਰਕਾਸ਼ ਜਸਵਾਲ ਵੀ ਜੇਲ੍ਹ ਜਾ ਚੁੱਕੇ ਹਨ।

ਤਾਜ਼ਾ ਗ੍ਰਿਫ਼ਤਾਰੀਆਂ ਦੀ ਗੱਲ ਕਰੀਏ ਤਾਂ ਸ਼ਰਾਬ ਨੀਤੀ ਵਿੱਚ ਕਥਿਤ ਘੁਟਾਲੇ ਨੂੰ ਲੈ ਕੇ ਦਿੱਲੀ ਦੇ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਪਿਛਲੇ 9 ਮਹੀਨਿਆਂ ਤੋਂ ਜੇਲ੍ਹ ਬੰਦ ਹਨ। ਇਸੇ ਕੇਸ ਵਿੱਚ ਰਾਜ ਸਭਾ ਸਾਂਸਦ ਸੰਜੇ ਸਿੰਘ ਨੂੰ ਵੀ ਗ੍ਰਿਫਤਾਰ ਕੀਤਾ ਜਾ ਚੁੱਕਾ ਹੈ। ਹੁਣ ਈ ਡੀ ਨੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਵੀ ਸੰਮਨ ਭੇਜ ਦਿੱਤਾ ਹੈ।

ਅਸਲ ਵਿੱਚ ਇਸ ਸਮੇਂ ਭਾਜਪਾ ਬੇਹੱਦ ਡਰੀ ਹੋਈ ਹੈ। ਉਸ ਨੂੰ ਪਤਾ ਹੈ ਕਿ ਵਿਰੋਧੀ ਪਾਰਟੀਆਂ ਵਿੱਚ ਵੋਟਾਂ ਦੀ ਵੰਡ ਕਾਰਨ ਹੀ ਉਹ ਸੱਤਾ ਵਿੱਚ ਆਈ ਸੀ। ਹੁਣ ਜੇਕਰ ਵਿਰੋਧੀ ਪਾਰਟੀਆਂ ਦਾ ਗੱਠਜੋੜ 'ਇੰਡੀਆ' ਸਾਂਝੇ ਤੌਰ 'ਤੇ ਲੋਕ ਸਭਾ ਚੋਣਾਂ ਲੜਨ ਵਿੱਚ ਕਾਮਯਾਬ ਹੋ ਜਾਂਦਾ ਹੈ ਤਾਂ ਉਸ ਦਾ (ਭਾਜਪਾ) ਜਿੱਤਣਾ ਅਸੰਭਵ ਹੈ। ਇਸ ਲਈ ਮੌਜੂਦਾ ਹਾਕਮ ਹੁਣ ਲੋਕਤੰਤਰੀ ਪ੍ਰੀਕ੍ਰਿਆ ਨੂੰ ਨਕਾਰਦਿਆਂ ਧੱਕੇਸ਼ਾਹੀ ਰਾਹੀਂ ਜਿੱਤਣ ਦੇ ਰਾਹ ਪੈ ਚੁੱਕੇ ਹਨ। ਇਸ ਵੇਲੇ ਸਾਰੀਆਂ ਸੰਵਿਧਾਨਕ ਸੰਸਥਾਵਾਂ ਹਾਕਮਾਂ ਦੀਆਂ ਬਾਂਦੀਆਂ ਬਣ ਚੁੱਕੀਆਂ ਹਨ। ਪਹਿਲੇ ਗੇੜ ਵਿੱਚ ਉਹ ਈ ਡੀ ਤੇ ਸੀ ਬੀ ਆਈ ਦੀ ਵਰਤੋਂ ਕਰਕੇ ਵੱਧ ਤੋਂ ਵੱਧ ਵਿਰੋਧੀ ਆਗੂਆਂ ਨੂੰ ਜੇਲ੍ਹਾਂ ਵਿੱਚ ਸੁੱਟਣ ਦੇ ਰਾਹ ਪੈ ਚੁੱਕੇ ਹਨ। ਇਹ ਇੱਕ ਅਣਐਲਾਨੀ ਐਮਰਜੈਂਸੀ ਹੈ, ਜਿਸ ਰਾਹੀਂ ਵਿਰੋਧੀਆਂ ਨੂੰ ਲੋਕਤੰਤਰੀ ਪ੍ਰਕ੍ਰਿਆ ਤੋਂ ਲਾਂਭੇ ਕੀਤਾ ਜਾ ਰਿਹਾ ਹੈ। ਇਸ ਤੋਂ ਅਗਲਾ ਕਦਮ ਚੋਣ ਕਮਿਸ਼ਨ ਦੀ ਦੁਰਵਰਤੋਂ ਵੀ ਹੋ ਸਕਦੀ ਹੈ।

ਨਾਮੀ ਵਕੀਲ ਕਪਿਲ ਸਿੱਬਲ ਨੇ ਇਸ ਵਰਤਾਰੇ ਬਾਰੇ ਦੋਸ਼ ਲਾਇਆ ਹੈ ਕਿ ਈ ਡੀ ਇਸ ਸਮੇਂ ਸਭ ਵਿਰੋਧੀ ਆਗੂਆਂ ਨੂੰ ਨਿਸ਼ਾਨਾ ਬਣਾ ਰਹੀ ਹੈ। ਅਦਾਲਤਾਂ ਵੱਲੋਂ ਆਗੂਆਂ ਨੂੰ ਜ਼ਮਾਨਤ ਨਾ ਦੇਣਾ ਸਰਕਾਰ ਦੇ ਹੱਥਾਂ ਦਾ ਹਥਿਆਰ ਬਣ ਚੁੱਕਾ ਹੈ। ਉਨ੍ਹਾ ਮੰਗ ਕੀਤੀ ਹੈ ਕਿ ਸਮਾਂ ਆ ਗਿਆ ਹੈ ਕਿ ਈ ਡੀ ਨੂੰ ਮਿਲੇ ਅਧਿਕਾਰਾਂ ਪ੍ਰਤੀ ਅਦਾਲਤਾਂ ਨੀਂਦ 'ਚੋਂ ਜਾਗਣ। ਉਨ੍ਹਾ ਕਿਹਾ ਕਿ ਮਨੀਸ਼ ਸਿਸੋਦੀਆ ਦੀ ਜ਼ਮਾਨਤ ਸੁਪਰੀਮ ਕੋਰਟ ਨੇ ਖਾਰਜ ਕਰ ਦਿੱਤੀ ਹੈ। ਈ ਡੀ ਨੂੰ ਜ਼ਿੰਮੇਵਾਰੀ ਦੇ ਦਿੱਤੀ ਗਈ ਹੈ ਕਿ ਸਭ ਵਿਰੋਧੀਆਂ ਨੂੰ ਜੇਲ੍ਹ ਭੇਜੋ, ਸਬੂਤ ਬਾਅਦ ਵਿੱਚ ਦਿੱਤੇ ਜਾ ਸਕਦੇ ਹਨ। ਉਨ੍ਹਾ ਕਿਹਾ ਕਿ ਇਸ ਸਮੇਂ 'ਇੰਡੀਆ' ਗੱਠਜੋੜ ਨਾਲ ਜੁੜੀਆਂ ਪਾਰਟੀਆਂ ਨੂੰ ਇੱਕਸੁਰ ਹੋ ਕੇ ਇਸ ਧੱਕੇਸ਼ਾਹੀ ਖਿਲਾਫ਼ ਬੋਲਣਾ ਚਾਹੀਦਾ ਹੈ।

ਮਾ.ਫੀਆ...

ਬੋਲ ਰਹੇ ਨੇ ਨ.ਫਰਤੀ ਖਾਤਿਆਂ 'ਚੋਂ,
ਜੋ ਕਹਿਣ ਗਵਰਨਰੀ ਰਾਜ ਆਵੇ।
ਬਣ ਕੇ ਡੋਗਰੇ ਜ਼ੋਰ ਦੀ ਬੋਲਦੇ ਨੇ,
ਰਾਜ ਕਰਨ ਲਾਟ ਦਾ ਤਾਜ਼ ਆਵੇ।
ਖਾਧੀ ਸੌਂਹ ਪੰਜਾਬ ਤਬਾਹ ਕਰਨਾ,
70 ਸਾਲਾ ਮਾਫੀਆ ਬਾਜ਼ ਆਵੇ।
ਇਹ ਹੁੰਦੈ ਹਿਟਲਰੀ ਰਾਜ ਜੇਹਾ,
ਕਦੇ ਖਾਣ ਪਰਿੰਦੇ ਨਾ ਬਾਜ਼ ਆਵੇ।
ਜਿਸ ਰਾਜ ਨੇ ਡੋਬ ਪੰਜਾਬ ਦਿੱਤਾ,
ਉਸ ਰਾਜ ਨੂੰ ਦੂਰੋਂ ਸਲਾਮ ਆਖੋ।
ਨਹੀਂ ਅਜੇ ਵੀ ਜੇ ਸ਼ਰਮ ਆਈ,
ਮੁੱਕ ਜਾਵੇਗਾ ਕੰਮ ਤਮਾਮ ਆਖੋ!

-ਗੁਲਪੁਰ

ਪੰਜਾਬ ਦੇ ਭਖਦੇ ਮਸਲਿਆਂ ਪ੍ਰਤੀ ਸਰਕਾਰਾਂ ਲਾਪਰਵਾਹ

ਜਗਦੇਵ ਸ਼ਰਮਾ

ਪੰਜਾਬ ਅੱਜ ਜਿਸ ਦੌਰ ਵਿੱਚੋਂ ਗੁਜ਼ਰ ਰਿਹਾ ਹੈ, ਜੇਕਰ ਉਸ ਨੂੰ ਨਾਜ਼ਕ ਦੌਰ ਨਹੀਂ ਕਹਿ ਸਕਦੇ ਤਾਂ ਸੁਖਾਵਾਂ ਦੌਰ ਕਹਿਣਾ ਵੀ ਉਚਿੱਤ ਨਹੀਂ ਹੋਵੇਗਾ। ਅੱਜ ਕੋਈ ਵੀ ਸੁਹਿਰਦ ਪੰਜਾਬੀ ਪਿਛਲੇ ਸਦੀ ਦੇ ਅਖੀਰਲੇ ਦੋ ਦਹਾਕਿਆਂ ਦੇ ਦੁਹਰਾਏ ਜਾਣ ਦੇ ਹੱਕ ਵਿਚ ਨਹੀਂ ਹੈ । ਇਸ ਤੋਂ ਬਚਾਅ ਲਈ ਕਈ ਮੁੱਦੇ ਹਨ, ਜਿਨ੍ਹਾਂ ਵੰਨੀ ਸਰਕਾਰਾਂ ਨੂੰ ਤੁਰੰਤ ਤਵੱਜੋ ਦੇਣ ਦੀ ਲੋੜ ਹੈ । ਆਓ ਇੱਕ-ਇੱਕ ਕਰਕੇ ਇਹਨਾਂ ਮੁੱਦਿਆਂ ਦੀ ਸਮੀਖਿਆ ਕਰੀਏ ।

ਇੱਕ ਰਿਪੋਰਟ ਅਨੁਸਾਰ ਇਸ ਵੇਲੇ ਕੋਈ 20 ਪ੍ਰਤੀਸ਼ਤ ਪੰਜਾਬੀ ਵੱਖ-ਵੱਖ ਕਿਸਮ ਦੇ ਨਸ਼ਿਆਂ ਦੇ ਸ਼ਿਕਾਰ ਹਨ, 6.97 ਲੱਖ ਬੱਚੇ ਖਤਰਨਾਕ ਨਸ਼ਿਆਂ ਵਿਚ ਗਲਤਾਨ ਹਨ। ਇਸ ਤਰ੍ਹਾਂ ਜਾਪਦਾ ਹੈ ਜਿਵੇਂ ਨਸ਼ਿਆਂ ਅਤੇ ਪੰਜਾਬ ਵਿਚਕਾਰ ਜੰਗ ਚੱਲ ਰਹੀ ਹੋਵੇ । ਇਹ ਧਾਰਨਾ ਬਣੀ ਹੋਈ ਹੈ ਕਿ ਵੱਡੇ ਬੰਦਿਆਂ ਅਤੇ ਅਫਸਰਾਂ ਦੀ ਪੁਸ਼ਤ-ਪਨਾਹੀ ਤੋਂ ਬਗੈਰ ਨਸ਼ਿਆਂ ਦਾ ਇਤਨਾ ਵੱਡਾ ਕਾਰੋਬਾਰ ਨਹੀਂ ਚੱਲ ਸਕਦਾ। ਫਿਰੋਜ਼ਪੁਰ ਜ਼ਿਲ੍ਹੇ ਦੇ ਇੱਕ ਡੀ ਐੱਸ ਪੀ ਦੁਆਰਾ ਆਪਣੇ ਉੱਚ ਅਧਿਕਾਰੀਆਂ ਨੂੰ ਲਿਖਤੀ ਸ਼ਿਕਾਇਤ ਕਰਕੇ ਇਹ ਦੱਸਣਾ ਕਿ ਉਸ ਦੇ ਮਤਾਹਿਤ ਕੰਮ ਕਰਦੇ ਅਨਸਰ ਸਰਕਾਰ ਦੀ ਯੋਜਨਾ ਨਸ਼ਾ ਤਸਕਰਾਂ ਤੱਕ ਪਹੁੰਚਾ ਕੇ ਵਿਸ਼ਵਾਸਘਾਤ ਕਰਦੇ ਹਨ ਇਸੇ ਗੱਲ ਵੱਲ ਇਸ਼ਾਰਾ ਕਰਦਾ ਹੈ। ਸਾਡੇ ਗੁਆਂਢੀ ਦੇਸ਼ ਪਾਕਿਸਤਾਨ ਦਾ ਰੋਲ ਵੀ ਨਸ਼ਾ ਤਸਕਰੀ ਵਿੱਚ ਬਹੁਤ ਮਹੱਤਵ ਪੂਰਨ ਹੈ। ਜਦੋਂ ਤੋਂ ਨਸ਼ਾ ਤਸਕਰਾਂ ਅਤੇ ਪਾਕਿਸਤਾਨ ਦੇਸ਼ ਦੁਆਰਾ ਨਸ਼ਿਆਂ ਦੀਆਂ ਖੇਪਾਂ ਪਹੁੰਚਾਉਣ ਲਈ ਡ੍ਰੋਨ ਦੀ ਵਰਤੋਂ ਕੀਤੀ ਜਾਣ ਲੱਗੀ ਹੈ, ਓਦੋਂ ਤੋਂ ਇਹ ਹੋਰ ਵੀ ਟੇਢੀ ਖੀਰ ਹੋ ਗਿਆ ਹੈ ।

9 ਅਕਤੂਬਰ 2023 ਐੱਸ ਟੀਮ ਐੱਫ ਦੇ ਆਈ ਜੀ ਇੰਚਾਰਜ ਸ੍ਰੀ ਸੁਖਚੈਨ ਸਿੰਘ ਗਿੱਲ ਨੇ ਪ੍ਰੈੱਸ ਕਾਨਫਰੰਸ ਕਰਕੇ ਦੱਸਿਆ ਕਿ ਪਿਛਲੇ 15 ਮਹੀਨਿਆਂ ਵਿੱਚ ਤਲਾਸ਼ੀ ਮੁਹਿੰਮ ਚਲਾ ਕੇ 1510.55 ਕਿਲੋਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ। ਇਸ ਤੋਂ ਇਲਾਵਾ ਪੰਜਾਬ ਪੁਲਸ ਦੀਆਂ ਟੀਮਾਂ ਵੱਲੋਂ ਗੁਜਰਾਤ ਅਤੇ ਮਹਾਰਾਸ਼ਟਰ ਦੇ ਬੰਦਰਗਾਹਾਂ ਤੋਂ 147.5 ਕਿਲੋ ਹੈਰੋਇਨ ਬਰਾਮਦ ਕੀਤੀ ਗਈ ਹੈ, ਜਿਸ ਨਾਲ ਮਹਿਜ਼ 15 ਮਹੀਨਿਆਂ ਵਿੱਚ ਹੈਰੋਇਨ ਦੀ ਕੁੱਲ ਪ੍ਰਭਾਵੀ ਰਿਕਵਰੀ 1658.05 ਕਿਲੋ ਹੋ ਗਈ ਹੈ। ਇਸ ਜੰਗ ਨੂੰ 15 ਮਹੀਨੇ ਪੂਰੇ ਹੋਣ 'ਤੇ ਪੰਜਾਬ ਪੁਲਿਸ ਨੇ 5 ਜੁਲਾਈ, 2022 ਤੋਂ ਹੁਣ ਤੱਕ 3003 ਵੱਡੀਆਂ ਮੱਛੀਆਂ ਸਮੇਤ 20979 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਪੁਲਿਸ ਨੇ ਕੁੱਲ 15434 ਐੱਫ ਆਈ ਆਰ ਦਰਜ ਕੀਤੀਆਂ ਹਨ, ਜਿਨ੍ਹਾਂ ਵਿੱਚੋਂ 1864 ਵਪਾਰਕ ਮਾਤਰਾ ਨਾਲ ਸੰਬੰਧਤ ਹਨ । ਪੁਲਸ ਨੇ ਇਨ੍ਹਾਂ 15 ਮਹੀਨਿਆਂ ਦੌਰਾਨ 111 ਵੱਡੇ ਤਸਕਰਾਂ ਦੀਆਂ 88.3 ਕਰੋੜ ਰੁਪਏ ਦੀਆਂ ਜਾਇਦਾਦਾਂ ਵੀ ਜ਼ਬਤ ਕੀਤੀਆਂ ਹਨ। ਪੋਂਡੂਆਂ ਦੇ ਸਹਿਯੋਗ ਨਾਲ ਅਤੇ ਨਸ਼ੇੜੀਆਂ ਦੀ ਕਾਊਂਸਲਿੰਗ ਕਰਕੇ ਪੰਜਾਬੀਆਂ ਨੂੰ ਇਸ ਵਬਾ ਤੋਂ ਛੁਟਕਾਰਾ ਦਿਵਾਇਆ ਜਾਵੇ ।

ਪੰਜਾਬ ਦੇ ਮੱਥੇ ਉੱਪਰ ਦੂਜਾ ਵੱਡਾ ਕਲੰਕ ਹੈ ਗੈਂਗਸਟਰਵਾਦ ਦਾ ਨੌਜਵਾਨ ਖਿਡਾਰੀਆਂ ਦੇ ਕਤਲ, ਉੱਭਰਦੇ ਰਾਜਨੀਤਕ ਨੇਤਾਵਾਂ ਦੇ ਕਤਲ, ਗਾਇਕੀ ਦੇ ਖੇਤਰ ਵਿਚ ਨਵੀਆਂ ਪੈੜਾਂ ਪਾ ਰਹੇ ਗਾਇਕਾਂ ਦੇ ਕਤਲ ਇਸ ਗੈਂਗਸਟਰਵਾਦ ਦੀ ਹੀ ਦੇਣ ਹਨ ।ਉਦੋਂ ਹੋਰ ਵੀ ਦੁੱਖ ਹੁੰਦਾ ਹੈ ਜਦੋਂ ਇਨ੍ਹਾਂ ਘਿਨਾਉਣੇ ਅਪਰਾਧਾਂ ਨੂੰ ਜੇਲ੍ਹਾਂ ਵਿੱਚ ਬੈਠੇ ਇਹਨਾ ਦੇ ਆਕਾਵਾਂ ਦੁਆਰਾ ਅੰਜਾਮ ਤੱਕ ਪਹੁੰਚਾਇਆ ਜਾਂਦਾ ਹੈ । ਉੱਚ ਸੁਰੱਖਿਅਤ ਜੇਲ੍ਹਾਂ ਵਿੱਚੋਂ ਹੀ ਵੀਡੀਓ ਕਾਨਫਰੰਸਾਂ ਕਰਕੇ ਇਨ੍ਹਾਂ ਵਾਰਦਾਤਾਂ ਦੀ ਜ਼ੁੰਮੇਵਾਰੀ ਲੈ ਲਈ ਜਾਂਦੀ ਹੈ । ਸਵਾਲ ਪੈਦਾ ਹੁੰਦਾ ਹੈ ਕਿ ਕੀ ਅਫਸਰਾਂ ਦੀ ਮਿਲੀਭੁਗਤ ਤੋਂ ਬਗੈਰ ਜੇਲ੍ਹਾਂ ਵਿੱਚੋਂ ਅਜਿਹੇ ਕਾਰਨਾਮਿਆਂ ਦਾ ਓਪਰੇਟ ਹੋਣਾ , ਜੇਲ੍ਹਾਂ ਵਿੱਚੋਂ ਮੋਬਾਈਲਾਂ ਅਤੇ ਨਸ਼ਿਆਂ ਦਾ ਆਮ ਹੀ ਮਿਲਣਾ ਸੰਭਵ ਹੈ । ਫਿਰੌਤੀਆਂ, ਧਮਕੀਆਂ ਦੇ ਮਾਹੌਲ ਵਿੱਚ ਬਾਹਰੀ ਨਿਵੇਸ਼ ਪ੍ਰਭਾਵਿਤ ਹੁੰਦਾ ਹੈ। ਐਂਟੀ ਗੈਂਗਸਟਰ ਟਾਸਕ ਫੋਰਸ (ਏ ਜੀ ਟੀ ਐੱਫ), ਜਿਸ ਦਾ ਗਠਨ 6 ਅਪ੍ਰੈਲ, 2022 ਨੂੰ ਕੀਤਾ ਗਿਆ ਸੀ, ਨੇ ਆਪਣੇ ਗਠਨ ਤੋਂ ਲੈ ਕੇ ਹੁਣ ਤੱਕ 800 ਗੈਂਗਸਟਰਾਂ/ ਅਪਰਾਧੀਆਂ ਨੂੰ ਗ੍ਰਿਫਤਾਰ ਕਰਕੇ ਅਤੇ 6 ਨੂੰ ਮਾਰ ਕੇ 249 ਗੈਂਗਸਟਰਾਂ/ਅਪਰਾਧੀ ਮਾਡਿਊਲਾਂ ਦਾ ਪਰਦਾਫਾਸ਼ ਕੀਤਾ ਹੈ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 839 ਹਥਿਆਰ, ਅਪਰਾਧਿਕ ਗਤੀਵਿਧੀਆਂ ਵਿੱਚ ਵਰਤੇ ਗਏ 171 ਵਾਹਨ ਬਰਾਮਦ ਕੀਤੇ ਹਨ। 20 ਅਕਤੂਬਰ 22 ਨੂੰ ਉਸ ਵੇਲੇ ਦੇ ਜੇਲ੍ਹ ਮੰਤਰੀ ਹਰਜੋਤ ਸਿੰਘ ਬੈਂਸ ਅਨੁਸਾਰ ਪਿਛਲੇ ਛੇ ਮਹੀਨਿਆਂ ਵਿਚ ਜੇਲ੍ਹ ਸੁਧਾਰਾਂ ਵਜੋਂ 3600 ਮੋਬਾਈਲ ਫੋਨ ਵੱਖ-ਵੱਖ ਜੇਲ੍ਹਾਂ ਵਿੱਚੋਂ ਫੜੇ ਗਏ ਹਨ। ਇੱਕ ਸਰਵੇ ਮੁਤਾਬਿਕ 33000 ਕੈਦੀਆਂ ਵਿੱਚੋਂ ਲੱਗਭੱਗ 46 % ਨਸ਼ਾ ਲੈਣ ਦੇ ਆਦੀ ਹਨ ।ਕੈਦੀਆਂ ਦੀ ਸਿਹਤ ਦਾ ਰਖਵਾਲਾ ਇੱਕ ਡਾਕਟਰ ਖੁਦ ਕੈਦੀਆਂ ਨੂੰ ਨਸ਼ਾ ਸਪਲਾਈ ਕਰਦਾ ਫੜਿਆ ਗਿਆ ਸੀ ।

ਬਘਿਆੜ ਮੂੰਹੋਂ ਕਰਜ਼ ਦੀ ਸਮੱਸਿਆ ਅਜਿਹੀ ਹੀ ਇੱਕ ਹੋਰ ਸਮੱਸਿਆ ਹੈ । ਮਾਰਚ 23 ਨੂੰ ਪੇਸ਼ ਕੀਤੇ ਬੱਜਟ ਅਨੁਸਾਰ ਪੰਜਾਬ ਸਿਰ ਕੋਈ 312000 ਕਰੋੜ ਰੁਪਏ ਦਾ ਕਰਜ਼ਾ ਸੀ, ਇਸ ਦਾ ਦਿਨ ਪ੍ਰਤੀ ਦਿਨ ਵਧਣਾ, ਮੁਫਤ ਦੀਆਂ ਸਹੂਲਤਾਂ, 35% ਤਨਖਾਹਾਂ ਉੱਤੇ, 18 % ਪੈਨਸ਼ਨਾਂ ਉੱਤੇ ਅਤੇ 20 % ਹੋਰ ਦੇਣਦਾਰੀਆਂ ਉੱਤੇ ਖਰਚ ਕਰਕੇ ਕੈਪੀਟਲ ਖਰਚੇ ਵਾਸਤੇ ਪੈਸਾ ਨਾ ਬਚਣਾ, ਨਵੀਆਂ ਭਰਤੀਆਂ ਕਾਰਨ ਖਰਚਿਆਂ ਵਿਚ ਇਜ਼ਾਫਾ, ਪਿਛਲੇ ਕਰਜ਼ ਦੀਆਂ ਕਿਸ਼ਤਾਂ ਅਤੇ ਵਿਆਜ ਦੀ ਵਾਪਸੀ, ਕੇਂਦਰ ਦੁਆਰਾ ਅਤੇ ਸਿਹਤ ਸਹੂਲਤਾਂ ਲਈ ਫੰਡਾਂ ਉੱਪਰ ਰੋਕ ਨੇ ਪੰਜਾਬ ਦੀ ਆਰਥਿਕ ਹਾਲਤ ਬਦ ਤੋਂ ਬਦਤਰ ਕੀਤੀ ਹੈ ।

ਭ੍ਰਿਸ਼ਟਾਚਾਰ ਲਈ ਜਾਣੇ ਜਾਂਦੇ ਵੱਡੇ-ਵੱਡੇ ਮਗਰਮੱਛ , ਜਿਨ੍ਹਾ ਨੂੰ ਪਹਿਲਾਂ ਕੋਈ ਹੱਥ ਨਹੀਂ ਪਾਉਂਦਾ ਸੀ, ਦਾ ਫੜੇ ਜਾਣਾ , ਪਿਛਲੀ ਸਰਕਾਰ ਵਿੱਚ ਰਹੇ ਮੰਤਰੀਆਂ ਨੂੰ ਜੇਲ੍ਹ ਦੀ ਹਵਾ ਖਵਾਉਣਾ, ਰੈਵੇਨਿਊ ਮਹਿਕਮੇ ਨਾਲ ਆਢਾ, ਆਈ ਜੀ, ਏ ਆਈ ਜੀ, ਆਈ ਏ ਐੱਸ ਪੱਧਰ ਦੇ ਅਧਿਕਾਰੀਆਂ ਨੂੰ ਸਲਾਖਾਂ ਪਿੱਛੇ ਧੱਕ ਕੇ ਭ੍ਰਿਸ਼ਟਾਚਾਰ ਪ੍ਰਤੀ ਜ਼ੀਰੋ ਟਾਲਰੇਂਸ ਦਾ ਸੁਨੇਹਾ ਦੇਣਾ ਸਰਕਾਰ ਦੀ ਮਹੱਤਵਪੂਰਨ ਪ੍ਰਾਪਤੀ ਹੈ। ਹੋਰ ਕਦਮ ਚੁੱਕਣ ਦੀ ਲੋੜ ਦੇ ਨਾਲ-ਨਾਲ ਸਰਕਾਰ ਦੇ ਹਿੱਸੇਦਾਰ ਬਣੇ ਦਾਗਦਾਰ ਰਾਜਨੀਤਕ ਲੋਕਾਂ ਨੂੰ ਬਿਨਾਂ ਕਿਸੇ ਰੁਤਬੇ ਅਤੇ ਅਹੁਦੇ ਦਾ ਲਿਹਾਜ਼ ਕੀਤਿਆਂ ਵੀ ਕਟਹਿਰੇ ਵਿੱਚ ਖੜ੍ਹੇ ਕਰਨ ਦੀ ਲੋੜ ਹੈ। ਅਮਰੂਦਾਂ ਦੇ ਬਾਗਾਂ ਨਾਲ ਸੰਬੰਧਤ ਲੋਕਾਂ ਕੋਲੋਂ 38 ਕਰੋੜ ਰੁਪਇਆ ਵਸੂਲ ਲੈਣਾ ਅਤੇ 22 ਕਰੋੜ ਹੋਰ ਆਉਣ ਦੀ ਉਮੀਦ ਆਪਣੇ-ਆਪ ਵਿੱਚ ਵੱਡੀ ਕਾਮਯਾਬੀ ਹੈ ।

ਕੇਂਦਰ ਦੁਆਰਾ ਨਾਮਜ਼ਦ ਰਾਜਪਾਲ ਸ੍ਰੀ ਬਨਵਾਰੀ ਲਾਲ ਪੁਰੋਹਿਤ ਅਤੇ ਪੰਜਾਬੀਆਂ ਦੁਆਰਾ ਚੁਣੀ ਹੋਈ ਸਰਦਾਰ ਭਗਵੰਤ ਸਿੰਘ ਮਾਨ ਦੀ ਸਰਕਾਰ ਦਰਮਿਆਨ ਟਕਰਾਅ ਦੀ ਸਥਿਤੀ ਰਾਜ ਦੇ ਵਿਕਾਸ ਲਈ ਅਤੀ ਮੰਦਭਾਗੀ ਹੈ । ਆਮ ਆਦਮੀ ਪਾਰਟੀ ਦੀ ਸਰਕਾਰ ਦਾ ਕਹਿਣਾ ਹੈ ਕਿ ਰਾਜਪਾਲ ਸਰਕਾਰ ਦਾ ਪ੍ਰਮੁੱਖ ਹੋਣ ਦੇ ਬਾਵਜੂਦ ਵਿਰੋਧੀ ਧਿਰ ਦੇ ਨੁਮਾਇੰਦੇ ਦੇ ਤੌਰ 'ਤੇ ਵਿਚਰਦਾ ਹੈ, ਜਦ ਕਿ ਰਾਜਪਾਲ ਦਾ ਕਹਿਣਾ ਹੈ ਕਿ ਰਾਜ ਦੇ ਸੰਵਿਧਾਨਕ ਮੁਖੀ ਪ੍ਰਤੀ ਗੈਰ ਸੰਵਿਧਾਨਕ ਭਾਸ਼ਾ ਦੀ ਵਰਤੋਂ ਨਾਕਾਬਲੇ ਬਰਦਾਸ਼ਤ ਹੈ । ਵਿਧਾਨ ਸਭਾ ਦੇ ਸੈਸ਼ਨ ਨੂੰ ਗੈਰ-ਕਾਨੂੰਨੀ ਦੱਸ ਕੇ ਬਿੱਲਾਂ ਉੱਪਰ ਦਸਤਖਤ ਨਾ ਕਰਨੇ, ਤਿੰਨ ਮਨੀ ਬਿੱਲਾਂ ਨੂੰ ਰੋਕ ਕੇ ਰੱਖਣਾ ਬਜਟ ਸੈਸ਼ਨ ਨੂੰ ਪਹਿਲਾਂ ਮਨਜ਼ੂਰੀ ਦੇਣ ਤੋਂ ਇਨਕਾਰ ਅਤੇ ਸਰਕਾਰ ਦੁਆਰਾ ਸੁਪਰੀਮ ਕੋਰਟ ਚਲੇ ਜਾਣ ਤੋਂ ਬਾਅਦ ਤੁਰੰਤ ਮਨਜ਼ੂਰੀ ਦੇ ਦੇਣਾ, 18 ਮਹੀਨਿਆਂ ਵਿਚ 20 ਪੱਤਰ ਲਿਖ ਕੇ ਜਵਾਬ ਦੀ ਤਵੱਕੋ ਕਰਨਾ, 19 ਅਤੇ 20 ਜੂਨ 2023 ਦੇ ਸੈਸ਼ਨ ਨੂੰ ਗੈਰ-ਕਾਨੂੰਨੀ ਕਹਿ ਕੇ ਉਸ ਸੈਸ਼ਨ ਵਿਚ ਪਾਸ ਕੀਤੇ ਬਿੱਲ ਜਿਨ੍ਹਾਂ ਵਿੱਚ ਗੁਰਬਾਣੀ ਪ੍ਰਸਾਰਨ ਬਿੱਲ, ਡੀ ਜੀ ਪੀ ਦੀ ਨਿਯੁਕਤੀ ਅਤੇ ਯੂਨੀਵਰਸਿਟੀਆਂ ਦੇ ਚਾਂਸਲਰਾਂ ਦੀ ਨਿਯੁਕਤੀ ਸੰਬੰਧੀ ਬਿੱਲ ਰੋਕ ਕੇ ਰੱਖ ਲਏ ਜਾਣਾ ਮੰਦਭਾਗਾ ਨਹੀਂ ਤਾਂ ਹੋਰ

3-NOV-PAGE-5.qxd 11/2/2023 10:12 PM Page 1

ਇੰਜੀਨੀਅਰਿੰਗ ਕਾਲਜ ਬੰਦ ਕਰਨ ਖਿਲਾਫ ਸਰਕਾਰ ਦੀ ਫੂਕੀ ਅਰਥੀ

ਲਹਿਰਾਗਾਗਾ (ਪਵਨ ਸ਼ਰਮਾ)

ਲਹਿਰਾਗਾਗਾ ਦੇ ਬਾਬਾ ਹੀਰਾ ਸਿੰਘ ਭੱਠਲ ਇੰਜੀਨੀਅਰਿੰਗ ਕਾਲਜ ਨੂੰ ਪੱਕੇ ਤੌਰ 'ਤੇ ਬੰਦ ਕਰਕੇ 100 ਰੈਗੂਲਰ ਮੁਲਾਜ਼ਮਾਂ ਨੂੰ ਨੌਕਰੀ ਤੋਂ ਕੱਢਣ ਦੇ ਮੰਦਭਾਗੇ ਫੈਸਲੇ ਵਿਰੁੱਧ ਕਾਲਜ ਬਚਾਓ ਸੰਘਰਸ਼ ਕਮੇਟੀ ਵੱਲੋਂ ਹਲਕੇ ਦੇ ਪਿੰਡਾਂ ਵਿੱਚ ਪੰਜਾਬ ਸਰਕਾਰ ਦੀਆਂ ਅਰਥੀਆਂ ਫੂਕਣ ਦਾ ਪ੍ਰੋਗਰਾਮ ਵਿੱਢਿਆ ਗਿਆ ਹੈ। ਇਸ ਲੜੀ ਤਹਿਤ ਅੱਜ ਪਿੰਡ ਰਾਮਗੜ੍ਹ ਸੰਧੂਆਂ ਵਿਖੇ ਪੰਜਾਬ ਸਰਕਾਰ ਦੀ ਅਰਥੀ ਫੂਕੀ ਗਈ। ਇਸ ਮੌਕੇ ਬੀ.ਕੇ.ਯੂ. ਉਗਰਾਹਾਂ ਦੇ ਜਨਰਲ ਸਕੱਤਰ ਕੁਲਦੀਪ ਸਿੰਘ, ਸੀਨੀਅਰ ਮੀਤ ਪ੍ਰਧਾਨ ਭੀਮਾ ਸਿੰਘ, ਖਜ਼ਾਨਚੀ ਰਣਜੀਤ ਸਿੰਘ ਕਾਕਾ, ਸਰਪੰਚ ਜਗਤਾਰ ਸਿੰਘ ਤੇ ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਡਾ. ਨਾਇਬ ਸਿੰਘ ਨੇ ਪੰਜਾਬ ਸਰਕਾਰ ਦੇ ਇਸ ਮੰਦਭਾਗੇ ਫੈਸਲੇ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਸਿੱਖਿਆ, ਰੋਜ਼ਗਾਰ ਤੇ ਸਿਹਤ ਸਹੂਲਤਾਂ ਦੇਣ ਦੇ ਦਾਅਵੇ ਕਰਨ ਵਾਲੀ ਸਰਕਾਰ ਨੇ 100 ਪੱਕੇ ਮੁਲਾਜ਼ਮਾਂ ਨੂੰ ਨੌਕਰੀ ਤੋਂ ਕੱਢਣ ਦੇ ਤੁਗਲਕੀ ਫੁਰਮਾਨ ਜਾਰੀ ਕਰਕੇ ਜਿੱਥੇ 100 ਘਰਾਂ ਦੇ ਚੁੱਲ੍ਹਿਆਂ ਦੀ ਅੱਗ ਬੁਝਾਈ ਹੈ, ਓਥੇ ਹੀ ਕਾਲਜ ਬੰਦ ਕਰਕੇ ਹਲਕੇ ਦੇ ਲੋਕਾਂ ਨਾਲ ਵੀ ਧੋਖਾ ਕੀਤਾ ਹੈ।

ਇਸ ਮੌਕੇ ਕਾਲਜ ਦੇ ਸਟਾਫ ਮੈਂਬਰ ਮਨਜੀਤ ਸਿੰਘ, ਦਸਮੇਸ਼ ਸਿੰਘ, ਦਰਸ਼ਨ ਸਿੰਘ, ਅਨਿਲ ਅਗਰਵਾਲ, ਪ੍ਰੇਮ ਸਿੰਘ, ਰੋਹਿਤ ਕੁਮਾਰ, ਭਗਵੰਤ ਸਿੰਘ, ਕਰਮਜੀਤ ਸਿੰਘ ਤੇ ਕੁਲਵੀਰ ਸਿੰਘ ਨੇ ਸਰਕਾਰ ਦੀ ਨਿਖੇਧੀ ਕੀਤੀ ਤੇ ਸੰਘਰਸ਼ ਜਾਰੀ ਰੱਖਣ ਐਲਾਨ ਕੀਤਾ। ਇਸ ਮੌਕੇ ਭਾਰੀ ਗਿਣਤੀ ਵਿੱਚ ਬੀ.ਕੇ.ਯੂ. ਉਗਰਾਹਾਂ ਤੇ ਹੋਰ ਇਨਸਾਫ ਪਸੰਦ ਜਥੇਬੰਦੀਆਂ ਦੇ ਮੈਂਬਰ ਤੇ ਪਿੰਡ ਵਾਸੀ ਮੌਜੂਦ ਸਨ।

ਸ਼੍ਰੋਮਣੀ ਕਮੇਟੀ ਚੋਣਾਂ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਦੀ ਕਿਸ਼ਨਪੁਰਾ ਕਲਾਂ 'ਚ ਮੀਟਿੰਗ

ਧਰਮਕੋਟ (ਗੁਰਦੀਪ ਸਿੰਘ ਭੁੱਲਰ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਦੇ ਵਫਾਦਾਰ ਆਗੂ ਤੇ ਨਿੱਡਰ ਵਰਕਰ ਜਸਵਿੰਦਰ ਸਿੰਘ ਔਲਖ ਦੇ ਗ੍ਰਹਿ ਪਿੰਡ ਕਿਸ਼ਨਪੁਰਾ ਕਲਾਂ ਵਿਖੇ ਇਕ ਅਹਿਮ ਮੀਟਿੰਗ ਹੋਈ, ਜਿਸ ਵਿੱਚ ਵੱਖ-ਵੱਖ ਆਗੂਆਂ ਨੇ ਵਿਚਾਰ-ਵਟਾਂਦਰਾ ਕਰਨ ਤੋਂ ਬਾਅਦ ਇਹ ਗੱਲ ਨਿਚੋੜ ਕੱਢ ਕੇ ਰੱਖ ਦਿੱਤੀ, ਜੇ ਆਉਣ ਵਾਲੀਆਂ ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਵਿੱਚ ਨੌਜਵਾਨ ਪੀੜ੍ਹੀ ਨੂੰ ਸਹੀ ਦਿਸ਼ਾ ਮਿਲੇਗੀ ਤੇ ਉਹ ਆਪਣੀ ਵੋਟ ਦੇ ਖੁਦ ਹੱਕਦਾਰ ਹੋਣਗੇ। ਇਸ ਤਰਜ਼ 'ਤੇ ਚੱਲਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਅਮਰਜੀਤ ਸਿੰਘ ਲੰਡੇਕੇ ਨੇ ਪਾਰਟੀ ਵਫਾਦਾਰ ਟਕਸਾਲੀ ਆਗੂ ਤੇ ਹਲਕਾ ਧਰਮਕੋਟ ਦੇ ਸੀਨੀਅਰ ਮੀਤ ਪ੍ਰਧਾਨ ਜਸਵਿੰਦਰ ਸਿੰਘ ਔਲਖ ਨਾਲ ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਬਣਾਉਣ ਸਬੰਧੀ ਇੱਕ ਅਹਿਮ ਮੀਟਿੰਗ ਕੀਤੀ। ਪਤਾ ਲੱਗਾ ਹੈ ਕਿ ਸ਼੍ਰੋਮਣੀ ਕਮੇਟੀ ਦੀਆਂ ਵੋਟਾਂ ਬਣਾਉਣ ਲਈ ਜਿੱਥੇ ਖੁਦ ਵੀ ਅਹਿਮ ਸੰਭਾਲੀ ਹੋਈ ਹੈ, ਉਥੇ ਨੌਜਵਾਨ ਵਰਗ ਨੇ ਵੀ ਉਨ੍ਹਾਂ ਦੇ ਦਿਸ਼ਾ ਨਿਰਦੇਸ਼ਾਂ ਹੇਠ ਹਲਕਾ ਧਰਮਕੋਟ ਹੀ ਨਹੀਂ ਸਗੋਂ ਸਮੁੱਚੇ ਜ਼ਿਲ੍ਹੇ 'ਚ ਸ਼੍ਰੋਮਣੀ ਕਮੇਟੀ ਚੋਣਾਂ ਬਣਾਉਣ ਦੀ ਵਾਂਗਡੋਰ ਸੰਭਾਲੀ ਹੋਈ ਹੈ। ਜ਼ਿਲ੍ਹਾ ਪ੍ਰਧਾਨ ਅਮਰਜੀਤ ਸਿੰਘ ਲੰਡੇਕੇ ਤੇ ਬਲਾਕ ਦੇ ਸੀਨੀਅਰ ਮੀਤ ਪ੍ਰਧਾਨ ਜਸਵਿੰਦਰ ਸਿੰਘ ਔਲਖ ਨੇ ਦੱਸਿਆ ਕਿ ਲੋਕ ਬੜੇ ਉਤਸ਼ਾਹ ਦੇ ਨਾਲ ਵੋਟਾਂ ਬਣਾ ਰਹੇ ਹਨ ਤੇ ਉਨ੍ਹਾਂ ਦੀ ਇੱਕੋ-ਇੱਕ ਮਨਸਾ ਹੈ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਆਗੂ ਹੀ ਸ਼੍ਰੋਮਣੀ ਕਮੇਟੀ ਚੋਣਾਂ 'ਤੇ ਕਾਬਜ਼ ਹੋਣ, ਕਿਉਂਕਿ ਇਸ ਦਲ ਦੇ ਬਗੈਰ ਲੋਕਾਂ ਨੂੰ ਕਿਧਰੇ ਵੀ ਆਮ ਨਜ਼ਰ ਨਹੀਂ ਆ ਰਹੀ।

'ਖੇਡਾਂ ਵਤਨ ਪੰਜਾਬ ਦੀਆਂ' ਦਾ ਦੋ ਰੋਜ਼ਾ ਬਲਾਕ ਪੱਧਰੀ ਆਗਾਜ਼

ਖੇਡਾਂ ਦੀ ਸ਼ੁਰੂਆਤ ਬਲਾਕ ਸਿੱਖਿਆ ਅਫਸਰ ਜਸਵਿੰਦਰ ਸਿੰਘ ਤੇ ਪ੍ਰੈੱਸ ਕਲੱਬ ਦੇ ਉੱਪ ਪ੍ਰਧਾਨ ਜੋਗਿੰਦਰ ਸਿੰਘ ਭੋਲਾ ਨੇ ਕਰਵਾਈ

ਮਮਦੋਟ (ਜਸਬੀਰ ਸਿੰਘ ਕੰਬੋਜ, ਹਰਪਾਲ ਸੋਢੀ)-ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਅਗਵਾਈ ਵਿੱਚ ਖੇਡ ਵਿਭਾਗ ਪੰਜਾਬ ਵੱਲੋਂ ਸੂਬੇ ਭਰ ਵਿੱਚ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ' ਤਹਿਤ ਬਲਾਕ ਮਮਦੋਟ ਦੇ 60 ਪ੍ਰਾਇਮਰੀ ਸਕੂਲਾ ਦੇ ਬਲਾਕ ਪੱਧਰੀ ਖੇਡ ਮੁਕਾਬਲਿਆਂ ਦੀ ਸ਼ੁਰੂਆਤ ਸਰਕਾਰੀ ਪ੍ਰਾਇਮਰੀ ਸਕੂਲ ਗੁੰਦੜ ਢੰਡੀ ਵਿਖੇ ਮਮਦੋਟ ਬਲਾਕ ਦੇ ਸਿੱਖਿਆ ਅਫਸਰ ਜਸਵਿੰਦਰ ਸਿੰਘ ਤੇ ਪ੍ਰੈੱਸ ਕਲੱਬ ਮਮਦੋਟ ਦੇ ਉੱਪ ਪ੍ਰਧਾਨ ਜੋਗਿੰਦਰ ਸਿੰਘ ਭੋਲਾ ਨੇ ਕੀਤੀ। ਇਸ ਮੌਕੇ ਵੱਖ ਵੱਖ ਸਕੂਲਾਂ ਦੇ ਬੱਚਿਆਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ 'ਖੇਡਾਂ ਵਤਨ ਪੰਜਾਬ ਦੀਆਂ' ਨੇ ਪੰਜਾਬ ਦੇ ਖਿਡਾਰੀਆਂ ਵਿੱਚ ਨਵੀਂ ਊਰਜਾ ਤੇ ਕ੍ਰਾਂਤੀ ਪੈਦਾ ਕੀਤੀ ਹੈ। ਇਸ ਮੌਕੇ ਸਕੂਲੀ ਬੱਚਿਆਂ ਦੇ ਕਬੱਡੀ, ਕੁਸ਼ਤੀ, ਰੱਸਾਕਸ਼ੀ, ਖੋ-ਖੋ, ਦੌੜਾਂ ਆਦਿ ਦੇ ਮੁਕਾਬਲੇ ਸ਼ੁਰੂ ਕਰਵਾਏ। ਇਸ ਮੌਕੇ ਸੀ ਐੱਚ ਟੀ ਗੁਰਦੇਵ ਸਿੰਘ, ਸੀ ਐੱਚ ਟੀ ਸੁਮਨ, ਸੀ ਐੱਚ ਟੀ ਗੁਰਪ੍ਰੀਤ ਸਿੰਘ, ਸੀ ਐੱਚ ਟੀ ਗੁਰਦੀਪ ਸਿੰਘ, ਐੱਚ ਟੀ ਦਲਜੀਤ ਕੌਰ, ਸੀ ਐੱਚ ਟੀ ਰੰਜੀਵ ਧਵਨ, ਐੱਚ ਟੀ ਪਰਮਜੀਤ ਸਿੰਘ ਰਾਉ ਕੇ ਹਿਠਾੜ, ਐੱਚ ਟੀ ਹਰੀਸ ਕੁਮਾਰ, ਐੱਚ ਟੀ ਅਮਰੀਕ ਸਿੰਘ, ਐੱਚ ਟੀ ਹਰਵਿੰਦਰ ਸਿੰਘ, ਐੱਚ ਟੀ ਗੁਰਚਰਨ ਸਿੰਘ, ਐੱਚ ਟੀ ਕੁਲਵੰਤ ਸਿੰਘ, ਐੱਚ ਟੀ ਮੋਨਿਕਾ ਰਾਣੀ, ਐੱਚ ਟੀ ਊਸ਼ਾ ਰਾਣੀ, ਐੱਚ ਟੀ ਗੁਰਬਚਨ ਸਿੰਘ, ਗਗਨਦੀਪ ਸਿੰਘ ਈ ਟੀ ਟੀ, ਗੁਰਦੀਪ ਸਿੰਘ ਐਸੋਸੀਏਟ ਟੀਚਰ, ਸੁਰਜੀਤ ਸਿੰਘ ਐਸੋਸੀਏਟ ਟੀਚਰ, ਬਿਮਲਾ ਰਾਣੀ, ਗੁਰਵਿੰਦਰ ਸਿੰਘ ਈ ਟੀ ਟੀ, ਐੱਚ ਟੀ ਸੁਰਿੰਦਰ ਕੁਮਾਰ, ਈ ਟੀ ਟੀ ਮਨਜੀਤ ਕੌਰ, ਸੰਦੀਪ ਕੁਮਾਰ, ਵੇਦ ਪ੍ਰਕਾਸ਼, ਬਲਜਿੰਦਰ ਸਿੰਘ ਈ ਟੀ ਟੀ, ਧੀਰਜ, ਸਰੂਪ ਸਿੰਘ, ਓਮ ਪ੍ਰਕਾਸ਼ ਐਸੋਸੀਏਟ ਟੀਚਰ, ਪ੍ਰਦੀਪ ਕੁਮਾਰ, ਅੰਗਰੇਜ਼ ਸਿੰਘ, ਐੱਚ ਟੀ ਗੁਰਮੀਤ ਸਿੰਘ, ਐੱਚ ਟੀ ਪਵਨ ਕੁਮਾਰ, ਬਲਵਿੰਦਰ ਸਿੰਘ ਈ ਟੀ ਟੀ, ਕਿਰਨ ਰਾਣੀ ਈ ਟੀ ਟੀ, ਰਮਨ ਕੁਮਾਰ ਐਸੋਸੀਏਟ ਟੀਚਰ ਆਦਿ ਹਾਜ਼ਰ ਸਨ।

ਮਾਤਾ ਸੁੰਦਰੀ ਕਾਨਵੈਂਟ ਸਕੂਲ ਢੱਡੇ ਵੱਲੋਂ ਵਿੱਦਿਅਕ ਟੂਰ

ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਮਾਤਾ ਸੁੰਦਰੀ ਕਾਨਵੈਂਟ ਸਕੂਲ ਢੱਡੇ ਵੱਲੋਂ ਵਿਦਿਆਰਥੀਆਂ ਦਾ ਇੱਕ ਦਿਨ ਦਾ ਚੰਡੀਗੜ੍ਹ, ਛੱਤਬੀੜ ਤੇ ਚੌਕੀਢਾਣੀ ਦਾ ਵਿੱਦਿਅਕ ਟੂਰ ਲਗਾਇਆ ਗਿਆ। ਇਸ ਦੀ ਰਵਾਨਗੀ ਸੰਸਥਾ ਦੇ ਚੇਅਰਮੈਨ ਕੁਲਵੰਤ ਸਿੰਘ ਢੱਡੇ ਵੱਲੋਂ ਹਰੀ ਝੰਡੀ ਦੇ ਕੇ ਕੀਤੀ ਗਈ। ਉਨ੍ਹਾਂ ਕਿਹਾ ਕਿ ਸੰਸਥਾ ਸਕੂਲ ਦੇ ਹਰ ਸੈਸ਼ਨ ਵਿੱਚ ਵਿਦਿਆਰਥੀਆਂ ਲਈ ਵਿੱਦਿਅਕ ਟੂਰਾਂ ਦਾ ਪ੍ਰਬੰਧ ਕਰਦੀ ਹੈ। ਅਜਿਹੇ ਵਿੱਦਿਅਕ ਟੂਰਾਂ ਦਾ ਵਿਦਿਆਰਥੀ ਜੀਵਨ ਵਿੱਚ ਅਹਿਮ ਯੋਗਦਾਨ ਹੁੰਦਾ ਹੈ। ਸੰਸਥਾ ਦੇ ਐੱਮ ਡੀ ਗੁਰਬਿੰਦਰ ਸਿੰਘ ਬੱਲੀ ਤੇ ਡਾਇਰੈਕਟਰ ਐਡਮਨਿਸਟ੍ਰੇਸ਼ਨ ਪਰਮਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਵਿੱਦਿਅਕ ਟੂਰਾਂ ਕਾਰਨ ਵਿਦਿਆਰਥੀਆਂ ਵਿੱਚ ਆਤਮ-ਵਿਸ਼ਵਾਸ ਤੇ ਜਮਾਤ ਤੋਂ ਬਾਹਰ ਸਿੱਖਣ ਨੂੰ ਮਿਲਦਾ ਹੈ। ਛੱਤਬੀੜ ਵਿੱਚ ਬੱਚਿਆਂ ਨੇ ਵੱਖ ਵੱਖ ਜਾਨਵਰਾਂ ਬਾਰੇ ਜਾਣਕਾਰੀ ਹਾਸਲ ਕੀਤੀ ਤੇ ਚੌਕੀ ਢਾਣੀ ਵਿੱਚ ਵਿਦਿਆਰਥੀ ਰਾਜਸਥਾਨ ਦੇ ਸੱਭਿਆਚਾਰ ਤੋਂ ਜਾਣੂ ਹੋਏ ਅਤੇ ਉਥੇ ਉਨ੍ਹਾਂ ਨੇ ਰਾਜਸਥਾਨੀ ਖਾਣੇ ਦਾ ਆਨੰਦ ਮਾਣਿਆ। ਇਸ ਵਿੱਦਿਅਕ ਟੂਰ ਤਹਿਤ ਸਕੂਲ ਦੇ 33 ਵਿਦਿਆਰਥੀਆਂ ਤੇ 3 ਅਧਿਆਪਕਾਂ ਨੇ ਹਿੱਸਾ ਲਿਆ। ਇਸ ਦੌਰਾਨ ਸਕੂਲ ਦੇ ਮੈਡਮ ਕਿਰਨਜੀਤ ਕੌਰ, ਮੈਡਮ ਈਸ਼ਵਰ ਕੌਰ ਤੇ ਮੈਡਮ ਅਮਨਦੀਪ ਕੌਰ ਢਿੱਲੋਂ ਨੇ ਹਿੱਸਾ ਲਿਆ।

ਆਊਟਸੋਰਸ ਕਾਮਿਆਂ ਵੱਲੋਂ ਸੰਘਰਸ਼ ਦਾ ਐਲਾਨ

ਬਰੇਟਾ (ਗੀਤਵਾਲ)-ਪੰਜਾਬ ਵਾਟਰ ਸਪਲਾਈ ਸੀਵਰੇਜ ਬੋਰਡ ਵਿਭਾਗ ਵਿੱਚ ਪਿਛਲੇ 10-15 ਸਾਲਾਂ ਤੋਂ ਸੇਵਾਵਾਂ ਨਿਭਾਅ ਰਹੇ ਆਊਟਸੋਰਸ ਕਾਮਿਆਂ ਦੀ ਜਥੇਬੰਦੀ ਵੱਲੋਂ ਹੱਕੀ ਮੰਗਾਂ ਲਈ ਸੰਘਰਸ਼ ਨੂੰ ਤੇਜ਼ ਕਰਦਿਆਂ ਪ੍ਰਾਈਵੇਟ ਕੰਪਨੀ ਤੇ ਸਰਕਾਰ ਖਿਲਾਫ ਰੋਸ ਪ੍ਰਗਟ ਕੀਤਾ ਗਿਆ। ਮੀਟਿੰਗ ਦੌਰਾਨ ਵਰਕਰਾਂ ਨੂੰ ਆ ਰਹੀਆਂ ਮੁਸ਼ਕਲਾਂ ਤੇ ਵਰਕਰਾਂ ਦੇ ਭਵਿੱਖ ਨਾਲ ਖਿਲਵਾੜ ਵਿੱਧ ਤਨਖਾਹਾਂ ਵਿੱਚ ਵਾਧਾ ਕਰਵਾਉਣ ਲਈ ਤੇ ਵੱਖ ਵੱਖ ਮੰਗਾਂ ਮਸਲਿਆਂ 'ਤੇ ਵਿਚਾਰਾਂ ਕੀਤੀਆਂ ਗਈਆਂ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸੂਬਾਈ ਆਗੂ ਸੱਤਪਾਲ ਸਿੰਘ ਨੇ ਕਿਹਾ ਕਿ ਆਊਟਸੋਰਸ ਮੁਲਾਜ਼ਮਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਹੱਲ ਕਰਵਾਉਣ ਲਈ ਵਿਭਾਗ ਤੇ ਪੰਜਾਬ ਸਰਕਾਰ ਖ਼ਿਲਾਫ਼ ਤਿੱਖੇ ਸੰਘਰਸ਼ ਵਿੱਢੇ ਜਾਣਗੇ। ਉਨ੍ਹਾਂ ਕਿਹਾ ਕਿ ਸੂਬਾ ਕਮੇਟੀ ਦੇ ਫ਼ੈਸਲੇ ਅਨੁਸਾਰ ਸੰਘਰਸ਼ ਦੇ ਪਹਿਲੇ ਪੜਾਅ ਦਾ ਐਲਾਨ ਕਰਦਿਆਂ 8 ਨਵੰਬਰ ਨੂੰ ਵਿਭਾਗ ਦੇ ਹੈੱਡ ਆਫ਼ਿਸ ਪਟਿਆਲਾ ਦਾ ਘਿਰਾਓ ਕੀਤਾ ਜਾਵੇਗਾ। ਆਊਟਸੋਰਸ ਵਰਕਰ ਪਿਛਲੇ ਦਸ-ਦਸ, ਪੰਦਰਾਂ-ਪੰਦਰਾਂ ਸਾਲਾਂ ਤੋਂ ਨਿਗੂਣੀਆਂ ਤਨਖਾਹਾਂ 'ਤੇ ਕੰਮ ਕਰ ਰਹੇ ਹਨ। ਇਸ ਮੌਕੇ ਸੂਬਾ ਆਗੂ ਸੱਤਪਾਲ ਸਿੰਘ, ਕੁਲਵਿੰਦਰ ਸਿੰਘ ਬਰੇਟਾ, ਗੁਰਦੇਵ ਸਿੰਘ ਜ਼ਿਲ੍ਹਾ ਪ੍ਰਧਾਨ, ਰਾਜੇਸ਼ ਕੁਮਾਰ, ਜੱਗਾ ਸਿੰਘ ਭੀਖੀ ਆਦਿ ਵਰਕਰ ਹਾਜ਼ਰ ਸਨ।

ਗੁਰੂ ਹਰਸਹਾਏ ਪ੍ਰੈੱਸ ਕਲੱਬ ਦੇ ਮੈਂਬਰਾਂ ਨੇ ਐੱਸ ਡੀ ਐੱਮ ਨਾਲ ਕੀਤੀ ਮੀਟਿੰਗ

ਗੁਰੂ ਹਰਸਹਾਏ (ਫ਼ਕੀਰ ਚੰਦ ਸਿਕਰੀ)-ਦੀ ਗੁਰੂ ਹਰਸਹਾਏ ਪ੍ਰੈੱਸ ਕਲੱਬ ਨੇ ਸਮੂਹ ਪੱਤਰਕਾਰਾਂ ਨੇ ਗੁਰੂ ਹਰਸਹਾਏ ਦੇ ਐੱਸ ਡੀ ਐੱਮ ਦੇ ਨਾਲ ਇਕ ਵਿਸ਼ੇਸ਼ ਮੀਟਿੰਗ ਕੀਤੀ। ਇਸ ਮੌਕੇ ਦੀ ਗੁਰੂ ਹਰਸਹਾਏ ਪ੍ਰੈੱਸ ਕਲੱਬ ਦੇ ਪ੍ਰਧਾਨ ਕਪਿਲ ਕੰਧਾਰੀ, ਚੇਅਰਮੈਨ ਸੁਨੀਲ ਆਵਲਾ, ਉਪ ਪ੍ਰਧਾਨ ਮਨਜੀਤ ਸਯੋਨਾ, ਸਰਪ੍ਰਸਤ ਫ਼ਕੀਰ ਚੰਦ ਸਿਕਰੀ, ਸੈਕਟਰੀ ਗਗਨ ਮੱਕੜ, ਕੈਸ਼ੀਅਰ ਬਲਜਿੰਦਰ ਹਾਂਡਾ, ਜੀਵਨਜੋਤ ਕੌਰ, ਸੁਰਿੰਦਰ ਹਾਂਡਾ, ਰਾਜਿੰਦਰ ਕੰਬੋਜ ਆਦਿ ਪੱਤਰਕਾਰ ਹਾਜ਼ਰ ਸਨ। ਇਸ ਮੌਕੇ ਸਮੂਹ ਪੱਤਰਕਾਰਾਂ ਵੱਲੋਂ ਸ਼ਹਿਰ ਦੇ ਵੱਖ ਵੱਖ ਮਸਲਿਆਂ ਨੂੰ ਲੈ ਕੇ ਅਹਿਮ ਚਰਚਾ ਕੀਤੀ ਗਈ। ਇਸ ਮੌਕੇ ਪੱਤਰਕਾਰਾਂ ਨੇ ਐੱਸ ਡੀ ਐੱਮ ਗੁਰੂ ਹਰਸਹਾਏ ਨੂੰ ਸ਼ਹਿਰ ਦੀਆਂ ਪਿਛਲੇ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਸਬੰਧੀ ਜਾਣੂ ਕਰਵਾਇਆ। ਇਸ ਮੌਕੇ ਪੱਤਰਕਾਰਾਂ ਨੇ ਦੱਸਿਆ ਕਿ ਸ਼ਹਿਰ ਵਿੱਚ ਪਿਛਲੇ ਲੰਮੇ ਸਮੇਂ ਤੋਂ ਬੰਦ ਪਈਆਂ ਸਟ੍ਰੀਟ ਲਾਈਟਾਂ ਨੂੰ ਚਲਵਾਉਣ ਲਈ ਕਈ ਵਾਰ ਨਗਰ ਕੌਂਸਲ ਅਧਿਕਾਰੀਆਂ ਨੂੰ ਕਿਹਾ, ਪਰ ਉਨ੍ਹਾਂ ਵੱਲੋਂ ਇਨ੍ਹਾਂ ਸਟ੍ਰੀਟ ਲਾਈਟਾਂ ਨੂੰ ਨਹੀਂ ਠੀਕ ਕਰਵਾਇਆ ਗਿਆ। ਇਸੇ ਤਰ੍ਹਾਂ ਹੀ ਸ਼ਹਿਰ ਵਿੱਚ ਫਾਇਰ ਬ੍ਰਿਗੇਡ ਦੀ ਵੀ ਬੜੀ ਸਮੱਸਿਆ ਹੈ। ਪਿਛਲੇ ਲੰਬੇ ਸਮੇਂ ਤੋਂ ਫਾਇਰ ਬ੍ਰਿਗੇਡ ਨਾ ਹੋਣ ਕਰਕੇ ਸ਼ਹਿਰ ਵਿੱਚ ਜਦੋਂ ਕਦੇ ਅੱਗ ਲੱਗ ਜਾਂਦੀ ਹੈ ਤਾਂ ਫਾਇਰ ਬ੍ਰਿਗੇਡ ਨੂੰ ਫਿਰੋਜ਼ਪੁਰ ਫਰੀਦਕੋਟ ਜਾਂ ਜਲਾਲਾਬਾਦ ਤੋਂ ਬੁਲਾਉਣਾ ਪੈਂਦਾ। ਇਸੇ ਤਰ੍ਹਾਂ ਪਿਛਲੇ ਤਿੰਨ ਸਾਲਾਂ ਤੋਂ ਕੁੱਟੀ ਰੋਡ ਦੀ ਸੜਕ ਸੀਵਰੇਜ ਪਾਉਣ ਲਈ ਪੁੱਟੀ ਗਈ ਸੀ, ਪ੍ਰੰਤੂ ਅਜੇ ਤੱਕ ਉਹ ਸੜਕ ਨੂੰ ਨਹੀਂ ਬਣਾਇਆ ਗਿਆ ਹੈ। ਇਸ ਮੌਕੇ ਐੱਸ ਡੀ ਐੱਮ ਗਗਨਦੀਪ ਸਿੰਘ ਨੇ ਇਨ੍ਹਾਂ ਸਾਰੀਆਂ ਮੰਗਾਂ ਨੂੰ ਧਿਆਨ ਨਾਲ ਸੁਣਿਆ ਤੇ ਮੌਕੇ 'ਤੇ ਅਧਿਕਾਰੀਆਂ ਨੂੰ ਇਨ੍ਹਾਂ ਦਾ ਹੱਲ ਕਰਨ ਲਈ ਹਦਾਇਤ ਦਿੱਤੀ ਗਈ। ਇਸ ਮੌਕੇ ਸੁਪਰਡੈਂਟ ਕੇਵਲ ਕ੍ਰਿਸ਼ਨ ਵੀ ਹਾਜ਼ਰ ਸਨ।

ਮਹਿੰਦਰ ਸਿੰਘ ਸੰਧੂ ਨੂੰ ਵੱਖ-ਵੱਖ ਆਗੂਆਂ ਵੱਲੋਂ ਸ਼ਰਧਾਂਜਲੀਆਂ

ਕੋਟ ਈਸੇ ਖਾਂ (ਅਰੋੜਾ)-ਇਥੋਂ ਕੋਈ ਚਾਰ ਕੁ ਕਿਲੋਮੀਟਰ ਦੂਰੀ 'ਤੇ ਸਥਿਤ ਪਿੰਡ ਮਸਤੇਵਾਲਾ ਵਿਖੇ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਤੇ ਮੌਜੂਦਾ ਬਲਾਕ ਕਾਂਗਰਸ ਪ੍ਰਧਾਨ ਸ਼ਿਵਾਜ ਸਿੰਘ ਭੋਲਾ ਮਸਤੇਵਾਲ ਦੇ ਪਿਤਾ ਸ੍ਰੀ ਮਹਿੰਦਰ ਸਿੰਘ ਸੰਧੂ (67), ਜੋ ਕਿ ਦਿਹਾਤੀ ਅਕਾਲੀ ਦਲ ਦੇ ਯੂਥ ਵਿੰਗ ਦੇ ਸਰਕਲ ਪ੍ਰਧਾਨ ਸ੍ਰੀ ਮਨਫੂਲ ਸਿੰਘ ਲਾਡੀ ਦੇ ਤਾਇਆ ਜੀ ਵੀ ਸਨ, ਪਿਛਲੇ ਦਿਨੀਂ ਇਸ ਦੁਨੀਆ ਤੋਂ ਰੁਖਸਤ ਹੋ ਗਏ ਅਤੇ ਜਿਨ੍ਹਾਂ ਨੂੰ ਸ਼ਰਧਾਂਜਲੀ ਅਰਪਣ ਕਰਨ ਲਈ ਇੱਕ ਵੱਡੇ ਸ਼ਰਧਾਂਜਲੀ ਸਮਾਰੋਹ ਕੀਤਾ ਗਿਆ। ਇਸ ਵਿੱਚ ਸਭ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ ਤੇ ਇਸ ਦਰਮਿਆਨ ਕੀਰਤਨੀ ਜਥੇ "ਰਾਗੀ ਜਗੀਰ ਸਿੰਘ ਆਜ਼ਾਦ" ਦੇ ਜਥਾ ਮੈਂਬਰਾਂ ਭਾਈ ਸ

page-6-3-Nov.-2023-(SM).qxd 11/2/2023 10:35 PM Page 1

ਪੰਜਾਬ ਤੋਂ ਹਵਾਈ ਯਾਤਰਾ ਹੋਈ ਸੁਖਾਲੀ: ਅੰਮ੍ਰਿਤਸਰ ਤੋਂ ਆਸਟਰੇਲੀਆ, ਨਿਊਜ਼ੀਲੈਂਡ ਸਣੇ ਦੱਖਣ-ਪੂਰਬੀ ਮੁਲਕਾਂ ਲਈ ਹੁਣ ਚਾਰ ਏਅਰਲਾਈਨਾਂ ਰਾਹੀਂ ਸਿੱਧੀ ਉਡਾਣ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ) ਜਿਵੇਂ-ਜਿਵੇਂ ਸਰਦੀਆਂ ਦਾ ਮੌਸਮ ਨੇੜੇ ਆ ਰਿਹਾ ਹੈ, ਪੰਜਾਬ ਤੋਂ ਆਸਟ੍ਰੇਲੀਆ, ਨਿਊਜ਼ੀਲੈਂਡ ਅਤੇ ਵੱਖ-ਵੱਖ ਦੱਖਣ-ਪੂਰਬੀ ਏਸ਼ੀਆਈ ਦੇਸ਼ਾਂ ਸਿੰਗਾਪੁਰ, ਮਲੇਸ਼ੀਆ, ਥਾਈਲੈਂਡ, ਫਿਲੀਪੀਨਜ਼, ਜਪਾਨ ਦੇ ਸ਼ਹਿਰਾਂ ਵਿਚਾਲੇ ਹਵਾਈ ਯਾਤਰਾ ਹੁਣ ਪਿਛਲੇ ਸਾਲਾਂ ਦੇ ਮੁਕਾਬਲੇ ਹੁਣ ਬਹੁਤ ਹੀ ਸੁਖਾਲੀ ਹੋ ਜਾਵੇਗੀ। ਇਹ ਪ੍ਰਗਟਾਵਾ ਫਲਾਈ ਅੰਮ੍ਰਿਤਸਰ ਇਨੀਸ਼ੀਏਟਿਵ ਦੇ ਗਲੋਬਲ ਕਨਵੀਨਰ ਅਤੇ ਅੰਮ੍ਰਿਤਸਰ ਵਿਕਾਸ ਮੰਚ ਦੇ ਓਵਰਸੀਜ਼ ਸਕੱਤਰ ਸਮੀਪ ਸਿੰਘ ਗੁਮਟਾਲਾ ਨੇ ਕੀਤਾ ਹੈ। ਪ੍ਰੈਸ ਨੂੰ ਜਾਰੀ ਵਿਸਥਾਰਤ ਰਿਪੋਰਟ ਵਿੱਚ ਗੁਮਟਾਲਾ ਨੇ ਕਿਹਾ ਕਿ ਪੰਜਾਬੀਆਂ ਕੋਲ ਹੁਣ ਪੰਜਾਬ ਦੇ ਸਭ ਤੋਂ ਵੱਡੇ ਅਤੇ ਰੁੱਝੇ ਸ੍ਰੀ ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡਾ ਅੰਮ੍ਰਿਤਸਰ ਤੋਂ ਮਲੇਸ਼ੀਆ ਅਤੇ ਸਿੰਗਾਪੁਰ ਦੀਆਂ ਚਾਰ ਪ੍ਰਮੁੱਖ ਏਅਰਲਾਈਨਾਂ, ਏਅਰ ਏਸ਼ੀਆ ਐਕਸ, ਬੈਟਿੱਕ ਏਅਰ, ਮਲੇਸ਼ੀਆ ਏਅਰਲਾਈਨ ਅਤੇ ਸਕੂਟ ਤੇ ਕੁਆਲਾਲੰਪੁਰ ਅਤੇ ਸਿੰਗਾਪੁਰ ਰਾਹੀਂ ਵੱਡੀ ਗਿਣਤੀ ਵਿੱਚ ਉਡਾਣਾਂ ਉਪਲੱਬਧ ਹੋਣਗੀਆਂ। ਉਨ੍ਹਾਂ ਨੂੰ ਦਿੱਲੀ ਰਾਹੀ ਜਾਣ ਦੀ ਖੱਜਲ-ਖੁਆਰੀ ਨਹੀਂ ਹੋਵੇਗੀ, ਸਮਾਂ ਅਤੇ ਕਿਰਾਇਆ ਵੀ ਘੱਟ ਲੱਗੇਗਾ। ਗੁਮਟਾਲਾ ਨੇ ਦੱਸਿਆ ਕਿ 8 ਨਵੰਬਰ ਤੋਂ ਮਲੇਸ਼ੀਆ ਏਅਰਲਾਈਨਜ਼, ਕੁਆਲਾਲੰਪੁਰ ਸਥਿਤ ਆਪਣੇ ਹੱਬ ਤੋਂ ਗੁਰੂ ਕੀ ਨਗਰੀ ਅੰਮ੍ਰਿਤਸਰ ਲਈ ਹਫਤੇ ਵਿੱਚ ਦੋ ਦਿਨ ਲਈ ਸਿੱਧੀਆਂ ਉਡਾਣਾਂ ਸ਼ੁਰੂ ਕਰਨ ਨਾਲ ਮਲੇਸ਼ੀਆ ਦੀ ਤੀਜੀ ਏਅਰਲਾਈਨ ਹੋਵੇਗੀ। ਆਸਟ੍ਰੇਲੀਆ ਅਤੇ ਨਿਊਜ਼ੀਲੈਂਡ ਦੇ ਕਈ ਸ਼ਹਿਰਾਂ ਮੈਲਬੋਰਨ, ਸਿਡਨੀ, ਐਡੀਲੇਡ, ਬ੍ਰਿਸਬੇਨ, ਆਕਲੈਂਡ ਆਦਿ ਦੀ ਯਾਤਰਾ ਸਿਰਫ 15 ਤੋਂ 17 ਘੰਟਿਆਂ ਵਿੱਚ ਪੂਰੀ ਕੀਤੀ ਜਾ ਸਕਦੀ ਹੈ। ਹੋਰਨਾਂ ਮੁਲਕਾਂ ਦੇ ਸ਼ਹਿਰ ਬੈਂਕਾਕ, ਫੁਕੇਟ, ਬਾਲੀ, ਹੋ ਚੀ ਮਿਨਹ ਸਿਟੀ, ਮਨੀਲਾ, ਆਦਿ ਲਈ ਵੀ ਕੁਆਲਾਲੰਪੁਰ ਰਾਹੀਂ ਸਿਰਫ 1 ਤੋਂ 3 ਘੰਟੇ ਵਿੱਚ ਉਡਾਣਾਂ ਮਿਲ ਸਕਦੀਆਂ ਹਨ। ਇਨ੍ਹਾਂ ਉਡਾਣਾਂ ਦੀ ਗਿਣਤੀ ਵਧਣ 'ਤੇ ਆਪਣੀ ਖੁਸ਼ੀ ਜ਼ਾਹਰ ਕਰਦੇ ਹੋਏ ਗੁਮਟਾਲਾ ਨੇ ਕਿਹਾ, "ਅੰਮ੍ਰਿਤਸਰ ਹਵਾਈ ਅੱਡਾ ਤੋਂ ਇਹਨਾਂ ਚਾਰ ਏਅਰਲਾਈਨਾਂ ਦੀਆਂ ਹਫਤੇ ਵਿੱਚ 30 ਉਡਾਣਾਂ 'ਤੇ ਹੁਣ ਮਹੀਨੇ ਵਿੱਚ ਕੁੱਲ 34,000 ਯਾਤਰੀ ਆ ਜਾ ਸਕਦੇ ਹਨ। ਇਹ ਵਿਕਾਸ ਬਿਨਾਂ ਸ਼ੱਕ ਹਵਾਈ ਸੰਪਰਕ ਵਿੱਚ ਏਅਰਪੋਰਟ ਦੀ ਮਹੱਤਵਪੂਰਨ ਤਰੱਕੀ ਨੂੰ ਦਰਸਾਉਂਦਾ ਹੈ। ਇਨੀਸ਼ੀਏਟਿਵ ਵਲੋਂ ਅੰਮ੍ਰਿਤਸਰ ਤੋਂ ਵਧੇਰੇ ਹਵਾਈ ਸੰਪਰਕ ਲਈ ਪਿਛਲੇ ਕਈ ਸਾਲਾਂ ਤੋਂ ਅਣਥੱਕ ਮਿਹਨਤ ਨਾਲ ਵਕਾਲਤ ਕੀਤੀ ਜਾ ਰਹੀ ਹੈ, ਏਅਰ ਏਸ਼ੀਆ ਐਕਸ, ਬਰਮਿੰਘਮ, ਲੰਡਨ ਆਦਿ ਕਈ ਉਡਾਣਾਂ ਇਸੇ ਮੁਹਿੰਮ ਦਾ ਨਤੀਜਾ ਹਨ।"ਗੁਮਟਾਲਾ ਨੇ ਦੇਸ਼ ਵਿਦੇਸ਼ ਵੱਸਦੇ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਸਾਰੀਆਂ ਉਡਾਣਾਂ ਨੂੰ ਸਫਲ ਬਣਾਉਣ ਲਈ ਦਿੱਲੀ ਦੀ ਬਜਾਏ ਸਿੱਧੇ ਅੰਮ੍ਰਿਤਸਰ ਲਈ ਉਡਾਣ ਭਰਨ ਨੂੰ ਤਰਜੀਹ ਦੇਣ। ਇਨ੍ਹਾਂ ਉਡਾਣਾਂ ਨਾਲ ਗੁਆਂਢੀ ਸੂਬੇ ਜੰਮੂ, ਹਿਮਾਚਲ ਪ੍ਰਦੇਸ਼ ਅਤੇ ਹਰਿਆਣਾ ਦੇ ਯਾਤਰੀਆਂ ਨੂੰ ਵੀ ਫਾਇਦਾ ਹੋਵੇਗਾ। ਉਨ੍ਹਾਂ ਪੰਜਾਬ ਸਰਕਾਰ ਨੂੰ ਮੁੜ ਅਪੀਲ ਕੀਤੀ ਕਿ ਉਹ ਹਵਾਈ ਅੱਡੇ ਤੋਂ ਸੰਪਰਕ ਨੂੰ ਉਤਸ਼ਾਹਤ ਕਰਨ, ਏਅਰਪੋਰਟ ਨੂੰ ਪੰਜਾਬ ਦੇ ਹੋਰ ਸ਼ਹਿਰਾਂ ਨਾਲ ਬੱਸ ਸੇਵਾ ਨਾਲ ਜੋੜਨ ਅਤੇ ਹੋਰ ਸਹੂਲਤਾਂ ਦੇਣ ਵੱਲ ਧਿਆਨ ਦੇਵੇ।

ਗਾਇਕ ਰਜਿੰਦਰ ਪਾਲੀ ਦੇ ਗੀਤ 'ਕੱਢਣੀ ਆਂ ਫੁਲਕਾਰੀ' ਦੀ ਕਾਦੀਆਂ ਕਾਲਜ 'ਚ ਸ਼ੂਟਿੰਗ ਮੁਕੰਮਲ

ਕਾਦੀਆਂ (ਯਾਦਵਿੰਦਰ ਸਿੰਘ)- ਪੰਜਾਬੀ ਸੱਭਿਆਚਾਰ ਤੇ ਵਿਰਸੇ ਨੂੰ ਪ੍ਰਫੱਲਿਤ ਕਰਨ ਦੇ ਮੰਤਵ ਨਾਲ ਉਭਰਦੇ ਗਾਇਕ ਰਜਿੰਦਰ ਪਾਲੀ ਵੱਲੋਂ ਆਪਣੇ ਗਾਏ ਗੀਤ "ਕੱਢਣੀ ਆ ਫੁਲਕਾਰੀ" ਦੀ ਸ਼ੂਟਿੰਗ ਸਿੱਖ ਨੈਸ਼ਨਲ ਕਾਲਜ ਕਾਦੀਆਂ ਦੇ ਵੇਹੜੇ 'ਚ ਮੁਕੰਮਲ ਕੀਤੀ ਗਈ। ਸੁਰ ਪ੍ਰੋਡਕਸ਼ਨ ਆਸਟਰੇਲੀਆ ਵੱਲੋਂ ਗਾਇਕ ਰਜਿੰਦਰ ਪਾਲੀ ਦੇ ਇਸ ਟਰੈਕ ਨੂੰ ਜਲਦੀ ਹੀ ਰਿਲੀਜ਼ ਕੀਤਾ ਜਾ ਰਿਹਾ ਹੈ।

ਇਸ ਗੀਤ ਦੇ ਫਿਲਮਾਂਕਣ ਵਾਸਤੇ ਸਿੱਖ ਨੈਸ਼ਨਲ ਕਾਲਜ ਕਾਦੀਆਂ ਸਮੇਤ ਨਜ਼ਦੀਕ ਦੀਆਂ ਵਿੱਦਿਅਕ ਸੰਸਥਾਵਾਂ ਦੇ ਭੰਗੜਾ ਕਲਾਕਾਰਾਂ ਵੱਲੋਂ ਅਹਿਮ ਭੂਮਿਕਾ ਨਿਭਾਈ ਗਈ ਹੈ। ਕਾਲਜ ਦੀ ਗਿੱਧਾ ਟੀਮ ਵੱਲੋਂ ਪੰਜਾਬੀ ਸੱਭਿਆਚਾਰ ਦੇ ਵੱਖ ਵੱਖ ਦ੍ਰਿਸ਼ਾਂ ਨੂੰ ਆਪਣੀ ਵਧੀਆ ਪੇਸ਼ਕਾਰੀ ਨਾਲ ਵੀਡੀਓ 'ਚ ਮੁਕੰਮਲ ਕਰਵਾਇਆ ਗਿਆ ਹੈ। ਗੀਤਕਾਰ ਸਰਵਨ ਸਿੰਘ ਮੱਲਿਆਂਵਾਲ ਵੱਲੋਂ ਗੀਤ ਲਿਖੇ ਗਏ ਹਨ।

ਵੀਡੀਓ ਡਾਇਰੈਕਟਰ ਐਂਡਰੀਓ ਵੱਲੋਂ ਸ਼ੂਟਿੰਗ ਦੌਰਾਨ ਵਿਰਾਸਤੀ ਇਮਾਰਤ ਤੇ ਕਲਾਕਾਰਾਂ ਨੂੰ ਰਿਕਾਰਡ ਕੀਤਾ ਹੈ। ਇਸ ਵੀਡੀਓ ਵਾਸਤੇ ਕੋਰੀਓਗਰਾਫਰ ਪਵਨ ਰੰਧਾਵਾ, ਕੁਲਵਿੰਦਰ ਸਿੰਘ ਤੇ ਡਾਕਟਰ ਸਤਿੰਦਰ ਕੌਰ ਵੱਲੋਂ ਵੀ ਅਹਿਮ ਭੂਮਿਕਾ ਨਿਭਾਈ ਗਈ ਹੈ।

ਪਰਮਜੀਤ ਸਿੰਘ ਵੱਲੋਂ ਯੋਗਦਾਨ ਦਿੱਤਾ ਗਿਆ ਹੈ। ਗਾਇਕ ਰਜਿੰਦਰ ਪਾਲੀ ਵੱਲੋਂ ਕਾਲਜ ਸਥਾਨਕ ਪ੍ਰਬੰਧਕ ਕਮੇਟੀ ਸਕੱਤਰ ਡਾਕਟਰ ਬਲਚਰਨਜੀਤ ਸਿੰਘ ਭਾਟੀਆ, ਪ੍ਰਿੰਸੀਪਲ ਡਾਕਟਰ ਹਰਪ੍ਰੀਤ ਸਿੰਘ ਹੁੰਦਲ ਸਮੇਤ ਸਟਾਫ ਮੈਂਬਰ ਤੇ ਟੀਮਾਂ ਦੇ ਇੰਚਾਰਜ ਸਮੂਹ ਵਿਦਿਆਰਥੀਆਂ ਦੇ ਸਹਿਯੋਗ ਲਈ ਧੰਨਵਾਦ ਕੀਤਾ।

COURT NOTICE

(U/o 5 Rule 20 CPC)
(Under Guardian and Ward Act)
In the Court of
Ms. Rashmi Sharma,
Principal Judge, Family Court, Jalandhar.
Camp Court Phillaur
CNR No. PBJL 01-007401-2023
Next Date : 24-11-2023
Kamlesh Rani W/o Bharat Bhushan D/o Ronki Ram R/o Village Bhaini Tehsil Phillaur, Distt. Jalandhar.
Vs.
1. Bharat Bhushan S/o Parkash Ram R/o Village Powadra, Tehsil Phillaur, Distt. Jalandhar.
Notice to : 2. General Public
In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 24-11-2023 at 10.00 a.m.
For details logon to https://highcourtchd.gov.in/?trs=district_notice&district=Jalandhar.
Principal Judge, Family Court, Camp Court at Phillaur.
Dated, this day of 02-11-2023

COURT NOTICE

(U/o 5 Rule 20 CPC)
(Under Guardian and Ward Act)
In the Court of
Sh. Harvinder Singh Sindhia,
Civil Judge (Senior Division), Sangrur.
CNR No. PBSG 02-001242-2023
Next Date : 15-11-2023
Mantejbir Singh Jhajj
Vs. GP
Notice to : GP
In above titled case, the defendant(s)/respondent(s) could not be served. It is ordered that defendant(s)/respondent(s)should appear in person or through counsel on 15-11-2023 at 10.00 a.m.
For details logon to https://highcourtchd.gov.in/?trs=district_notice&district=Sangrur
Civil Judge (Senior Division), Sangrur
Dated, this day of 02-11-2023

ਹੀਰੋ ਫਿਨਕਾਰਪ ਲਿਮਟਿਡ
HeroFinCorp.
ਸੀ ਆਈ ਐੱਨ : ਯੂ 74899 ਡੀ ਐੱਲ 1991 ਪੀ ਐੱਲ ਸੀ 046774
ਰਜਿ: ਦਫਤਰ : 34, ਕਮਿਊਨਿਟੀ ਸੈਂਟਰ, ਬਸੰਤ ਲੋਕ, ਵਸੰਤ ਵਿਹਾਰ, ਨਵੀਂ ਦਿੱਲੀ-110057
ਫੋਨ : 011-49487150, ਫੈਕਸ-011-49487197, 011-49487198
Email: Litigation@herofincorp.com
Website:www.herofincorp.com

ਜਨਤਕ ਨੋਟਿਸ

ਕ੍ਰਿਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਮੈਸ: ਕਵਾਲਟੀ ਲਿਮਟਿਡ, ਸ੍ਰੀ ਸੰਜੇ ਢੀਂਗਰਾ ਪੁੱਤਰ ਸ੍ਰੀ ਜੰਮੂ ਰਾਮ ਢੀਂਗਰਾ ਵਾਸੀ ਮਕਾਨ ਨੰਬਰ 14, ਰੋਡ ਨੰਬਰ 8, ਈਸਟ ਪੰਜਾਬੀ ਬਾਗ, ਦਿੱਲੀ-110026 ਅਤੇ ਮੈਸ: ਜੇ ਟੀ ਪੀ ਐੱਲ ਟਾਊਨਸ਼ਿਪ ਪ੍ਰਾਈਵੇਟ ਲਿਮਟਿਡ, ਰਾਹੀਂ ਇਸ ਦੇ ਡਾਇਰੈਕਟਰ ਸ੍ਰੀ ਅਵਿਨਾਸ਼ ਕੁਮਾਰ ਸ੍ਰੀਵਾਸਤਵ, ਰਜਿਸਟਰਡ ਦਫਤਰ ਐੱਫ-82, ਡਿਸਟ੍ਰਿਕਟ ਸੈਂਟਰ, ਸ਼ਿਵਾਜੀ ਇਨਕਲੇਵ, ਰਾਜੌਰੀ ਗਾਰਡਨ, ਨਵੀਂ ਦਿੱਲੀ-110006 ਨੂੰ ਮਾਣਯੋਗ ਤਹਿਸੀਲਦਾਰ-ਕਮ-ਐਗਜ਼ੀਕਿਊਟਿਵ ਮੈਜਿਸਟਰੇਟ, ਖਰੜ ਦੇ ਤਸਦੀਕ ਨੰਬਰ 393-94/ਐੱਮ ਸੀ-1, ਮਿਤੀ 26-10-2023 ਅਨੁਸਾਰ ਅਤੇ ਵਧੀਕ ਜ਼ਿਲ੍ਹਾ ਮੈਜਿਸਟ੍ਰੇਟ, ਐੱਸ ਏ ਐੱਸ ਨਗਰ ਦੇ ਮਿਤੀ ਪੇਸ਼ੀ 2 ਮਿਤੀ 20-3-2019 ਦੇ ਹੁਕਮ ਨੰਬਰ 1020 ਦੀ ਪਾਲਣਾ 'ਚ ਪਿੰਡ ਖੂਨੀ ਮਾਜਰਾ ਅਤੇ ਪਿੰਡ ਸੰਤੇ ਮਾਜਰਾ ਵਿਖੇ ਰਹਿਣ ਕੀਤੀ ਜਾਇਦਾਦ ਦਾ 03-11-2023 ਤੋਂ ਪਹਿਲਾਂ ਖੁਦ ਮੈਸ: ਹੀਰੋ ਫਿਨਕਾਰਪ ਲਿਮਟਿਡ ਨੂੰ ਕਬਜ਼ਾ ਦੇ ਦਿੱਤਾ ਜਾਵੇ। ਜੇਕਰ ਨਿਰਧਾਰਤ ਮਿਤੀ ਤੱਕ ਕਬਜ਼ਾ ਨਾ ਸੌਂਪਿਆ ਗਿਆ ਤਾਂ 06-11-2023 ਨੂੰ 11-00 ਵਜੇ ਤੁਹਾਨੂੰ ਬੇਦਖਲ ਕਰਕੇ ਕਬਜ਼ਾ ਮੈਸ: ਹੀਰੋ ਫਿਨਕਾਰਪ ਲਿਮਟਿਡ ਦੇ ਹਵਾਲੇ ਕਰ ਦਿੱਤਾ ਜਾਵੇਗਾ।

ਸਹੀ/-
ਸਥਾਨ : ਮੋਹਾਲੀ/ਦਿੱਲੀ — ਅਧਿਕਾਰਤ ਅਫਸਰ,
ਮਿਤੀ : 03-11-2023 — ਹੀਰੋ ਫਿਨਕਾਰਪ ਲਿਮਟਿਡ

ਬਾ ਅਦਾਲਤ ਜਿਲ੍ਹਾ ਮਾਲ ਅਫਸਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਫਾਸਟ ਟਰੈਕ ਕੋਰਟ (ਐੱਨ.ਆਰ.ਆਈ) ਤਰਨ ਤਾਰਨ।

ਕੇਸ ਨੰਬਰ -OTHER /03/2023 — ਦਾਇਰ ਮਿਤੀ 04/06/2023
ਕਿਸਮ : ਕੇਸ ਤਕਸੀਮ : ਤਾਰੀਖ ਪੇਸ਼ੀ : 15.11.2023 : ਪਿੰਡ : ਕੈਰੋਵਾਲ ਤਹਿਸੀਲ : ਤਰਨ ਤਾਰਨ।

ਅਨੁਵਾਨ ਕੇਸ:- ਜਸਮੀਤ ਸਿੰਘ ਪੁੱਤਰ ਰੰਧਾਵਾ ਪੁੱਤਰ ਬਲਦੇਵ ਸਿੰਘ ਵਾਸੀ ਪਿੰਡ ਕੈਰੋਵਾਲ ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ ਹਾਲ ਵਾਸੀ ਕੈਨੇਡਾ ਰਾਹੀ ਬਜਰੀਆ ਮੁਖਤਾਰਧਾਸ ਤਰਲੋਕ ਸਿੰਘ ਕੰਗ ਪੁੱਤਰ ਦਰਸ਼ਨ ਸਿੰਘ ਵਾਸੀ ਗੰਗਾ ਸਿੰਘ ਨਗਰ ਜੰਡਿਆਲਾ ਰੋਡ ਤਰਨ ਤਾਰਨ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ। (ਸਾਇਲ ਧਿਰ)

ਬਨਾਮ

1) ਤਰਸੇਮ ਸਿੰਘ ਪੁੱਤਰ ਭਾਨ ਸਿੰਘ ਪੁੱਤਰ ਹੀਰਾ ਸਿੰਘ 2) ਦਲਬੀਰ ਸਿੰਘ ਪੁੱਤਰ ਜੋਗਿੰਦਰ ਸਿੰਘ 3) ਕੁਲਵਿੰਦਰ ਸਿੰਘ ਪੁੱਤਰ ਗੁਰਮੁੱਖ ਸਿੰਘ 4) ਨਿਸ਼ਾਨ ਸਿੰਘ ਪੁੱਤਰ ਆਤਮਾ ਸਿੰਘ 5) ਸੁਰਜੀਤ ਸਿੰਘ ਪੁੱਤਰ ਆਤਮਾ ਸਿੰਘ 6) ਸਵਰਨ ਸਿੰਘ ਪੁੱਤਰ ਉਜਾਗਰ ਸਿੰਘ 7) ਹਜ਼ਾਰਾ ਸਿੰਘ ਪੁੱਤਰ ਅਮਰ ਸਿੰਘ 8) ਗੁਰਮੇਜ ਸਿੰਘ ਪੁੱਤਰ ਅਮਰ ਸਿੰਘ 9) ਦਿਲਬਾਗ ਸਿੰਘ ਪੁੱਤਰ ਚਰਨ ਸਿੰਘ ਪੁੱਤਰ ਉਜਾਗਰ ਸਿੰਘ 10) ਇਕਬਾਲ ਸਿੰਘ ਪੁੱਤਰ ਚਰਨ ਸਿੰਘ ਪੁੱਤਰ ਉਜਾਗਰ ਸਿੰਘ 11) ਅਮਰਜੀਤ ਕੌਰ ਪੁੱਤਰੀ ਚਰਨ ਸਿੰਘ ਪੁੱਤਰ ਉਜਾਗਰ ਸਿੰਘ 12) ਰਾਜਵਿੰਦਰ ਕੌਰ ਪਤਨੀ ਬਲਦੇਵ ਸਿੰਘ ਪੁੱਤਰ ਗੁਰਨਾਮ ਸਿੰਘ 13) ਰਣਜੀਤ ਸਿੰਘ ਪੁੱਤਰ ਗੁਰਮੇਜ ਸਿੰਘ ਪੁੱਤਰ ਚਰਨ ਸਿੰਘ 14) ਰਮਨਦੀਪ ਕੌਰ ਪਤਨੀ ਰਣਜੀਤ ਸਿੰਘ ਪੁੱਤਰ ਗੁਰਮੇਜ ਸਿੰਘ 15) ਦਲਜੀਤ ਸਿੰਘ ਪੁੱਤਰ ਪ੍ਰਗਟ ਸਿੰਘ ਪੁੱਤਰ ਮੁਖਤਾਰ ਸਿੰਘ 16) ਵਰਿੰਦਰ ਸਿੰਘ 17) ਸੁਖਦੇਵ ਸਿੰਘ ਪੁੱਤਰਾਨ ਹਰਜਿੰਦਰ ਸਿੰਘ ਪੁੱਤਰ ਮੁਖਤਾਰ ਸਿੰਘ 18) ਬਲਜੀਤ ਕੌਰ ਵਿਧਵਾ ਬਲਜਿੰਦਰ ਸਿੰਘ ਪੁੱਤਰ ਮੁਖਤਾਰ ਸਿੰਘ 19) ਕੁਲਵਿੰਦਰ ਕੌਰ ਪੁੱਤਰੀ ਬਲਵਿੰਦਰ ਸਿੰਘ ਪੁੱਤਰ ਮੁਖਤਾਰ ਸਿੰਘ 20) ਸਵਿੰਦਰ ਸਿੰਘ 21) ਬਲਕਾਰ ਸਿੰਘ 22) ਲੱਖਾ ਸਿੰਘ 23) ਕਸ਼ਮੀਰ ਸਿੰਘ ਪੁੱਤਰਾਨ ਅਜੈਬ ਸਿੰਘ 24) ਨਿਸ਼ਾਨ ਸਿੰਘ ਪੁੱਤਰ ਬਲਵਿੰਦਰ ਸਿੰਘ ਪੁੱਤਰ ਮੁਖਤਾਰ ਸਿੰਘ 25) ਸੁਖਵਿੰਦਰ ਕੌਰ ਪਤਨੀ ਹਰਜੀਤ ਸਿੰਘ ਪੁੱਤਰ ਮੁਖਤਾਰ ਸਿੰਘ 26) ਕਸ਼ਮੀਰ ਕੌਰ ਪਤਨੀ ਬਲਰਾਜ ਸਿੰਘ 27) ਮੁਖਤਾਰ ਸਿੰਘ ਪੁੱਤਰ ਮੱਖਣ ਸਿੰਘ 28) ਹਰਜਿੰਦਰ ਸਿੰਘ ਪੁੱਤਰ ਮੁਖਤਾਰ ਸਿੰਘ ਪੁੱਤਰ ਮੱਖਣ ਸਿੰਘ 29) ਹਰਜੀਤ ਸਿੰਘ ਪੁੱਤਰ ਮੁਖਤਾਰ ਸਿੰਘ ਪੁੱਤਰ ਮੱਖਣ ਸਿੰਘ 30) ਪ੍ਰਗਟ ਸਿੰਘ ਪੁੱਤਰ ਮੁਖਤਾਰ ਸਿੰਘ ਪੁੱਤਰ ਮੱਖਣ ਸਿੰਘ 31) ਕਰਨਦੀਪ ਸਿੰਘ ਪੁੱਤਰ ਕੁਲਵੰਤ ਸਿੰਘ 32) ਗੁਰਦੇਵ ਸਿੰਘ ਪੁੱਤਰ ਗੁਰਾ ਸਿੰਘ ਪੁੱਤਰ ਵੌਜਾ ਸਿੰਘ 33) ਕਰਨੈਲ ਸਿੰਘ ਪੁੱਤਰ ਸਾਹਿਬ ਸਿੰਘ 34) ਗੋਪਾਲ ਸਿੰਘ 35) ਭਗਤ ਸਿੰਘ ਪੁੱਤਰਾਨ ਮੱਲ ਸਿੰਘ ਪੁੱਤਰ ਜਵਾਹਰ ਸਿੰਘ 36) ਗੁਰਮੇਜ ਸਿੰਘ ਪੁੱਤਰ ਅਮਰ ਸਿੰਘ ਪੁੱਤਰ ਸੁੰਦਰ ਸਿੰਘ 37) ਨਾਜ਼ਰ ਸਿੰਘ ਪੁੱਤਰ ਸੁਹੇਲ ਸਿੰਘ 38) ਕਪੂਰ ਸਿੰਘ ਪੁੱਤਰ ਨੱਥਾ ਸਿੰਘ ਪੁੱਤਰ ਚੰਦਾ ਸਿੰਘ 39) ਬਲਬੀਰ ਸਿੰਘ ਪੁੱਤਰ ਗੁਰਮੇਜ ਸਿੰਘ ਉਰਫ ਗੇਜਾ ਸਿੰਘ ਪੁੱਤਰ ਮੱਖਣ ਸਿੰਘ 40) ਵਸਾਵਾ ਸਿੰਘ ਪੁੱਤਰ ਖੁਸ਼ਹਾਲ ਸਿੰਘ ਪੁੱਤਰ ਮੱਲ ਸਿੰਘ 41) ਜਗਦੀਸ਼ ਸਿੰਘ ਪੁੱਤਰ ਜੋਗਿੰਦਰ ਸਿੰਘ ਪੁੱਤਰ ਸਾਧਾ ਸਿੰਘ 42) ਲਛਮਣ ਸਿੰਘ ਪੁੱਤਰ ਮੀਆਂ ਸਿੰਘ 43) ਕਸ਼ਮੀਰ ਸਿੰਘ 44) ਬਖਸ਼ੀਸ਼ ਸਿੰਘ ਪੁੱਤਰਾਨ ਚੈਨ ਸਿੰਘ ਪੁੱਤਰ ਵੌਜਾ ਸਿੰਘ 45) ਨਿਸ਼ਾਨ ਸਿੰਘ ਪੁੱਤਰ ਬਖਸ਼ੀਸ਼ ਸਿੰਘ 46) ਅਮਰੀਕ ਸਿੰਘ 47) ਗੁਲਜਾਰ ਸਿੰਘ 48) ਜੋਗਿੰਦਰ ਸਿੰਘ ਪੁੱਤਰਾਨ ਕਰਨੈਲ ਸਿੰਘ ਪੁੱਤਰ ਲਛਮਣ ਸਿੰਘ 49) ਤੇਜਾ ਸਿੰਘ 50) ਚਰਨ ਸਿੰਘ 51) ਦਲੀਪ ਸਿੰਘ ਪੁੱਤਰਾਨ ਬੇਅੰਤ ਸਿੰਘ ਪੁੱਤਰ ਪੰਜਾਬ ਸਿੰਘ 52) ਸਾਧੂ ਸਿੰਘ ਪੁੱਤਰ ਆਲਾ ਸਿੰਘ 53) ਅਜੀਤ ਸਿੰਘ ਪੁੱਤਰ ਗੁਰਨਾਮ ਸਿੰਘ ਪੁੱਤਰ ਤਾਰਾ ਸਿੰਘ 54) ਕੁਲਵੰਤ ਸਿੰਘ ਪੁੱਤਰ ਗੁਰਨਾਮ ਸਿੰਘ ਪੁੱਤਰ ਤਾਰਾ ਸਿੰਘ 55) ਹਰਦਿਆਲ ਸਿੰਘ ਪੁੱਤਰ ਗੁਰਨਾਮ ਸਿੰਘ ਪੁੱਤਰ ਤਾਰਾ ਸਿੰਘ 56) ਬਲਦੇਵ ਸਿੰਘ ਪੁੱਤਰ ਗੁਰਨਾਮ ਸਿੰਘ ਪੁੱਤਰ ਤਾਰਾ ਸਿੰਘ 57) ਬਲਵਿੰਦਰ ਕੌਰ ਵਿਧਵਾ ਸੁੱਚਾ ਸਿੰਘ 58) ਬਲਵਿੰਦਰ ਕੌਰ ਵਿਧਵਾ ਦਵਿੰਦਰ ਸਿੰਘ 59) ਰਤਨ ਸਿੰਘ 60) ਭਜਨ ਸਿੰਘ 61) ਗੁਰਦੇਵ ਸਿੰਘ ਪੁੱਤਰਾਨ ਗੁਰਾ ਸਿੰਘ ਪੁੱਤਰ ਵੌਜਾ ਸਿੰਘ 62) ਉਜਾਗਰ ਸਿੰਘ ਪੁੱਤਰ ਪ੍ਰਤਾਪ ਸਿੰਘ ਸਮੂਹ ਵਾਸੀਆਨ ਪਿੰਡ ਕੈਰੋਵਾਲ ਤਹਿਸੀਲ ਤੇ ਜਿਲ੍ਹਾ ਤਰਨ ਤਾਰਨ। (ਉੱਤਰਵਾਦੀ ਧਿਰਾਂ)

ਉਪਰੋਕਤ ਅਨੁਵਾਨ ਕੇਸ ਵਿਚ ਖੇਵਟ ਨੰਬਰ 82/80 ਖਤੌਨੀ ਨੰਬਰ 184 ਤੋਂ 212 ਰਕਬਾ 88 ਕਨਾਲ 07 ਮਰਲੇ ਮੁਤਾਬਕ ਜਮ੍ਹਾਂਬੰਦੀ 2016-17 ਵਾਕਿਆ ਰਕਬਾ ਪਿੰਡ ਕੈਰੋਵਾਲ ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ ਦਾ ਤਕਸੀਮ ਕੇਸ ਨਿਮਨਹਸਤਾਖਰ ਦੀ ਅਦਾਲਤ ਵਿਖੇ ਚੱਲ ਰਿਹਾ ਹੈ ਅਤੇ ਅਦਾਲਤ ਨੂੰ ਇਹ ਪੂਰਾ ਯਕੀਨ ਹੋ ਚੁੱਕਾ ਹੈ ਕਿ ਉੱਤਰਵਾਦੀਆਂ ਦੀ ਮਾਮੂਲੀ ਤਰੀਕੇ ਨਾਲ ਸੰਮਨ 'ਤੇ ਤਾਮੀਲ ਹੋਣੀ ਮੁਸ਼ਕਲ ਹੈ। ਇਸ ਲਈ ਮਿਤੀ 15/11/2023 ਨੂੰ 3:00 ਵਜੇ ਬਾਅਦ ਦੁਪਹਿਰ ਤਾਰੀਖ ਪੇਸ਼ੀ

3-NOV-PAGE-7-advt.qxd 11/2/2023 10:30 PM Page 1

ਕੰਪਿਊਟਰ ਅਧਿਆਪਕਾਂ 'ਤੇ ਪੁਲਸ ਤਸ਼ੱਦਦ ਖਿਲਾਫ ਅਰਥੀ ਫੂਕ ਪ੍ਰਦਰਸ਼ਨ

ਮਾਨਸਾ (ਪਮਾਰ)

ਕੰਪਿਊਟਰ ਅਧਿਆਪਕ ਯੂਨੀਅਨ ਜ਼ਿਲ੍ਹਾ ਮਾਨਸਾ ਦੇ ਪ੍ਰਧਾਨ ਸਤ ਪ੍ਰਤਾਪ ਸਿੰਘ ਭੀਖੀ ਨੇ ਪ੍ਰੈੱਸ ਨਾਲ ਗੱਲਬਾਤ ਦੌਰਾਨ ਕਿਹਾ ਕਿ ਕੰਪਿਊਟਰ ਅਧਿਆਪਕ ਪਿਛਲੇ ਲਗਪਗ 18 ਸਾਲਾਂ ਤੋਂ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਸੇਵਾ ਨਿਭਾਅ ਰਹੇ ਹਨ ਤੇ ਸਾਲ 2011 ਵਿੱਚ ਉਸ ਸਮੇਂ ਦੀ ਸਰਕਾਰ ਦੁਆਰਾ ਸੁਸਾਇਟੀ ਅਧੀਨ ਰੈਗੂਲਰ ਕਰ ਦਿੱਤਾ ਸੀ, ਪਰ ਰੈਗੂਲਰ ਹੋਣ ਦੇ ਬਾਵਜੂਦ ਹੁਣ ਤੱਕ ਕੰਪਿਊਟਰ ਅਧਿਆਪਕਾਂ ਨੂੰ ਰੈਗੂਲਰ ਮੁਲਾਜ਼ਮਾਂ ਵਾਲੇ ਲਾਭ ਨਹੀਂ ਮਿਲੇ। ਜ਼ਿਕਰਯੋਗ ਹੈ ਕਿ ਆਮ ਆਦਮੀ ਪਾਰਟੀ ਵੱਲੋਂ ਆਪਣੇ ਚੋਣ ਮੈਨੀਫੈਸਟੋ ਵਿੱਚ ਕੰਪਿਊਟਰ ਅਧਿਆਪਕਾਂ ਨੂੰ ਸਰਕਾਰ ਬਨਣ ਸਾਰ ਬਣਦੇ ਸਾਰੇ ਲਾਭ ਦੇ ਕੇ ਸਿੱਖਿਆ ਵਿਭਾਗ ਵਿੱਚ ਸ਼ਿਫਟ ਕੀਤਾ ਜਾਵੇਗਾ ਤੇ ਪਿਛਲੇ ਸਾਲ ਸਿੱਖਿਆ ਮੰਤਰੀ ਦੁਆਰਾ ਜਨਤਕ ਤੌਰ 'ਤੇ ਐਲਾਨ ਕੀਤਾ ਗਿਆ ਸੀ ਕਿ ਕੰਪਿਊਟਰ ਅਧਿਆਪਕਾਂ ਨੂੰ ਦਿਵਾਲੀ ਮੌਕੇ ਤੋਹਫੇ ਦੇ ਰੂਪ ਵਿੱਚ ਉਨ੍ਹਾਂ ਦੇ ਬਣਦੇ ਸਾਰੇ ਲਾਭ ਦਿੱਤੇ ਜਾਣਗੇ, ਪਰ ਸਾਲ ਬੀਤ ਜਾਣਦੇ ਬਾਵਜੂਦ ਅਜੇ ਤੱਕ ਵਾਅਦਾ ਵਫਾ ਨਹੀਂ ਹੋਇਆ। ਜਦ ਕੰਪਿਊਟਰ ਅਧਿਆਪਕਾਂ ਵੱਲੋਂ ਸਰਕਾਰ ਦੁਆਰਾ ਕੀਤਾ ਵਾਅਦਾ ਚੇਤੇ ਕਰਵਾਉਣ ਲਈ 29 ਅਕਤੂਬਰ ਨੂੰ ਸੰਗਰੂਰ ਵਿਖੇ ਸ਼ਾਂਤਮਈ ਤਰੀਕੇ ਨਾਲ ਪ੍ਰਦਰਸ਼ਨ ਕੀਤਾ ਜਾ ਰਿਹਾ ਸੀ ਤਾਂ ਖਾਕੀ ਵੱਲੋਂ ਸਰਕਾਰ ਦੀ ਸ਼ਹਿ 'ਤੇ ਜ਼ੁਲਮ ਦੀਆਂ ਹੱਦਾਂ ਪਾਰ ਕਰਦੇ ਹੋਏ ਪ੍ਰਦਰਸ਼ਨਕਾਰੀਆਂ 'ਤੇ ਅੰਨ੍ਹਾ ਤਸ਼ੱਦਦ ਕੀਤਾ ਗਿਆ, ਜਿਸ ਦੇ ਰੋਸ ਵਜੋਂ ਅੱਜ ਕੰਪਿਊਟਰ ਅਧਿਆਪਕਾਂ ਵੱਲੋਂ ਭਰਾਤਰੀ ਜਥੇਬੰਦੀਆਂ ਦੇ ਸਹਿਯੋਗ ਨਾਲ ਪੰਜਾਬ ਸਰਕਾਰ ਦਾ ਪੁਤਲਾ ਫੂਕ ਕੇ ਪ੍ਰਦਰਸ਼ਨ ਕੀਤਾ ਗਿਆ।

ਇਸ ਸਮੇਂ ਸੀਨੀਅਰ ਮੀਤ ਪ੍ਰਧਾਨ ਗੁਰਪ੍ਰੀਤ ਸਿੰਘ, ਸਟੇਟ ਕਮੇਟੀ ਮੈਂਬਰ ਜਗਤਾਰ ਸਿੰਘ ਭੀਖੀ, ਮੀਤ ਪ੍ਰਧਾਨ ਜਗਰਾਜ ਸਿੰਘ ਤੇ ਲਖਵੀਰ ਸਿੰਘ, ਨਿਤੇਸ਼ ਕੁਮਾਰ, ਮਲਕੀਤ ਸਿੰਘ, ਰਣਜੀਤ ਕੁਮਾਰ, ਰਾਜੀਵ ਮੂਸਾ, ਅਮ੍ਰਿਤਪਾਲ ਗਰਗ, ਕੁਲਵਿੰਦਰ ਸਿੰਘ, ਨਿਰਮਲ ਸਿੰਘ, ਪਲਵਿੰਦਰ ਸਿੰਘ, ਰਾਜਦੀਪ ਸਿੰਘ, ਤਨਵੀਰ, ਯੋਗਰਾਜ, ਕੁਲਦੀਪ ਸਿੰਘ, ਵਿਕਰਮਜੀਤ ਸਿੰਘ, ਜਗਸੀਰ ਸਿੰਘ, ਲਖਵੰਤ ਸਿੰਘ, ਸ਼ਸ਼ੀ ਕਾਠ, ਪਰਵਿੰਦਰ ਸਿੰਘ, ਜਸਪਾਲ ਸਿੰਘ, ਰਾਧੇ ਸ਼ਿਆਮ, ਪ੍ਰੀਤਮ ਸਿੰਘ, ਗੁਰਪ੍ਰੀਤ ਸਿੰਘ, ਪੁਸ਼ਵਿੰਦਰ ਸਿੰਘ ਮੈਡਮ ਮੰਜੂ ਬੱਤਰਾ, ਰਕਸ਼ਾ, ਸੋਨੀਆ, ਜਸਵੀਰ ਕੌਰ, ਗੁਰਸ਼ਰਨ ਕੌਰ, ਮੈਡਮ ਕੁਸਮ ਤੇ ਭਰਾਤਰੀ ਜਥੇਬੰਦੀਆਂ ਵੱਲੋਂ ਡੀ.ਟੀ.ਐੱਫ. ਤੋਂ ਪਰਮਿੰਦਰ ਸਿੰਘ, ਅਮੋਲਕ ਡੇਲੂਆਣਾ, ਪੁਰਾਣੀ ਪੈਨਸ਼ਨ ਬਹਾਲੀ ਕਮੇਟੀ ਦੇ ਸੀਨੀਅਰ ਆਗੂ ਦਰਸ਼ਨ ਅਲੀਸ਼ੇਰ, ਬੀ. ਐੱਡ ਅਧਿਆਪਕ ਫਰੰਟ ਤੋਂ ਗੁਰਜੀਤ ਸਿੰਘ ਤੇ ਵੱਖ-ਵੱਖ ਸਕੂਲਾਂ ਤੋਂ ਅਧਿਆਪਕ ਹਾਜ਼ਰ ਸਨ।

ਮਾਨ ਸਰਕਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਦਾ ਸਬਰ ਪਰਖ ਰਹੀ : ਆਗੂ

■ ਪਸਸਫ ਵੱਲੋਂ ਡੀ ਏ ਦੀਆਂ ਬਕਾਇਆ ਕਿਸ਼ਤਾਂ ਤੁਰੰਤ ਦੇਣ ਦੀ ਮੰਗ

ਜ਼ੀਰਾ (ਨਰਿੰਦਰ ਅਨੇਜਾ)-ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680, ਸੈਕਟਰ 22 ਬੀ, ਚੰਡੀਗੜ੍ਹ, ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ, ਪੰਜਾਬ ਪੈਨਸ਼ਨਰਜ਼ ਯੂਨੀਅਨ, ਦੀ ਕਲਾਸ ਫੌਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ ਨੇ ਪੰਜਾਬ ਸਰਕਾਰ 'ਤੇ ਦੋਸ਼ ਲਾਇਆ ਕਿ ਸਾਡੇ ਸਾਰਿਆਂ ਦੇ ਮਹਤਵਪੂਰਨ ਤਿਉਹਾਰ ਦੀਵਾਲੀ ਵਿੱਚ ਸਿਰਫ 10 ਦਿਨ ਬਾਕੀ ਰਹਿ ਗਏ ਹਨ। ਇਸ ਦੇ ਬਾਵਜੂਦ ਭਗਵੰਤ ਮਾਨ ਸਰਕਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਦਾ 12 ਫੀਸਦੀ ਡੀ ਏ ਦੇਣ ਬਾਰੇ ਅਜੇ ਤੱਕ ਚੁੱਪ ਧਾਰ ਕੇ ਬੈਠੀ ਹੋਈ ਹੈ। ਵੱਖ ਵੱਖ ਜਥੇਬੰਦੀਆਂ ਦੇ ਸੂਬਾਈ ਆਗੂ ਰਣਬੀਰ ਸਿੰਘ ਢਿੱਲੋਂ, ਦਰਸ਼ਨ ਸਿੰਘ ਲੁਬਾਣਾ, ਰਣਜੀਤ ਸਿੰਘ ਰਾਣਵਾਂ, ਸੁਰਿੰਦਰ ਕੁਮਾਰ ਪੁਆਰੀ, ਜਗਦੀਸ਼ ਸਿੰਘ ਚਾਹਲ, ਪ੍ਰੇਮ ਚਾਵਲਾ, ਬਲਕਾਰ ਵਲਟੋਹਾ, ਗੁਰਮੇਲ ਸਿੰਘ ਮੈਲਡੇ, ਨਵੀਨ ਸਚਦੇਵਾ, ਬਾਜ ਸਿੰਘ ਭੁੱਲਰ, ਸੁਖਜਿੰਦਰ ਸਿੰਘ ਖਾਨਪੁਰ, ਪਰਮਿੰਦਰ ਸਿੰਘ ਸੋਢੀ ਤੇ ਰਾਜਬੀਰ ਸਿੰਘ ਢਿੱਲੋਂ ਨੇ ਦੱਸਿਆ ਕਿ ਕੇਂਦਰ ਸਰਕਾਰ ਤੇ ਹੋਰ ਬਹੁਤ ਸਾਰੇ ਰਾਜਾਂ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਇਸ ਸਮੇਂ 46 ਫੀਸਦੀ ਡੀ ਏ ਮਿਲ ਰਿਹਾ ਹੈ ਤੇ ਪੰਜਾਬ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਇਸ ਸਮੇਂ 34 ਫੀਸਦੀ ਡੀ ਏ ਮਿਲ ਰਿਹਾ ਹੈ, ਜੋਕਿ ਕੇਂਦਰ ਤੇ ਕਈ ਹੋਰ ਰਾਜਾਂ ਨਾਲੋਂ 12 ਫੀਸਦੀ ਘੱਟ ਹੈ। ਆਗੂਆਂ ਨੇ ਦੋਸ਼ ਲਾਇਆ ਕਿ ਭਗਵੰਤ ਮਾਨ ਸਰਕਾਰ ਵੱਲ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਡੀ ਏ ਦੀਆਂ ਜੁਲਾਈ 2022, ਜਨਵਰੀ 2023 ਤੇ ਜੁਲਾਈ 2023 ਦੀਆਂ ਤਿੰਨ ਕਿਸ਼ਤਾਂ ਕ੍ਰਮਵਾਰ 4 ਫੀਸਦੀ ਬਕਾਇਆ ਖੜੀਆਂ ਹਨ, ਪਰ ਪੰਜਾਬ ਸਰਕਾਰ ਨੇ ਚੁੱਪ ਧਾਰਨ ਕੀਤੀ ਹੋਈ ਹੈ। ਪੰਜਾਬ ਸਰਕਾਰ ਪੰਜਾਬ ਦੇ 7 ਲੱਖ ਮੁਲਾਜ਼ਮਾਂ ਤੇ ਪੈਨਸ਼ਨਰਾਂ ਦਾ ਸਬਰ ਪਰਖ ਰਹੀ ਹੈ। ਆਗੂਆਂ ਨੇ ਅਫਸੋਸ ਪ੍ਰਗਟ ਕੀਤਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਕੋਲ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਸਬੰਧੀ ਵਿਚਾਰ ਵਟਾਂਦਰਾ ਕਰਨ ਲਈ ਇੱਕ ਮਿੰਟ ਦਾ ਵੀ ਸਮਾਂ ਨਹੀਂ ਹੈ। ਆਗੂਆਂ ਨੇ ਚਿਤਾਵਨੀ ਦਿੰਦਿਆਂ ਕਿਹਾ ਕਿ ਭਗਵੰਤ ਮਾਨ ਸਰਕਾਰ ਨੂੰ ਹੰਕਾਰ ਦਾ ਇਹ ਰਸਤਾ ਤਿਆਗ ਦੇਣਾ ਚਾਹੀਦਾ ਹੈ। ਪੰਜਾਬ ਸਰਕਾਰ ਦਾ ਇਹ ਘੁੰਮਡੀ ਰਵੱਈਆ ਲੋਕ ਸਭਾ ਚੋਣਾਂ ਸਮੇਂ ਆਮ ਆਦਮੀ ਪਾਰਟੀ ਤੇ ਪੰਜਾਬ ਸਰਕਾਰ ਲਈ ਗਲੇ ਦੀ ਹੱਡੀ ਬਣ ਸਕਦਾ ਹੈ। ਆਗੂਆਂ ਨੇ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਪੰਜਾਬ ਸਰਕਾਰ ਦਾ ਇਹ ਰਵੱਈਆ ਇਸੇ ਤਰ੍ਹਾਂ ਜਾਰੀ ਰਹਿੰਦਾ ਹੈ ਤਾਂ ਪੰਜਾਬ ਦੇ ਲੱਖਾਂ ਮੁਲਾਜ਼ਮ ਤੇ ਪੈਨਸ਼ਨਰ ਪੰਜਾਬ ਸਰਕਾਰ ਦੇ ਇਸ ਰਵੱਈਏ ਦਾ ਜਵਾਬ ਲੋਕ ਸਭਾ ਚੋਣਾਂ ਦਾ ਸਮਾਂ ਆਉਣ 'ਤੇ ਆਪਣੇ ਲੋਕਤੰਤਰੀ ਢੰਗ ਨਾਲ ਦੇਣ ਲਈ ਮਜਬੂਰ ਹੋਣਗੇ। ਆਗੂਆਂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਤੋਂ ਮੰਗ ਕੀਤੀ ਕਿ ਰਾਜ ਦੇ ਲੱਖਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਲਈ ਡੀ ਏ ਦੀਆਂ ਤਿੰਨ ਕਿਸ਼ਤਾਂ ਤੁਰੰਤ ਦਿੱਤੀਆਂ ਜਾਣ।

ਬਰੇਟਾ ਦੀ ਜੀ ਆਰ ਪੀ ਚੌਕੀ ਨੂੰ ਬੰਦ ਕਰਨ 'ਤੇ ਲੋਕਾਂ 'ਚ ਰੋਸ

ਬਰੇਟਾ (ਰੀਤਵਾਲ)-ਰੇਲਵੇ ਪੁਲਸ ਦੇ ਉੱਚ ਅਧਿਕਾਰੀਆਂ ਵੱਲੋਂ ਬਰੇਟਾ ਦੇ ਰੇਲਵੇ ਸਟੇਸ਼ਨ 'ਤੇ ਕਰਾਇਮ ਨਾ ਹੋਣ ਦਾ ਬਹਾਨਾ ਦੇ ਕੇ ਬਰੇਟਾ ਦੀ ਰੇਲਵੇ ਪੁਲਸ ਚੌਕੀ (ਜੀ.ਆਰ.ਪੀ) ਨੂੰ ਬੰਦ ਕਰ ਦਿੱਤਾ ਗਿਆ ਹੈ। ਇਹ ਚੌਕੀ 1993 ਤੋਂ ਚੱਲ ਰਹੀ ਸ, ਜਿਸ ਨੂੰ ਹੁਣ ਕਾਗਜ਼ਾਂ 'ਚ ਬੰਦ ਕਰ ਦਿੱਤਾ ਗਿਆ ਹੈ। ਜਿਸ ਨੂੰ ਲੈ ਕੇ ਯਾਤਰੀਆਂ ਅਤੇ ਸ਼ਹਿਰ ਵਾਸੀਆਂ 'ਚ ਸਹਿਮ ਦਾ ਮਾਹੌਲ ਹੈ। ਸੂਤਰਾਂ ਤੋਂ ਇਹ ਵੀ ਪਤਾ ਲੱਗਾ ਹੈ ਕਿ ਕੁਝ ਦਿਨ ਪਹਿਲਾਂ ਹੀ ਕੁਝ ਅਣਪਛਾਤੇ ਵਿਅਕਤੀਆਂ ਵੱਲੋਂ ਰੇਲਵੇ ਦੇ ਸਟੇਸ਼ਨ ਮਾਸਟਰ 'ਤੇ ਹਮਲਾ ਕਰਕੇ ਉਸ ਨੂੰ ਜ਼ਖਮੀ ਕਰ ਦਿੱਤਾ ਸੀ ਅਤੇ ਇੱਕ ਸੁਨਾਰੇ 'ਤੇ ਹਮਲਾ ਕਰਕੇ ਉਸ ਦਾ ਮੋਬਾਇਲ ਖੋਹ ਲਿਆ ਸੀ। ਸਮਾਜਸੇਵੀ ਲੋਕਾਂ ਵੱਲੋਂ ਬਰੇਟਾ ਦੇ ਰੇਲਵੇ ਸਟੇਸ਼ਨ ਤੋਂ ਚੌਕੀ ਨੂੰ ਬੰਦ ਕਰਨ ਤੇ ਸਰਕਾਰ ਦੀ ਨਿਖੇਧੀ ਕੀਤੀ ਜਾ ਰਹੀ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਜਿੱਥੇ ਰੇਲਵੇ ਸਟੇਸ਼ਨ ਬਿਨਾਂ ਪੁਲਸ ਚੌਕੀ ਦੇ ਅਸੁਰੱਖਿਅਤ ਹੋਵੇਗਾ, ਉੱਥੇ ਹੀ ਸਟੇਸ਼ਨ 'ਤੇ ਨਸ਼ੇੜੀਆ, ਝਪਟਮਾਰਾਂ ਅਤੇ ਗੁੰਡਾਗਰਦੀ ਦੀਆਂ ਘਟਨਾਵਾਂ 'ਚ ਵਾਧਾ ਹੋਵੇਗਾ। ਇਸ ਤੋਂ ਇਲਾਵਾ ਰੇਲ 'ਚ ਸਫਰ ਕਰਨ ਵਾਲੇ ਯਾਤਰੀਆਂ ਨਾਲ ਕਿਸੇ ਸਮੇਂ ਵੀ ਕੋਈ ਅਣਸੁਖਾਵੀ ਘਟਨਾ ਵਾਪਰ ਸਕਦੀ ਹੈ। ਸ਼ਹਿਰ ਵਾਸੀਆਂ ਨੇ ਸਰਕਾਰ ਅਤੇ ਵਿਭਾਗ ਤੋਂ ਮੰਗ ਕੀਤੀ ਹੈ ਕਿ ਰੇਲਵੇ ਸਟੇਸ਼ਨ ਬਰੇਟਾ ਤੇ ਜੀ.ਆਰ.ਪੀ ਚੌਕੀ ਨੂੰ ਪਹਿਲਾਂ ਦੀ ਤਰ੍ਹਾਂ ਬਹਾਲ ਕਰਕੇ ਚਾਲੂ ਕੀਤਾ ਜਾਵੇ ਤਾਂ ਜੋ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ। ਜਦ ਇਸ ਸਬੰਧੀ ਚੌਕੀ ਇੰਚਾਰਜ ਪਾਖਰ ਸਿੰਘ ਬੁਢਲਾਡਾ ਨਾਲ ਰਾਬਤਾ ਕਾਇਮ ਕੀਤਾ ਗਿਆ ਤਾਂ ਉਨ੍ਹਾਂ ਕਿਹਾ ਕਿ ਕੁਝ ਦਿਨ ਪਹਿਲਾਂ ਰੇਲਵੇ ਪੁਲਸ ਦੇ ਉੱਚ ਅਧਿਕਾਰੀਆਂ ਵੱਲੋਂ ਬਰੇਟਾ ਦੇ ਰੇਲਵੇ ਸਟੇਸ਼ਨ ਦਾ ਦੌਰਾ ਕੀਤਾ ਗਿਆ ਸੀ। ਜਿੱਥੇ ਉਨ੍ਹਾਂ ਨੂੰ ਲੱਗਾ ਕਿ ਇੱਥੇ ਕਰਾਇਮ ਘੱਟ ਹੈ। ਜਿਸ ਕਰਕੇ ਇਸ ਚੌਕੀ ਨੂੰ ਬੰਦ ਕੀਤਾ ਗਿਆ ਹੈ।

ਸੜਕ ਸੁਰੱਖਿਆ ਦੇ ਮੱਦੇਨਜ਼ਰ ਵਾਹਨਾਂ 'ਤੇ ਲਗਾਏ ਰਿਫਲੈਕਟਰ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਜ਼ਿਲ੍ਹਾ ਪੁਲਸ ਕਪਤਾਨ ਭਾਗੀਰਥ ਸਿੰਘ ਮੀਨਾ ਅਤੇ ਐਸ ਪੀ ਐਚ ਕੁਲਵੰਤ ਰਾਏ ਦੇ ਦਿਸ਼ਾ ਨਿਰਦੇਸ਼ਾਂ 'ਤੇ ਟਰੈਫਿਕ ਪੁਲਸ ਅਤੇ ਮੁਕਤੀਸਰ ਵੈਲਫੇਅਰ ਕਲੱਬ ਨੈਸ਼ਨਲ ਐਵਾਰਡੀ ਸੰਸਥਾ ਵੱਲੋਂ ਸਾਂਝੇ ਤੌਰ 'ਤੇ ਥਾਣਾ ਸਿਟੀ ਨਜ਼ਦੀਕ 72 ਤੋਂ ਵੱਧ ਵਾਹਨਾਂ 'ਤੇ ਰਿਫਲੈਕਟਰ ਲਗਾਏ ਗਏ। ਇਸ ਦੌਰਾਨ ਸਿਟੀ ਟਰੈਫਿਕ ਇੰਚਾਰਜ ਸੁਖਵਿੰਦਰ ਸਿੰਘ ਏ ਐਸ ਆਈ ਤੇ ਸੰਸਥਾ ਦੇ ਪ੍ਰਧਾਨ ਜਸਪ੍ਰੀਤ ਸਿੰਘ ਛਾਬੜਾ ਨੇ ਕਿਹਾ ਕਿ ਆਉਣ ਵਾਲਾ ਸਮਾਂ ਧੁੰਦ ਦਾ ਹੈ, ਜਿਸ ਕਾਰਨ ਵਾਹਨਾਂ 'ਤੇ ਰਿਫਲੈਕਟਰ ਲਗਾਏ ਜਾ ਰਹੇ ਹਨ ਤਾਂ ਜੋ ਵਾਹਨਾਂ 'ਤੇ ਲੱਗੇ ਚਮਕਦਾਰ ਰਿਫਲੈਕਟਰ ਦਿਖਾਈ ਦੇ ਸਕਣ ਤੇ ਕੋਈ ਅਣਸੁਖਾਵੀਂ ਘਟਨਾ ਨਾ ਵਾਪਰੇ। ਇਸ ਦੌਰਾਨ ਦਵਿੰਦਰ ਸਿੰਘ ਏ ਐਸ ਆਈ, ਏ ਐਸ ਆਈ ਮੁਕੰਦ ਸਿੰਘ, ਸੰਸਥਾ ਤੋਂ ਸੁਨੀਲ ਕੁਮਾਰ, ਜੋਗਿੰਦਰ ਸਿੰਘ, ਲਵਪ੍ਰੀਤ ਸਿੰਘ ਆਦਿ ਹਾਜ਼ਰ ਸਨ।

ਟੰਡਨ ਇੰਟਰਨੈਸ਼ਨਲ ਸਕੂਲ 'ਚ ਸਪੋਰਟਸ ਮੀਟ ਕਰਵਾਈ

ਬਰਨਾਲਾ (ਰਾਜਿੰਦਰ ਬਰਾੜ)-ਇਲਾਕੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਟੰਡਨ ਇੰਟਰਨੈਸ਼ਨਲ ਸਕੂਲ ਵਿੱਚ 'ਸਪੋਰਟਸ ਮੀਟ' ਕਰਵਾਈ ਗਈ, ਜਿਸ ਵਿੱਚ ਨਰਸਰੀ ਤੋਂ ਅੱਠਵੀਂ ਕਲਾਸ ਤੱਕ ਦੇ ਬੱਚਿਆਂ ਨੇ ਭਾਗ ਲਿਆ। ਬੱਚਿਆਂ ਦੇ ਸੈਮੀ ਫਾਈਨਲ ਤੇ ਫਾਈਨਲ ਦੋ ਜ਼ੋਨ ਬਣਾਏ ਗਏ। ਸੈਮੀ ਫਾਈਨਲ ਰੇਸ ਦੇ ਜੇਤੂ ਬੱਚਿਆਂ ਨੇ ਫਾਈਨਲ 'ਚ ਭਾਗ ਲਿਆ ਤੇ ਅਪਣੀ-ਅਪਣੀ ਜਿੱਤ ਦਰਜ ਕਰਵਾਈ। ਸਕੂਲ ਪ੍ਰਿੰਸੀਪਲ ਡਾਕਟਰ ਸ਼ਰੂਤੀ ਸ਼ਰਮਾ ਤੇ ਵਾਇਸ ਪ੍ਰਿੰਸੀਪਲ ਸ਼ਾਲਿਨੀ ਕੌਸ਼ਲ ਨੇ ਜੇਤੂ ਰਹੇ ਬੱਚਿਆਂ ਨੂੰ ਵਧਾਈ ਦਿੱਤੀ ਅਤੇ ਮੈਡਲ ਪਾ ਕੇ ਸਨਮਾਨਤ ਕੀਤਾ। ਪ੍ਰਿੰਸੀਪਲ ਨੇ ਦੱਸਿਆ ਕਿ ਟੰਡਨ ਇੰਟਰਨੈਸ਼ਨਲ ਸਕੂਲ ਵਿੱਚ ਪ੍ਰੀ-ਪ੍ਰਾਇਮਰੀ ਤੋਂ ਅੱਠਵੀਂ ਤੱਕ ਦੇ ਬੱਚਿਆਂ ਦੇ ਤਿੰਨ ਰੋਜ਼ਾ ਸਪੋਰਟਸ ਮੁਕਾਬਲੇ ਕਰਵਾਏ ਗਏ।

ਕਾਤਰਾਂ

28 ਕਿੱਲੋ ਭੁੱਕੀ ਸਣੇ ਦੋ ਕਾਰ ਸਵਾਰ ਕਾਬੂ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਬਸੀ ਪਠਾਣਾਂ ਪੁਲਸ ਵੱਲੋਂ ਦੋ ਬਰੀਜ਼ਾ ਕਾਰ ਸਵਾਰ ਵਿਅਕਤੀਆਂ ਨੂੰ 28 ਕਿੱਲੋ ਭੁੱਕੀ (ਚੂਰਾ ਪੋਸਤ) ਸਣੇ ਗ੍ਰਿਫ਼ਤਾਰ ਕੀਤੇ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਥਾਣਾ ਬਸੀ ਪਠਾਣਾਂ ਦੀ ਇੱਕ ਪੁਲਸ ਪਾਰਟੀ ਵੱਲੋਂ ਦੁਪਹਿਰ ਨੂੰ ਬਸੀ ਪਠਾਣਾਂ ਦੇ ਬਾਗਬਾਨੀ ਦਫਤਰ ਨਜ਼ਦੀਕ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕੀਤੀ ਜਾ ਰਹੀ ਸੀ, ਜਿਸ ਦੌਰਾਨ ਸੰਘੋਲ ਵੱਲੋਂ ਆ ਰਹੀ ਚਿੱਟੇ ਰੰਗ ਦੀ ਬਰੀਜ਼ਾ ਕਾਰ ਨੰਬਰ-87-5604 ਨੂੰ ਪੁਲਸ ਕਰਮਚਾਰੀਆਂ ਵੱਲੋਂ ਚੈਕਿੰਗ ਲਈ ਰੋਕਿਆ ਗਿਆ, ਜਿਸ ਵਿੱਚ ਸਵਾਰ ਦੋ ਵਿਅਕਤੀਆਂ ਨੇ ਪੁੱਛੇ ਜਾਣ 'ਤੇ ਆਪਣੀ ਪਹਿਚਾਣ ਜਸਪਾਲ ਸਿੰਘ ਉਰਫ ਜੂਆ ਤੇ ਵਿੱਕੀ ਕੁਮਾਰ ਵਾਸੀਆਨ ਮੋਰਿੰਡਾ ਵਜੋਂ ਦੱਸੀ, ਸ਼ੱਕ ਪੈਣ 'ਤੇ ਸਬ-ਇੰਸਪੈਕਟਰ ਅੰਗਰੇਜ਼ ਸਿੰਘ ਵੱਲੋਂ ਜਦੋਂ ਕਾਰ ਦੀ ਤਲਾਸ਼ੀ ਕੀਤੀ ਗਈ ਤਾਂ ਉਸ ਵਿੱਚੋਂ 28 ਕਿੱਲੋ ਭੁੱਕੀ (ਚੂਰਾ ਪੋਸਤ) ਬਰਾਮਦ ਹੋਈ। ਇਸ ਸਬੰਧੀ ਥਾਣਾ ਬਸੀ ਪਠਾਣਾਂ ਵਿਖੇ ਦਰਜ ਕੀਤੇ ਗਏ ਮੁਕੱਦਮੇ 'ਚ ਦੋਵਾਂ ਕਾਰ ਸਵਾਰਾਂ ਨੂੰ ਗ੍ਰਿਫ਼ਤਾਰ ਕਰਦੇ ਹੋਏ ਸਬ-ਇੰਸਪੈਕਟਰ ਅੰਗਰੇਜ਼ ਸਿੰਘ ਨੇ ਕਾਰ ਨੂੰ ਕਬਜ਼ੇ 'ਚ ਲੈ ਕੇ ਮਾਮਲੇ ਦੀ ਤਫਤੀਸ਼ ਸ਼ੁਰੂ ਕਰ ਦਿੱਤੀ ਹੈ।

ਇੰਗਲਿਸ਼ ਸਟੂਡੀਓ ਨੇ ਲਵਾਇਆ ਕੈਨੇਡਾ ਸਟੱਡੀ ਵੀਜ਼ਾ

ਬਾਘਾ ਪੁਰਾਣਾ (ਮਨੀ ਸਿੰਗਲਾ)-ਕੋਟਕਪੂਰਾ ਰੋਡ ਪੈਟਰੋਲ ਪੰਪ ਦੇ ਸਾਹਮਣੇ ਸਥਿਤ ਸੰਸਥਾ ਇੰਗਲਿਸ਼ ਸਟੂਡੀਓ ਸੰਸਥਾ ਇੰਮੀਗ੍ਰੇਸ਼ਨ ਸੇਵਾਵਾਂ ਪ੍ਰਦਾਨ ਕਰਨ ਵਿੱਚ ਇਲਾਕੇ ਦੀ ਮੋਹਰੀ ਸੰਸਥਾ ਬਣ ਚੁੱਕੀ ਹੈ। ਸੰਸਥਾ ਦੇ ਮੁਖੀ ਪੰਕਜ ਬਾਂਸਲ ਤੇ ਗੌਰਵ ਕਾਲੜਾ ਨੇ ਕਿਹਾ ਕਿ ਇਸ ਵਾਰ ਸੰਸਥਾ ਵੱਲੋਂ ਵਿਦਿਆਰਥਣ ਸਿਮਰਨਜੀਤ ਕੌਰ ਸਪੁੱਤਰੀ ਮਨਪ੍ਰੀਤ ਕੌਰ ਵਾਸੀ ਮਿਲਰ ਗੰਜ ਲੁਧਿਆਣਾ ਦਾ ਕੈਨੇਡਾ ਦੇ ਸ਼ਹਿਰ ਸਰੀ ਵਿੱਚ ਸਥਿਤ ਵੈਸਟਰਨ ਕਮਿਊਨਿਟੀ ਕਾਲਜ ਦਾ ਸਟੱਡੀ ਵੀਜ਼ਾ ਬਹੁਤ ਹੀ ਥੋੜ੍ਹੇ ਦਿਨਾਂ ਵਿਚ ਲਗਵਾ ਕੇ ਦਿ

3-Nov-PAGE-8.qxd 11/2/2023 10:51 PM Page 1

ਬਸਪਾ ਨੇ ਬੋਰੀਆਂ 'ਤੇ ਬੈਠ ਕੇ ਡੀ ਸੀ ਦਫਤਰ ਅੱਗੇ ਕੀਤਾ ਪ੍ਰਦਰਸ਼ਨ

ਜਲੰਧਰ (ਸ਼ੈਲੀ ਐਲਬਰਟ)

ਬਹੁਜਨ ਸਮਾਜ ਪਾਰਟੀ ਨੇ ਬੁੱਧਵਾਰ ਨੂੰ ਪੰਜਾਬ ਦਿਵਸ ਮੌਕੇ ਡੀ ਸੀ ਦਫਤਰ ਦੇ ਬਾਹਰ ਆਪ ਸਰਕਾਰ ਖਿਲਾਫ ਮੋਰਚ ਲਗਾਇਆ। ਇਸ ਦੌਰਾਨ ਦਲਿਤ-ਪੱਛੜੇ ਵਰਗਾਂ ਦੀ ਅਣਦੇਖੀ, ਸਈਪੁਰ ਦੀ ਡਾ. ਅੰਬੇਡਕਰ ਪਾਰਕ 'ਚ ਨਗਰ ਨਿਗਮ ਦੀ ਗਲਤ ਕਾਰਵਾਈ ਤੇ ਇਸ ਕਾਰਵਾਈ ਦਾ ਵਿਰੋਧ ਕਰ ਰਹੇ ਬਸਪਾ ਆਗੂਆਂ-ਵਰਕਰਾਂ ਖਿਲਾਫ ਜਲੰਧਰ ਕਮਿਸ਼ਨਰੇਟ ਪੁਲਸ ਵੱਲੋਂ ਅਣਮਨੁੱਖੀ ਤਸ਼ੱਦਦ ਤੇ ਨਜਾਇਜ਼ ਗ੍ਰਿਫਤਾਰੀ ਅਤੇ ਜਲੰਧਰ ਦਿਹਾਤੀ ਪੁਲਸ ਵੱਲੋਂ ਥਾਣਾ ਮਕਸੂਦਾਂ 'ਚ 163 ਬਸਪਾ ਆਗੂਆਂ-ਵਰਕਰਾਂ ਖਿਲਾਫ ਝੂਠਾ ਹਾਈਵੇ ਐਕਟ ਦਾ ਮਾਮਲਾ ਦਰਜ ਕੀਤੇ ਜਾਣ ਆਦਿ ਮੁੱਦਿਆਂ ਨੂੰ ਲੈ ਕੇ ਸੂਬਾ ਸਰਕਾਰ ਖਿਲਾਫ ਪ੍ਰਦਰਸ਼ਨ ਕੀਤਾ ਗਿਆ। ਪ੍ਰਦਰਸ਼ਨ ਦੌਰਾਨ ਬਸਪਾ ਸੂਬਾ ਪ੍ਰਧਾਨ ਜਸਵੀਰ ਸਿੰਘ ਗੜ੍ਹੀ ਮੁੱਖ ਮਹਿਮਾਨ ਵੱਜੋਂ, ਜਦਕਿ ਬਸਪਾ ਸੂਬਾ ਇੰਚਾਰਜ ਡਾ. ਨਛੱਤਰ ਪਾਲ ਐਮਐਲਏ ਤੇ ਅਜੀਤ ਸਿੰਘ ਭੰਡੋਲੀ ਵਿਸ਼ੇਸ਼ ਤੌਰ 'ਤੇ ਪਹੁੰਚੇ। ਬਸਪਾ ਸੂਬਾ ਜਨਰਲ ਸਕੱਤਰ ਐਡਵੋਕੇਟ ਬਲਵਿੰਦਰ ਕੁਮਾਰ ਨੇ ਮੰਚ ਦਾ ਸੰਚਾਲਨ ਕੀਤਾ। ਪ੍ਰਦਰਸ਼ਨ ਨੂੰ ਸੰਬੋਧਿਤ ਕਰਦੇ ਹੋਏ ਗੜ੍ਹੀ ਨੇ ਕਿਹਾ ਆਮ ਆਦਮੀ ਪਾਰਟੀ ਨੇ 2022 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਲੋਕਾਂ ਨੂੰ ਗਾਰੰਟੀਆਂ ਦਿੱਤੀਆਂ ਸਨ, ਪਰ ਸੂਬੇ 'ਚ ਆਪ ਦੀ ਸਰਕਾਰ ਬਣੇ ਨੂੰ ਕਰੀਬ ਪੌਣੇ 2 ਸਾਲ ਦਾ ਸਮਾਂ ਬੀਤ ਜਾਣ ਦੇ ਬਾਵਜੂਦ ਇਨ੍ਹਾਂ ਨੂੰ ਪੂਰਾ ਨਹੀਂ ਕੀਤਾ ਗਿਆ। ਸਰਕਾਰ ਨੇ ਅਨੁਸੂਚਿਤ ਜਾਤੀ ਵਰਗ ਦੀ ਅਣਦੇਖੀ ਕੀਤੀ। ਰਾਜ ਸਭਾ 'ਚ ਐਸ ਸੀ ਸਮਾਜ ਦਾ ਇੱਕ ਵੀ ਮੈਂਬਰ ਨਹੀਂ ਚੁਣਿਆ, ਐਸ ਸੀ ਕਮਿਸ਼ਨ ਦਾ ਚੇਅਰਮੈਨ ਨਾ ਲਗਾਉਣ ਦੇ ਨਾਲ-ਨਾਲ ਇਸ ਕਮਿਸ਼ਨ ਦੇ ਮੈਂਬਰਾਂ ਦੀ ਗਿਣਤੀ ਵੀ 10 ਤੋਂ ਘਟਾ ਕੇ 5 ਕਰ ਦਿੱਤੀ ਗਈ। ਇਨ੍ਹਾਂ ਦਾ ਕਾਰਜਕਾਲ ਵੀ 6 ਤੋਂ ਘਟਾ ਕੇ 3 ਸਾਲ ਕੀਤਾ ਗਿਆ। ਇਸ ਤੋਂ ਇਲਾਵਾ ਲਾਅ ਅਫਸਰਾਂ ਦੀ ਭਰਤੀ 'ਚ ਐਸ ਸੀ ਵਰਗ ਨੂੰ ਜਗ੍ਹਾ ਨਹੀਂ ਦਿੱਤੀ ਗਈ, ਮਜ਼ਦੂਰਾਂ ਦੇ ਕੰਮ ਦੇ ਘੰਟੇ 8 ਤੋਂ ਵਧਾ ਕੇ 12 ਘੰਟੇ ਕਰ ਦਿੱਤੇ ਗਏ, ਵਿਦਿਆਰਥੀਆਂ ਨੂੰ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਤੋਂ ਵਾਂਝਾ ਕੀਤਾ ਗਿਆ। ਉਨ੍ਹਾਂ ਇਹ ਵੀ ਕਿਹਾ ਕਿ ਸੂਬੇ 'ਚ ਓਬੀਸੀ ਜਾਤੀਆਂ ਦੀ ਆਬਾਦੀ 45 ਫੀਸਦੀ ਹੋਣ ਦੇ ਬਾਵਜੂਦ ਉਨ੍ਹਾਂ ਨੂੰ ਅਣਗੌਲੇ ਕੀਤਾ ਗਿਆ। ਮੰਡਲ ਕਮਿਸ਼ਨ ਦੀ ਰਿਪੋਰਟ ਨੂੰ ਲਾਗੂ ਨਹੀਂ ਕੀਤਾ ਗਿਆ। ਇਸ ਮੌਕੇ ਬਸਪਾ ਸੂਬਾ ਇੰਚਾਰਜ ਤੇ ਐਮਐਲਏ ਡਾ. ਨਛੱਤਰ ਪਾਲ ਅਤੇ ਅਜੀਤ ਸਿੰਘ ਭੰਡੋਲੀ ਨੇ ਕਿਹਾ ਕਿ ਪੰਜਾਬ 'ਚ ਓਬੀਸੀ ਵਰਗਾਂ ਨੂੰ ਸਿੱਖਿਆ, ਨੌਕਰੀਆਂ ਅਤੇ ਰਾਜਨੀਤਿਕ ਖੇਤਰ 'ਚ ਆਬਾਦੀ ਅਨੁਸਾਰ ਰਾਖਵਾਂਕਰਨ ਨਹੀਂ ਮਿਲਿਆ ਅਤੇ ਨਾ ਹੀ ਉਨ੍ਹਾਂ ਲਈ ਓਬੀਸੀ ਭਲਾਈ ਬੋਰਡ ਬਣਾਇਆ ਗਿਆ। ਉਨ੍ਹਾਂ ਕਿਹਾ ਕਿ ਜੇਕਰ ਬਸਪਾ ਵਰਕਰਾਂ ਖਿਲਾਫ ਦਰਜ ਕੀਤੇ ਗਏ ਝੂਠੇ ਪਰਚੇ ਨੂੰ 15 ਦਿਨਾਂ ਦੇ ਅੰਦਰ ਰੱਦ ਨਾ ਕੀਤਾ ਗਿਆ ਤਾਂ ਐਸ ਐਸ ਪੀ ਜਲੰਧਰ ਦਿਹਾਤੀ ਦਫਤਰ ਅੱਗੇ ਬਸਪਾ ਵੱਲੋਂ ਪੱਕਾ ਮੋਰਚਾ ਲਗਾ ਕੇ ਇਸ ਨੂੰ ਬੰਦ ਕਰ ਦਿੱਤਾ ਜਾਵੇਗਾ। ਬਸਪਾ ਸੂਬਾ ਜਨਰਲ ਸਕੱਤਰ ਐਡਵੋਕੇਟ ਬਲਵਿੰਦਰ ਕੁਮਾਰ ਨੇ ਕਿਹਾ ਕਿ ਸਰਕਾਰ ਝੂਠੇ ਪਰਚਿਆਂ ਤੇ ਪੁਲਿਸ ਤਸ਼ੱਦਦ ਰਾਹੀਂ ਉਨ੍ਹਾਂ ਨੂੰ ਦਬਾਉਣਾ ਚਾਹੁੰਦੀ ਹੈ, ਪਰ ਉਹ ਦੱਬਣ ਵਾਲੇ ਨਹੀਂ ਹਨ। ਲੋਕ ਹਿੱਤਾਂ ਦੀ ਰਾਖੀ ਲਈ ਸੰਘਰਸ਼ ਕਰਦਿਆਂ ਉਹ ਸੂਲੀ 'ਤੇ ਵੀ ਚੜ੍ਹਨ ਨੂੰ ਤਿਆਰ ਬੈਠੇ ਹਨ। ਪ੍ਰਦਰਸ਼ਨ ਤੋਂ ਬਾਅਦ ਉਪਰੋਕਤ ਮੁੱਦਿਆਂ ਨੂੰ ਲੈ ਕੇ ਰਾਜਪਾਲ ਦੇ ਨਾਂ ਡੀਸੀ ਰਾਹੀਂ ਇੱਕ ਮੈਮੋਰੰਡਮ ਦਿੱਤਾ ਗਿਆ। ਪ੍ਰਦਰਸ਼ਨ ਨੂੰ ਬਸਪਾ ਸੂਬਾ ਜਨਰਲ ਸਕੱਤਰ ਗੁਰਲਾਲ ਸੈਲਾ, ਚੌਧਰੀ ਗੁਰਨਾਮ ਸਿੰਘ, ਠੇਕੇਦਾਰ ਰਜਿੰਦਰ ਸਿੰਘ, ਲਾਲ ਚੰਦ ਔਜਲਾ, ਤੀਰਥ ਰਾਜਪੁਰਾ, ਡਾ. ਮੱਖਣ ਸਿੰਘ, ਇੰਜ. ਜਸਵੰਤ ਰਾਏ, ਸੁਖਵਿੰਦਰ ਬਿੱਟੂ, ਜਗਦੀਸ਼ ਸ਼ੇਰਪੁਰੀ, ਬਲਵਿੰਦਰ ਰਲ੍ਹ, ਬਾਰ ਐਸੋਸੀਏਸ਼ਨ ਦੇ ਸਾਬਕਾ ਪ੍ਰਧਾਨ ਐਡਵੋਕੇਟ ਬਲਦੇਵ ਪ੍ਰਕਾਸ਼ ਰਲ੍ਹ ਆਦਿ ਨੇ ਵੀ ਸੰਬੋਧਿਤ ਕੀਤਾ। ਇਸ ਮੌਕੇ ਬਸਪਾ ਆਗੂ ਪਰਮਜੀਤ ਮੱਲ, ਜਗਦੀਸ਼ ਦੀਸ਼ਾ, ਵਿਜੇ ਯਾਦਵ, ਹਰਮੇਸ਼ ਖੁਰਲਾ ਕਿੰਗਰਾ, ਸਲਵਿੰਦਰ ਕੁਮਾਰ, ਦੇਵਰਾਜ ਸੁੰਮਨ, ਅਮਰਜੀਤ ਸਿੰਘ ਨੰਗਲ, ਸ਼ਾਦੀ ਲਾਲ, ਪ੍ਰਭਜਿੰਦਰ ਸਿੰਘ ਪੱਤੜ, ਗਿਆਨ ਚੰਦ ਕਰਤਾਰਪੁਰ, ਰਣਜੀਤ ਕੁਮਾਰ, ਮਦਨ ਮੱਦੀ ਕੌਂਸਲਰ, ਰਾਜਕੁਮਾਰ ਭੁੱਟੋ, ਮਦਨ ਬਿੱਲਾ, ਅਸ਼ੋਕ ਮੱਲ, ਗੁਰਪਾਲ ਪਾਲਾ ਆਦਿ ਵੀ ਮੌਜੂਦ ਸਨ।

ਬੰਗਾ 'ਚ ਮੁਫ਼ਤ ਮੈਡੀਕਲ ਕੈਂਪ 5 ਨੂੰ

ਬਹਿਰਾਮ (ਅਵਤਾਰ ਕਲੇਰ) ਕਰਨ ਹਸਪਤਾਲ ਅਤੇ ਮੈਟਰਨਿਟੀ ਹੋਮ ਬੰਗਾ ਵਿਖੇ ਮੁਫ਼ਤ ਮੈਡੀਕਲ ਜਾਚ ਕੈਂਪ 5 ਨਵੰਬਰ ਨੂੰ ਸਵੇਰੇ 10 ਵਜੇ ਲੱਗ ਰਿਹਾ ਹੈ। ਇਸ ਵਿੱਚ ਮਾਹਰ ਮੈਡੀਕਲ ਟੀਮ ਵਲੋਂ ਵੱਖ ਵੱਖ ਬਿਮਾਰੀਆਂ ਦੇ ਮਰੀਜਾਂ ਦੀ ਜਾਂਚ ਕੀਤੀ ਜਾਵੇਗੀ। ਹਸਪਤਾਲ ਦੇ ਸੰਸਥਾਪਕ ਡਾ. ਬਖਸ਼ੀਸ਼ ਸਿੰਘ ਅਤੇ ਡਾ. ਬਲਵੀਰ ਕੌਰ ਨੇ ਮਰੀਜਾਂ ਨੂੰ ਅਪੀਲ ਕੀਤੀ ਹੈ ਕਿ ਉਹ ਇਸ ਮੈਡੀਕਲ ਕੈਂਪ ਦਾ ਭਰਪੂਰ ਲਾਭ ਪ੍ਰਾਪਤ ਕਰਨ। ਕੈਂਪ ਵਾਲੇ ਦਿਨ ਹੀ ਇਸ ਹਸਪਤਾਲ ਵਿੱਚ ਡਾਇਬਟਿਕ ਫੁੱਟ ਅਤੇ ਵੈਰੀਕੋਜ ਵੇਨਸ ਦਾ ਪਹਿਲਾ ਕੇਅਰ ਸੈਂਟਰ ਵੀ ਖੋਲ੍ਹਿਆ ਜਾ ਰਿਹਾ ਹੈ। ਇਸ ਮੌਕੇ ਡਾ. ਹਰਵਿੰਦਰ ਸਿੰਘ ਲੈਪਰੋਸਕੋਪਿਕ ਸਰਜਨ ਸੇਵਾ ਮੁਕਤ ਸਿਵਲ ਸਰਜਨ, ਡਾ. ਚਰਨਜੀਤ ਸਿੰਘ ਐਮ. ਡੀ. ਆਈ ਸਪੈਸ਼ਲਿਸਟ ਅਤੇ ਨਰਸਿੰਗ ਸਟਾਫ਼ ਹਾਜ਼ਰ ਸੀ।

ਅਣ-ਅਧਿਕਾਰਤ ਕਲੋਨੀ ਢਾਹੀ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)-ਪੰਜਾਬ ਸਰਕਾਰ ਵੱਲੋਂ ਅਣ-ਅਧਿਕਾਰਤ ਕਲੋਨੀਆਂ ਖਿਲਾਫ ਸਖਤ ਕਾਰਵਾਈ ਕਰਨ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਅੱਜ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਰਾਹੁਲ ਚਾਬਾ ਦੀਆਂ ਹਦਾਇਤਾਂ 'ਤੇ ਮੁਕੇਰੀਆਂ ਦੇ ਪਿੰਡ ਪਿੱਚੀਆਂ ਦੀ ਅਣ-ਅਧਿਕਾਰਤ ਕਲੋਨੀ ਨੂੰ ਢਾਹ ਦਿੱਤਾ ਗਿਆ। ਜਾਣਕਾਰੀ ਦਿੰਦਿਆਂ ਜ਼ਿਲ੍ਹਾ ਟਾਊਨ ਪਲਾਨਰ ਨਵਲ ਕਿਸ਼ੋਰ ਸ਼ਰਮਾ ਨੇ ਦੱਸਿਆ ਕਿ ਰੈਗੂਲੇਟਰੀ ਸਟਾਫ (ਜ਼ਿਲ੍ਹਾ ਟਾਊਨ ਪਲਾਨਰ, ਹੁਸ਼ਿਆਰਪੁਰ) ਦਫਤਰ ਵੱਲੋਂ ਨਗਰ ਨਿਗਮ ਹੁਸ਼ਿਆਰਪੁਰ ਦੀ ਹੱਦ ਤੋਂ ਬਾਹਰ ਬਣੀਆਂ ਅਣ-ਅਧਿਕਾਰਤ ਕਾਲੋਨੀਆਂ ਨੂੰ ਢਾਹੁਣ ਲਈ ਕਾਰਵਾਈ ਕੀਤੀ ਗਈ। ਉਨ੍ਹਾਂ ਕਿਹਾ ਕਿ ਅਣ-ਅਧਿਕਾਰਤ ਕਲੋਨੀਆਂ ਖਿਲਾਫ ਕਾਰਵਾਈ ਭਵਿੱਖ ਵਿਚ ਵੀ ਜਾਰੀ ਰਹੇਗੀ। ਉਨ੍ਹਾਂ ਲੋਕਾਂ ਨੂੰ ਸੁਚੇਤ ਕਰਦਿਆਂ ਕਿਹਾ ਕਿ ਜੇਕਰ ਉਹ ਅਣ-ਅਧਿਕਾਰਤ ਕਲੋਨੀਆਂ ਵਿਚ ਪਲਾਟ ਨਾ ਖਰੀਦਣ, ਨਹੀਂ ਤਾਂ ਉਨ੍ਹਾਂ ਨੂੰ ਆਰਥਿਕ ਨੁਕਸਾਨ ਅਤੇ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ।

ਵਧ ਰਹੀ ਹੈ ਟਰੈਫਿਕ ਸਮੱਸਿਆ, ਪ੍ਰਸ਼ਾਸਨ ਬੇਖਬਰ, ਲੋਕ ਪ੍ਰੇਸ਼ਾਨ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)

ਦੁਪਹੀਆ ਵਾਹਨ ਸਾਈਕਲ, ਮੋਟਰਸਾਈਕਲ, ਸਕੂਟਰ, ਸਕੂਟਰੀ ਆਦਿ ਲੈ ਕੇ ਬਜ਼ਾਰ ਵਿੱਚ ਚੱਲਣਾ ਆਸਾਨ ਨਹੀਂ ਹੈ,ਕਿਉਂਕਿ ਵੱਡੇ ਵਾਹਨਾਂ ਵਾਲੇ ਬੜੀ ਤੇਜ਼ੀ ਨਾਲ ਬਜ਼ਾਰ ਵਿੱਚ ਦੀ ਲੰਘਦੇ ਹਨ ਅਜਿਹੇ ਵਿੱਚ ਆਪਣਾ ਛੋਟਾ ਵਹੀਕਲ ਸੜਕ ਤੋਂ ਥੱਲੇ ਕਰਨ ਲਈ ਜਗ੍ਹਾ ਹੀ ਨਹੀਂ ਹੁੰਦੀ। ਇਸ ਵਜ੍ਹਾ ਨਾਲ ਹੀ ਲਗਾਤਾਰ ਨਿੱਕੇ ਵੱਡੇ ਹਾਦਸੇ ਵਾਪਰ ਰਹੇ ਹਨ। ਪਿਛਲੇ ਦਿਨੀਂ ਇੱਕ ਨੌਜਵਾਨ ਦੀ ਮੌਤ ਹੋ ਚੁੱਕੀ ਹੈ। ਆਮ ਲੋਕਾਂ ਨੇ ਸਰਕਾਰ ਅਤੇ ਉੱਚ ਪ੍ਰਸ਼ਾਸ਼ਨ ਤੋਂ ਮੰਗ ਕੀਤੀ ਹੈ ਕਿ ਜੰਡਿਆਲਾ ਬੱਸ ਅੱਡੇ ਤੋਂ ਨਕੋਦਰ ਰੋਡ , ਅਤੇ ਬੁੰਡਾਲਾ ਰੋਡ ਤੇ ਹਰ ਵੇਲੇ ਟਰੈਫਿਕ ਦੀ ਸਮੱਸਿਆ ਰਹਿੰਦੀ ਹੈ। ਜੰਡਿਆਲਾ ਵਿੱਚ ਵੀ ਆਵਾਜਾਈ ਦੀ ਗੰਭੀਰ ਸਮੱਸਿਆ ਨੇ ਲੋਕਾਂ ਨੂੰ ਬਹੁੱਤ ਤੰਗ ਪ੍ਰੇਸ਼ਾਨ ਕੀਤਾ ਹੋਇਆ ਹੈ ਪਰ ਪ੍ਰਸ਼ਾਸਨ ਇਸ ਸਮੱਸਿਆ ਨੂੰ ਹੱਲ ਕਰਨ ਵੱਲ ਧਿਆਨ ਨਹੀਂ ਦੇ ਰਿਹਾ। ਬੁੰਡਾਲਾ ਰੋਡ ਬਜਾਰ 'ਚ ਸੜਕਾਂ 'ਤੇ ਖੜ੍ਹੇ ਵਾਹਨਾਂ ਕਾਰਨ ਲੰਘਣਾ ਔਖਾ ਹੈ। ਰਹਿੰਦੀ ਖੂੰਹਦੀ ਕਸਰ ਰੇਹੜੀਆਂ-ਫੜੀ ਅਤੇ ਦੁਕਾਨਦਾਰ ਆਪਣਾ ਸਾਮਾਨ ਬਾਹਰ ਕੱਢ ਕੇ ਕੱਢ ਦਿੰਦੇ ਹਨ ਜਿਸ ਕਰਕੇ ਸੜਕਾਂ 'ਤੇ ਜਾਮ ਲੱਗ ਜਾਂਦੇ ਹਨ ਜਿੱਥੇ ਕੁਝ ਹੀ ਮੀਟਰ ਦਾ ਫਾਸਲਾ ਤੈਅ ਕਰਨ ਲਈ ਘੰਟਿਆਂਬੱਧੀ ਸਮਾਂ ਲੱਗ ਜਾਂਦਾ ਹੈ। ਬੁੰਡਾਲਾ,ਗੋਰਾਇਆ ਰੋਡ ਉੱਤੇ ਫਰੂਟ ਦੀਆਂ ਰੇੜੀਆਂ, ਸਬਜੀ ਦੀਆਂ ਰੇੜ੍ਹੀਆਂ ਵਾਲੀਆਂ ਤੋਂ ਦੁਕਾਨ ਦਾਰ ਮੋਟੀ ਕਮਾਈ ਕਰ ਰਹੇ ਹਨ ਅਤੇ ਲੋਕ ਬਿਨਾਂ ਵਜ੍ਹਾ ਤੋਂ ਪ੍ਰੇਸ਼ਾਨ ਹੋ ਰਹੇ ਹਨ ਜਿਸ ਨਾਲ ਨਾਜਾਇਜ਼ ਕਬਜ਼ਿਆਂ ਦੀ ਭਰਮਾਰ ਬਣੀ ਹੋਈ ਹੈ। ਹਾਈਕੋਰਟ ਦੇ ਹੁਕਮਾਂ ਦੇ ਬਾਵਜੂਦ ਵੀ ਦੁਕਾਨਦਾਰ ਨਜ਼ਾਇਜ਼ ਕਬਜ਼ਿਆਂ ਤੋਂ ਪਿੱਛੇ ਨਹੀਂ ਹਟ ਰਹੇ ਹਨ। ਟ੍ਰੈਫਿਕ ਸਮੱਸਿਆ ਗੰਭੀਰ ਹੋ ਗਈ ਹੈ।

ਪੁਲਸ ਨੇ 24 ਘੰਟਿਆਂ 'ਚ ਕਤਲ ਦਾ ਮਾਮਲਾ ਸੁਲਝਾਇਆ

ਨਵਾਂਸ਼ਹਿਰ (ਮਨੋਜ ਕੁਮਾਰ ਲਾਡੀ)

ਨਵਾਂਸ਼ਹਿਰ ਦੇ ਕੱਲਰਾ ਮੁਹੱਲੇ ਦੇ ਨਾਬਾਲਗ ਨੌਜਵਾਨ ਦੀ ਨਬਲਿਕ ਲੜਕੀ ਨਾਲ ਦੋਸਤੀ ਨੂੰ ਲੈ ਕੇ ਹੋਈ ਲੜਾਈ ਦੌਰਾਨ ਕੁੱਟਮਾਰ ਦੌਰਾਨ ਮੌਤ ਹੋ ਗਈ। ਮ੍ਰਿਤਕ ਨੌਜਵਾਨ ਦੇ ਪਰਵਾਰ ਨੂੰ ਉਸ ਸਮੇਂ ਪਤਾ ਲੱਗਾ, ਜਦੋਂ ਉਨ੍ਹਾਂ ਦਾ ਲੜਕਾ ਘਰ ਵਾਪਸ ਨਹੀਂ ਪਰਤਿਆ। ਸਿਟੀ ਪੁਲਸ ਨੇ ਇਸ ਮਾਮਲੇ ਵਿੱਚ 8 ਨੌਜਵਾਨਾਂ ਨੂੰ ਨਾਮਜਦ ਕੀਤਾ ਹੈ ਅਤੇ ਭਾਰਤੀ ਦੰਡਾਵਲੀ ਦੀਆਂ ਧਾਰਾਵਾਂ 302 ਅਤੇ 34 ਅਤੇ 307 ਤਹਿਤ ਕਰਾਸ ਐਫਆਈਆਰ ਦਰਜ ਕਰਕੇ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਮ੍ਰਿਤਕ ਦੇ ਭਰਾ ਰਜਤ ਕੁਮਾਰ ਨੇ ਦੱਸਿਆ ਕਿ ਉਹ ਆਪਣੇ ਘਰ 'ਚ ਕਰਿਆਨੇ ਦੀ ਦੁਕਾਨ ਕਰਦਾ ਹੈ। ਉਹ ਆਪਣੀ ਦੁਕਾਨ 'ਤੇ ਮੌਜੂਦ ਸੀ ਜਦੋਂ ਗੁਰੂ ਤੇਗ ਬਹਾਦਰ ਨਗਰ 'ਚ ਰਹਿੰਦੇ ਉਸ ਦੇ ਭਰਾ ਦੇ ਦੋਸਤ ਪ੍ਰੀਤਮ ਅਤੇ ਹੋਰਾਂ ਨੇ ਉਸ ਨੂੰ ਬੁਲਾਇਆ ਅਤੇ ਆਪਣੇ ਨਾਲ ਲੈ ਗਏ ਤਾਂ ਰਾਤ ਨੂੰ ਮੈਨੂੰ ਪਤਾ ਲੱਗਾ ਕਿ ਮੇਰੇ ਛੋਟੇ ਭਰਾ ਵਿਸ਼ਾਲ ਦਾ ਉਨ੍ਹਾਂ ਨੇ ਕਤਲ ਕਰ ਦਿੱਤਾ ਹੈ। ਰਜਤ ਨੇ ਦੱਸਿਆ ਕਿ ਬਾਅਦ ਵਿਚ ਉਸ ਨੂੰ ਪਤਾ ਲੱਗਾ ਕਿ ਉਸ ਦੇ ਭਰਾ ਵਿਸ਼ਾਲ ਅਤੇ ਉਸ ਦੇ ਦੋਸਤਾਂ ਦੀ ਕੁਸ਼ਟ ਆਸਰਮ ਦੇ ਨੇੜੇ ਰਹਿੰਦੇ ਇਕ ਹੋਰ ਗਰੁੱਪ ਦੇ ਲੜਕਿਆਂ ਨਾਲ ਲੜਾਈ ਹੋਈ ਸੀ। ਸਿਟੀ ਪੁਲਸ ਨੇ 24 ਘੰਟਿਆਂ 'ਚ ਇਸ ਕਤਲ ਕਾਂਡ ਨੂੰ ਸੁਲਝਾ ਲਿਆ। ਇਸ ਕਤਲ ਕਾਂਡ ਦੇ 8 ਮੁਲਜਮਾਂ ਵਿੱਚੋਂ ਜੈ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ ਅਤੇ ਇਸ ਵਾਰਦਾਤ ਵਿੱਚ ਵਰਤੀ ਗਈ ਬੰਦੂਕ ਬਰਾਮਦ ਕਰ ਲਈ ਹੈ।

ਅੱਜ ਨਾਮਵਰ ਗਾਇਕ ਹਰਜੀਤ ਹਰਮਨ ਕਰਨਗੇ ਦਰਸ਼ਕਾਂ ਦਾ ਮਨੋਰੰਜਨ

ਜਲੰਧਰ (ਸ਼ੈਲੀ ਐਲਬਰਟ)-ਸੁਰਜੀਤ ਹਾਕੀ ਟੂਰਨਾਮੈਂਟ ਦੇ ਫਾਈਨਲ ਮੌਕੇ 3 ਨਵੰਬਰ ਨੂੰ ਨਾਮਵਰ ਪੰਜਾਬੀ ਗਾਇਕ ਹਰਜੀਤ ਹਰਮਨ ਦਰਸ਼ਕਾਂ ਦਾ ਮਨੋਰੰਜਨ ਕਰਨਗੇ । "ਪੰਜੇਬਾਂ" ਤੇ "ਮੁੰਦਰੀ" ਗੀਤ ਨਾਲ ਸਟਾਰ ਬਣੇ ਹਰਜੀਤ ਹਰਮਨ ਦਹਾਕੇ ਤੋਂ ਵੀ ਲੰਬੇ ਸਮੇਂ ਤੋਂ ਦਰਸ਼ਕਾਂ ਦੇ ਦਿਲ ਉੱਪਰ ਰਾਜ ਕਰ ਰਹੇ ਹਨ । ਸੁਸਾਇਟੀ ਦੇ ਇੱਕ ਬੁਲਾਰੇ ਨੇ ਦੱਸਿਆ ਕਿ ਫਾਈਨਲ ਮੈਚ ਵੇਖਣ ਪਹੁੰਚ ਰਹੇ ਦਰਸ਼ਕਾਂ ਲਈ ਜਿੱਥੇ ਬੈਠਣ ਦੇ ਖਾਸ ਪ੍ਰਬੰਧ ਕੀਤੇ ਗਏ, ਉੱਥੇ ਉਨ੍ਹਾਂ ਲਈ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਲੱਕੀ ਕੂਪਨ ਰਾਹੀਂ ਆਲਟੋ ਕਾਰ ਦਿੱਤੀ ਜਾਵੇਗੀ। ਇਸ ਦੇ ਨਾਲ ਹੀ ਹੋਰ ਵੀ ਕੀਮਤੀ ਤੋਹਫੇ ਲੱਕੀ ਡਰਾਅ ਰਾਹੀਂ ਸਿਰਫ ਤੇ ਸਿਰਫ ਦਰਸ਼ਕਾਂ ਲਈ ਕੱਢੇ ਜਾਣਗੇ। ਉਨਾਂ ਇਹ ਵੀ ਕਿਹਾ ਕਿ ਕੁੱਝ ਕਾਰਨਾਂ ਕਰਕੇ ਬੱਬੂ ਮਾਨ ਦੀ ਪੇਸ਼ਕਾਰੀ ਨਹੀਂ ਹੋ ਸਕੇਗੀ।

ਟਰਾਂਸਪੋਰਟ ਵਿਭਾਗ ਦੇ ਸਾਰੇ ਮੁਲਾਜ਼ਮਾਂ 'ਤੇ 5 ਫੀਸਦੀ ਵਾਧਾ ਲਾਗੂ ਕਰੇ ਸਰਕਾਰ : ਮਾਹੀ

ਨੰਗਲ (ਸੁਰਜੀਤ ਢੇਰ)

ਪੰਜਾਬ ਰੋਡਵੇਜ/ਪਨਬਸ/ਪੀ.ਆਰ.ਟੀ.ਸੀ ਕੰਟਰੈਕਟ ਵਰਕਰਜ ਯੂਨੀਅਨ ਪੰਜਾਬ 25/11 ਵੱਲੋਂ ਸਮੂਹ ਡਿੱਪੂਆਂ ਅੱਗੇ ਗੇਟ ਰੈਲੀਆਂ ਕੀਤੀਆਂ ਗਈਆਂ। ਨੰਗਲ ਡਿਪੂ ਦੇ ਗੇਟ 'ਤੇ ਬੋਲਦਿਆਂ ਲਖਬੀਰ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵਲੋਂ ਟਰਾਂਸਪੋਰਟ ਵਿਭਾਗ ਵੱਲ ਧਿਆਨ ਨਹੀਂ ਦਿੱਤਾ ਜਾ ਰਿਹਾ ਕੱਚੇ ਮੁਲਾਜਮਾਂ ਨੂੰ ਪੱਕਾ ਕਰਨਾ, ਨਵੀਆਂ ਬੱਸਾਂ ਪਾਉਣ ਨਵੇਂ ਪਰਮਿਟ ਚੁੱਕਣ,ਟਾਇਮਟੇਬਲ ਬਣਾਉਣ,ਤਨਖਾਹਾਂ ਪੂਰੀਆਂ ਦੇਣ ਜਾਂ ਬਣਦਾ ਵਾਧਾ ਦੇਣ ਤੋਂ ਸਰਕਾਰ ਵਾਰ ਵਾਰ ਭੱਜ ਰਹੀ ਹੈ। ਸਰਕਾਰ ਵਲੋਂ ਟਰਾਂਸਪੋਰਟ ਵਿਭਾਗ ਵੱਲ ਬਿਲਕੁਲ ਧਿਆਨ ਨਹੀਂ ਦਿੱਤਾ ਜਾ ਰਿਹਾ, ਜਿਸ ਕਾਰਨ ਟਰਾਂਸਪੋਰਟ ਵਿਭਾਗ ਮੰਦੀ ਹਾਲਤ ਵਿੱਚੋਂ ਗੁਜਰ ਰਿਹਾ ਹੈ। ਪਿੱਛਲੇ ਸਮੇਂ ਵਿੱਚ ਯੂਨੀਅਨ ਦੇ ਸੰਘਰਸ ਦੌਰਾਨ ਕਈ ਮੀਟਿੰਗਾਂ ਵਿੱਚ ਮੁੱਖ ਮੰਤਰੀ ਪੰਜਾਬ ਅਤੇ ਸਰਕਾਰ ਭੱਜੀ ਹੈ ਅਤੇ ਕਈ ਮੀਟਿੰਗਾਂ ਵਿੱਚ ਮੰਗਾਂ ਮੰਨਣ ਦੇ ਬਾਵਜੂਦ ਵੀ ਲਾਗੂ ਨਹੀਂ ਕੀਤੀਆਂ ਗਈਆਂ ਮ

3-Nov-PAGE-9.qxd 11/2/2023 10:51 PM Page 1

ਫਲਸਤੀਨੀਆਂ ਦੀ ਹੋ ਰਹੀ ਨਸਲਕੁਸ਼ੀ ਨੂੰ ਰੋਕਣ ਸੰਬੰਧੀ ਦਿੱਤਾ ਮੰਗ ਪੱਤਰ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)

ਇੱਥੇ ਸੀ.ਆਈ.ਟੀ.ਯੂ., ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ ਅਤੇ ਕੁਲ ਹਿੰਦ ਕਿਸਾਨ ਸਭਾ ਦੇ ਨੁਮਾਇੰਦਿਆਂ ਵਲੋਂ ਐਸ.ਡੀ.ਐਮ. ਹੁਸ਼ਿਆਰਪੁਰ ਰਾਹੀਂ ਮੰਗ ਕਰਦਿਆਂ ਇਸਰਾਇਲ ਵਲੋਂ ਫਲਸਤੀਨੀ ਲੋਕਾਂ ਉਪਰ ਮਨੁੱਖੀ ਤਬਾਹੀ ਵਾਲੇ ਹਮਲਿਆਂ ਨੂੰ ਤੁਰੰਤ ਬੰਦ ਕਰਵਾਉਣ ਅਤੇ ਤੁਰੰਤ ਜੰਗਬੰਦੀ ਲਈ ਦੇਸ਼ ਦੇ ਰਾਸ਼ਟਰਪਤੀ ਨੂੰ ਆਪਣੇ ਸਤਕਾਰਿਤ ਅਹੁੱਦੇ ਦੀ ਵਰਤੋਂ ਕਰਦਿਆਂ ਦਖਲ ਦੀ ਅਪੀਲ ਕੀਤੀ ਗਈ। ਬਾਅਦ ਵਿੱਚ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਸਾਥੀ ਗੁਰਮੇਸ਼ ਸਿੰਘ ਨੇ ਦੱਸਿਆ ਕਿ ਇਸਰਾਇਲ ਗਾਜ਼ਾ ਪੱਟੀ ਉੱਤੇ ਅਣ-ਮਨੁੱਖੀ ਬੰਬਾਰੀ, ਇਥੋਂ ਤੱਕ ਕਿ ਹਸਪਤਾਲਾਂ, ਸਕੂਲਾਂ ਅਤੇ ਯੂ.ਐਨ. ਸ਼ੈਲਟਰ ਕੈਂਪਾਂ ਜਿੱਥੇ ਆਮ ਲੋਕਾਂ ਨੇ ਪਨਾਹ ਲਈ ਹੋਈ ਹੈ ਉਪਰ ਹਮਲੇ ਕਰ ਰਿਹਾ ਹੈ। ਅਮਰੀਕਨ ਸਾਮਰਾਜ ਅਤੇ ਉਸ ਦੇ ਸਹਿਯੋਗੀਆਂ ਵਲੋਂ ਕੌਮਾਂਤਰੀ ਪੱਧਰ ਤੇ ਯੁਧ ਦੀਆਂ ਤਹਿ ਕੀਤੀਆਂ ਹੋਈਆਂ ਸ਼ਰਤਾਂ ਨੂੰ ਅਣਦੇਖਿਆ ਕਰਦਿਆਂ ਇਸਰਾਇਲ ਵਲੋਂ ਫਲਸਤੀਨੀ ਲੋਕਾਂ ਲਈ ਜ਼ਰੂਰੀ ਦਵਾਈਆਂ, ਖੁਰਾਕੀ ਵਸਤਾਂ, ਬਿਜਲੀ ਅਤੇ ਪਾਣੀ ਦੀ ਸਪਲਾਈ ਪੂਰੀ ਤਰ੍ਹਾਂ ਬੰਦ ਕੀਤੀ ਹੋਈ ਹੈ। ਉਹਨਾਂ ਨੇ ਅੱਗੇ ਕਿਹਾ ਕਿ ਯੂ.ਐਨ.ਓ. ਦੀ ਆਮ ਸਭਾ ਵਿੱਚ ਜੰਗਬੰਦੀ ਲਈ ਮਤਾ ਪਾਸ ਕਰਨ ਸਮੇਂ ਭਾਰਤ ਵਲੋਂ ਬਾਹਰ ਰਹਿਣ ਨੇ ਸਾਬਤ ਕਰ ਦਿੱਤਾ ਹੈ ਕਿ ਮੋਦੀ ਸਰਕਾਰ ਅਮਰੀਕੀ ਸਾਮਰਾਜ ਦੀ ਕਠਪੁਤਲੀ ਬਣ ਕੇ ਰਹਿ ਗਈ ਹੈ। ਰਾਸ਼ਟਰਪਤੀ ਨੂੰ ਇਸ ਅਪੀਲ ਰਾਹੀਂ ਫਲਸਤੀਨੀਆਂ ਦੀ ਹੋ ਰਹੀ ਨਕਲਕੁਸ਼ੀ ਅਤੇ ਤਬਾਹੀ ਨੂੰ ਰੋਕਣ ਲਈ ਲੋੜੀਂਦੀ ਦਖਲ-ਅੰਦਾਜ਼ੀ ਦੀ ਮੰਗ ਕੀਤੀ ਗਈ। ਇਸ ਮੌਕੇ ਮਹਿੰਦਰ ਸਿੰਘ ਭੀਲੋਵਾਲ, ਧੰਨਪਤ ਬੱਸੀ ਦੌਲਤ ਖਾਂ, ਬਲਵਿੰਦਰ ਸਿੰਘ ਹੁਸ਼ਿਆਰਪੁਰ, ਸੁਖਪਾਲ ਸਿੰਘ ਫੌਜੀ ਅਤੇ ਰਘਵਿੰਦਰ ਸਿੰਘ ਕਾਹਰੀ ਹਾਜ਼ਰ ਸਨ।

ਬਿਲਡਿੰਗ ਕਮੇਟੀ ਦੀ ਮੀਟਿੰਗ 'ਚ ਡੇਰਾਬੱਸੀ ਵਿਖੇ ਰਿਹਾਇਸ਼ਾਂ ਦੀ ਪ੍ਰਗਤੀ ਵਿਚਾਰੀ

ਐੱਸ ਏ ਐੱਸ ਨਗਰ (ਕ੍ਰਿਸ਼ਨ ਗਰਗ, ਗੁਰਜੀਤ ਬਿੱਲਾ)

ਜ਼ਿਲ੍ਹਾ ਪੱਧਰੀ ਬਿਲਡਿੰਗ ਕਮੇਟੀ ਦੀ ਡਿਪਟੀ ਕਮਿਸ਼ਨਰ ਸ੍ਰੀਮਤੀ ਆਸ਼ਿਕਾ ਜੈਨ ਦੀ ਅਗਵਾਈ 'ਚ ਇੱਥੇ ਹੋਈ ਮੀਟਿੰਗ 'ਚ ਡੇਰਾਬੱਸੀ ਦੇ ਜੁਡੀਸ਼ੀਅਲ ਕੰਪਲੈਕਸ ਅਤੇ ਮੋਹਾਲੀ ਵਿਖੇ ਜੁਡੀਸ਼ੀਅਲ, ਪੁਲਸ ਅਤੇ ਸਿਵਲ ਰਿਹਾਇਸ਼ਾਂ ਦੀ ਪ੍ਰਗਤੀ ਵਿਚਾਰੀ ਗਈ। ਕਮੇਟੀ ਦੀ ਮੀਟਿੰਗ 'ਚ ਗਮਾਡਾ ਦੇ ਮੁੱਖ ਪ੍ਰਸ਼ਾਸਕ ਰਾਜੀਵ ਕੁਮਾਰ ਗੁਪਤਾ, ਐਸ ਐਸ ਪੀ ਡਾ. ਸੰਦੀਪ ਗਰਗ, ਏ ਡੀ ਸੀ (ਜ) ਵਿਰਾਜ ਐਸ ਤਿੜਕੇ, ਏ ਡੀ ਸੀ (ਸ਼ਹਿਰੀ ਵਿਕਾਸ) ਦਮਨਜੀਤ ਸਿੰਘ ਮਾਨ, ਏ ਸੀ ਏ ਪੁੱਡਾ ਦਮਨਦੀਪ ਕੌਰ, ਐਸ ਡੀ ਐਮ ਡੇਰਾਬੱਸੀ ਹਿਮਾਂਸ਼ੂ ਗੁਪਤਾ, ਫ਼ੀਲਡ ਅਫ਼ਸਰ ਮੁੱਖ ਮੰਤਰੀ ਇੰਦਰਪਾਲ, ਕਾਰਜਕਾਰੀ ਇੰਜੀਨੀਅਰ ਲੋਕ ਨਿਰਮਾਣ ਵਿਭਾਗ (ਪ੍ਰਾਂਤਕ ਮੰਡਲ) ਐਸ ਐਸ ਭੁੱਲਰ ਮੌਜੂਦ ਸਨ। ਡਿਪਟੀ ਕਮਿਸ਼ਨਰ ਸ੍ਰੀਮਤੀ ਆਸ਼ਿਕਾ ਜੈਨ ਨੇ ਦੱਸਿਆ ਕਿ ਡੇਰਾਬੱਸੀ ਵਿਖੇ ਬਣਨ ਵਾਲੇ ਜੁਡੀਸ਼ੀਅਲ ਕੰਪਲੈਕਸ ਲਈ ਜਵਾਹਰਪੁਰ ਵਿਖੇ 6 ਏਕੜ ਥਾਂ ਦੀ ਸ਼ਨਾਖਤ ਕਰ ਲਈ ਗਈ ਹੈ, ਜਿਸ ਵਿੱਚ ਮੌਜੂਦ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਦਫ਼ਤਰੀ ਕਮਰਿਆਂ, ਮਿਆਦ ਪੁਗਾ ਚੁੱਕੀ ਪਾਣੀ ਦੀ ਟੈਂਕੀ ਅਤੇ ਬੋਰਵੈਲ ਨੂੰ ਹਟਾਇਆ ਜਾਣਾ ਹੈ। ਉਨ੍ਹਾਂ ਅਧਿਕਾਰੀਆਂ ਨੂੰ ਇਸ ਸਬੰਧੀ ਲੋੜੀਂਦੇ ਅਨੁਮਾਨ ਤਿਆਰ ਕਰਨ ਲਈ ਆਖਿਆ। ਐਸ ਏ ਐਸ ਨਗਰ ਮੋਹਾਲੀ 'ਚ ਜ਼ਿਲ੍ਹਾ ਹੈੱਡ ਕੁਆਰਟਰ 'ਤੇ ਬਣਨ ਵਾਲੀਆਂ ਜੁਡੀਸ਼ੀਅਲ, ਪੁਲਸ ਅਤੇ ਸਿਵਲ ਅਧਿਕਾਰੀਆਂ ਦੀ ਰਿਹਾਇਸ਼ਾਂ ਲਈ ਸੈਕਟਰ 96 'ਚ ਸ਼ਨਾਖਤ ਕੀਤੀ ਥਾਂ 'ਤੇ ਉਸਾਰੀ ਲਈ ਅਗਲੀ ਕਾਰਵਾਈ ਕਰਨ 'ਤੇ ਵਿਚਾਰਾਂ ਕੀਤੀਆਂ ਗਈਆਂ। ਉਨ੍ਹਾਂ ਦੱਸਿਆ ਕਿ 24 ਰਿਹਾਇਸ਼ਾਂ ਦੇ ਨਿਰਮਾਣ ਦੀ ਪ੍ਰਵਾਨਗੀ ਮਿਲੀ ਹੈ, ਜਿਸ 'ਤੇ ਹੁਣ ਚੀਫ਼ ਆਰਕੀਟੈਕਟ ਪਾਸੋਂ ਡਰਾਇੰਗ ਤਿਆਰ ਕਰਵਾ ਕੇ ਅਤੇ ਉਸਾਰੀ ਖਰਚੇ ਤੈਅ ਕਰਕੇ ਸਰਕਾਰ ਪਾਸੋਂ ਫੰਡ ਮੰਗੇ ਜਾਣਗੇ।

ਵਿਜੀਲੈਂਸ ਬਿਊਰੋ ਵੱਲੋਂ ਸਿੱਖ ਨੈਸ਼ਨਲ ਕਾਲਜ ਬੰਗਾ ਵਿਖੇ ਜਾਗਰੂਕਤਾ ਸੈਮੀਨਾਰ

ਬਹਿਰਾਮ (ਅਵਤਾਰ ਕਲੇਰ)

ਸੈਂਟਰਲ ਵਿਜੀਲੈਂਸ ਕਮਿਸ਼ਨ ਨਵੀ ਦਿੱਲੀ ਦੀਆਂ ਹਦਾਇਤਾਂ ਅਨੁਸਾਰ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਗਈ ਮੁਹਿਮ ਦੇ ਸਬੰਧ ਵਿੱਚ ਪੰਜਾਬ ਸਰਕਾਰ ਦੇ ਹੁਕਮਾਂ ਤਹਿਤ ਵਿਜੀਲੈਂਸ ਬਿਊਰੋ ਪੰਜਾਬ ਐਸ.ਏ.ਐਸ. ਨਗਰ ਮੋਹਾਲੀ ਵੱਲੋਂ ਕਰਵਾਏ ਜਾ ਰਹੇ ਵਿਜੀਲੈਂਸ ਜਾਗਰੂਕਤਾ ਹਫਤਾ ਦੇ ਤਹਿਤ ਸਿੱਖ ਨੈਸ਼ਨਲ ਕਾਲਜ ਬੰਗਾ ਵਿਖੇ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਵਰਿੰਦਰ ਕੁਮਾਰ ਆਈ.ਪੀ.ਐਸ. ਮੁੱਖ ਡਾਇਰੈਕਟਰ ਵਿਜੀਲੈਂਸ ਬਿਊਰੋ ਪੰਜਾਬ ਐਸ.ਏ.ਐਸ. ਨਗਰ ਮੋਹਾਲੀ ਦੇ ਦਿਸ਼ਾ ਨਿਰਦੇਸ਼ ਤਹਿਤ ਅਤੇ ਰਾਜੇਸ਼ਵਰ ਸਿੰਘ ਸਿੱਧੂ ਸੀਨੀਅਰ ਕਪਤਾਨ ਪੁਲਸ, ਵਿਜੀਲੈਂਸ ਬਿਊਰੋ, ਰੇਂਜ ਜਲੰਧਰ ਦੀ ਯੋਗ ਅਗਵਾਈ ਹੇਠ ਅਰਮਿੰਦਰ ਸਿੰਘ, ਪੀ.ਪੀ.ਐਸ. ਉੱਪ ਕਪਤਾਨ ਪੁਲਸ ਵਿਜੀਲੈਂਸ ਬਿਊਰੋ ਯੂਨਿਟ ਸ਼ਹੀਦ ਭਗਤ ਸਿੰਘ ਨਗਰ ਵੱਲੋਂ ਕਰਵਾਏ ਗਏ ਸਮਾਗਮ ਦੌਰਾਨ ਸਰਵਣ ਸਿੰਘ ਬੱਲ, ਪੀ.ਪੀ.ਐਸ ਉੱਪ ਕਪਤਾਨ ਪੁਲਸ, ਸਬ-ਡਵੀਜਨ ਬੰਗਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਪ੍ਰਿੰਸੀਪਲ ਡਾਕਟਰ ਤਰਸੇਮ ਸਿੰਘ ਤੋਂ ਇਲਾਵਾ ਕਾਲਜ ਦੀ ਵਿਦਿਆਰਥਣ ਮਿਸ ਟਵਿੰਕਲ ਅਤੇ ਮਿਸਟਰ ਆਸਾ ਸਿੰਘ ਵੱਲੋਂ ਭ੍ਰਿਸ਼ਟਾਚਾਰ ਦੇ ਖਿਲਾਫ ਜਾਗਰੂਕ ਕੀਤਾ ਗਿਆ। ਇਸ ਤੋਂ ਇਲਾਵਾ ਕਾਲਜ ਦੀ ਵਿਦਿਆਰਥਣ ਮਿਸ ਪ੍ਰਭਦੀਪ ਕੋਰ ਵੱਲੋਂ ਭ੍ਰਿਸ਼ਟਾਚਾਰ ਦੇ ਖਿਲਾਫ ਤਿਆਰ ਕੀਤੀ ਕਵਿਤਾ ਸੁਣਾਈ ਗਈ। ਸਮਾਗਮ ਦੌਰਾਨ ਸਟੇਜ ਸੈਕਟਰੀ ਦੀ ਜ਼ਿੰਮੇਵਾਰੀ ਪ੍ਰੋਫੈਸਰ ਗੁਰਪ੍ਰੀਤ ਸਿੰਘ ਵੱਲੋਂ ਨਿਭਾਈ ਗਈ। ਡੀ.ਐਸ.ਪੀ. ਅਰਮਿੰਦਰ ਸਿੰਘ ਵੱਲੋਂ ਸੈਮੀਨਾਰ ਵਿੱਚ ਸ਼ਾਮਲ ਹੋਏ ਵਿਦਆਰਥੀਆਂ ਅਤੇ ਸਟਾਫ ਨੂੰ ਵਿਜੀਲੈਂਸ ਬਿਊਰੋ ਦੇ ਕੰਮ-ਕਾਜ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ। ਸੈਮੀਨਾਰ ਵਿੱਚ ਸ਼ਾਮਲ ਵਿਦਿਆਰਥੀਆਂ ਅਤੇ ਸਟਾਫ ਨੂੰ ਵਿਜੀਲੈਂਸ

ਬਿਊਰੋ ਦੇ ਟੋਲ ਫਰੀ ਨੰਬਰ-1800 1800 1000,ਐਂਟੀ ਕੁਰੱਪਸ਼ਨ ਐਕਸ਼ਨ ਲਾਈਨ ਨੰਬਰ-95012-00200 ਅਤੇ ਦਫਤਰਾਂ ਦੇ ਲੈਂਡ ਲਾਈਨ ਨੰਬਰਾਂ ਵਾਲੇ ਪੰਫਲਿਟ ਵੰਡੇ ਗਏ ਅਤੇ ਭ੍ਰਿਸ਼ਟਾਚਾਰ ਨੂੰ ਖਤਮ ਕਰਨ ਲਈ ਸਹਿਯੋਗ ਦੇਣ ਲਈ ਅਪੀਲ ਕੀਤੀ ਗਈ। ਵਿਜੀਲੈਂਸ ਬਿਊਰੋ ਵੱਲੋ ਭ੍ਰਿਸ਼ਟਾਚਾਰ ਦੇ ਖਾਤਮੇ ਲਈ ਸ਼ੁਰੂ ਕੀਤੀ ਗਈ ਮੁਹਿਮ ਦੀ ਹਾਜਰ ਲੋਕਾਂ ਵੱਲੋਂ ਸ਼ਲਾਘਾ ਕੀਤੀ ਗਈ। ਇਸ ਤੋਂ ਇਲਾਵਾ ਜਸਬੀਰ ਸਿੰਘ ਨਾਇਬ ਤਹਿਸੀਲਦਾਰ ਬੰਗਾ , ਜਸਵਿੰਦਰ ਕਲੇਰ ਬੀ.ਡੀ.ਪੀ.ਓ. ਬੰਗਾ, ਹਰਪ੍ਰੀਤ ਸਿੰਘ ਏ.ਐਮ.ਈ. ਮਿਊਂਸਪਲ ਕੌਂਸਲ ਬੰਗਾ ਅਤੇ ਡਾਕਟਰ ਤਰਸੇਮ ਸਿੰਘ ਪ੍ਰਿੰਸੀਪਲ ਸਿੱਖ ਨੈਸ਼ਨਲ ਕਾਲਜ ਬੰਗਾ ਵੀ ਮੌਜੂਦ ਸਨ।

ਮਿਡ-ਡੇ-ਮੀਲ ਵਰਕਰਜ਼ ਯੂਨੀਅਨ ਨੇ ਦਿੱਤਾ ਮੰਗ ਪੱਤਰ

ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀ)

ਮਿਡ-ਡੇ-ਮੀਲ ਵਰਕਰਜ ਯੂਨੀਅਨ ਪੰਜਾਬ ਦੇ ਸੱਦੇ 'ਤੇ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀਆਂ ਮਿਡ-ਡੇ-ਮੀਲ ਵਰਕਰਾਂ ਦੇ ਵਫਦ ਵੱਲੋਂ ਜ਼ਿਲ੍ਹਾ ਪ੍ਰਧਾਨ ਰਿੰਪੀ ਰਾਣੀ ਦੀ ਅਗਵਾਈ ਵਿੱਚ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਦਿੱਤਾ ਗਿਆ। ਜਿਸ ਵਿੱਚ ਮਿਡ-ਡੇ-ਮੀਲ ਵਰਕਰਾਂ ਨੂੰ ਪੂਰੇ ਸਕੇਲਾਂ ਵਿਚ ਰੈਗੂਲਰ ਕਰਨ, ਰੈਗੂਲਰ ਕਰਨ ਤੱਕ ਘੱਟੋ-ਘੱਟ ਉਜਰਤ 18000 ਰੁਪਏ ਮਹੀਨਾ ਦੇਣ, ਵਰਕਰਾਂ ਨੂੰ ਪਹਿਚਾਣ ਪੱਤਰ ਅਤੇ ਗਰਮੀ ਸਰਦੀ ਦੀਆਂ ਵਰਦੀਆਂ ਦੇਣ, ਸਰਕਾਰੀ ਮਹਿਲਾ ਮੁਲਾਜਮਾਂ ਵਾਂਗ ਅਚਨਚੇਤ, ਮੈਡੀਕਲ, ਪ੍ਰਸੂਤਾ ਅਤੇ ਕਮਾਈ ਛੁੱਟੀਆਂ ਦੇਣ, ਪੂਰੀ ਨਰਸਰੀ ਦੇ ਬੱਚਿਆਂ ਨੂੰ ਕੁਲ ਗਿਣਤੀ ਵਿੱਚ ਸ਼ਾਮਲ ਕਰਕੇ ਸਕੂਲ ਵਿੱਚ ਘੱਟੋ ਘੱਟ 2 ਵਰਕਰਾਂ ਅਤੇ ਹਰ 25 ਬੱਚਿਆਂ ਦੀ ਗਿਣਤੀ ਪਿਛੇ ਇੱਕ ਵਰਕਰ ਦੀ ਨਿਯੁਕਤੀ ਕਰਨ, ਸੇਵਾ ਪੱਤਰੀਆਂ ਲਗਾਉਣ, ਜੀ ਪੀ ਐਫ ਕੱਟਣ, ਹਰ ਵਰਕਰ ਦਾ 5 ਲੱਖ ਦਾ ਬੀਮਾ ਕਰਨ, ਵਰਕਰ ਦੀ ਮੌਤ ਹੋਣ ਦੀ ਸੂਰਤ ਵਿੱਚ ਪਰਵਾਰਕ ਮੈਂਬਰ ਨੂੰ

ਨੌਕਰੀ ਦੇਣ ਆਦਿ ਦੀਆਂ ਮੰਗਾਂ ਸ਼ਾਮਲ ਸਨ। ਵਫਦ ਵਿੱਚ ਸੁਨੀਤਾ ਰਾਣੀ, ਕੁਲਵਿੰਦਰ ਕੌਰ, ਕਿਰਨ, ਸਰੋਜ ਰਾਣੀ, ਊਸ਼ਾ ਰਾਣੀ, ਪਰਮਜੀਤ ਕੌਰ, ਨਛੱਤਰ ਕੌਰ, ਰਾਜ ਰਾਣੀ, ਨੀਲਮ ਰਾਣੀ, ਕਾਂਤਾ ਰਾਣੀ, ਜਸਵਿੰਦਰ ਕੌਰ, ਰਜਨੀ, ਗੀਤਾ ਰਾਣੀ ਆਦਿ ਸ਼ਾਮਲ ਸਨ। ਇਸ ਮੌਕੇ ਕਰਨੈਲ ਸਿੰਘ ਸਾਬਕਾ ਬੀ ਪੀ ਈ ਓ, ਪ੍ਰਿੰ. ਧਰਮ ਪਾਲ ਅਤੇ ਜਰਨੈਲ ਸਿੰਘ ਮੌਜੂਦ ਸਨ।

ਹਾਈ ਕੋਰਟ 'ਚ ਭਾਰਤ ਮਾਲਾ ਪ੍ਰੋਜੈਕਟ ਮੁਆਵਜ਼ੇ ਦੀ ਸੁਣਵਾਈ 6 ਨੂੰ

ਖਰੜ (ਹਰਨਾਮ ਸਿੰਘ ਡੱਲਾ)

ਕੇਂਦਰ ਸਰਕਾਰ ਦੇ ਸੜਕ ਨਿਰਮਾਣ ਪ੍ਰੋਜੈਕਟ ਅਧੀਨ ਕਿਸਾਨਾਂ ਨੂੰ ਦਿੱਤੇ ਜਾ ਰਹੇ ਮੁਆਵਜੇ ਦਾ ਕੇਸ ਹੁਣ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿੱਚ ਪਹੁੰਚ ਗਿਆ ਹੈ। ਭਾਰਤ ਮਾਲਾ ਪ੍ਰੋਜੈਕਟ ਰਾਹੀਂ ਦੇਸ਼ ਨੂੰ ਇੱਕ ਸੂਬੇ ਤੋਂ ਦੂਜੇ ਸੂਬੇ ਨਾਲ ਜੋੜਨ ਲਈ ਐੱਨ ਐੱਚ ਏ ਆਈ ਵਲੋਂ ਮੋਹਾਲੀ ਜ਼ਿਲ੍ਹੇ ਵਿੱਚ ਨਿਰਮਾਣ ਦਾ ਕੰਮ ਜੋਰਾਂ ਸ਼ੋਰਾਂ ਨਾਲ ਚੱਲ ਰਿਹਾ ਹੈ। ਜਿਸ ਵਿੱਚ ਜ਼ਿਲ੍ਹਾ ਮੋਹਾਲੀ ਦੇ ਕੁਰਾਲੀ ਅਤੇ ਖਰੜ ਇਲਾਕੇ ਦੇ 28 ਪਿੰਡਾਂ ਦੇ ਕਿਸਾਨਾਂ ਦੀ ਜਮੀਨ ਆਉਂਦੀ ਹੈ। ਇਹਨਾਂ ਪਿੰਡਾਂ ਦੇ ਕਿਸਾਨਾਂ ਨੇ ਡਿਪਟੀ ਕਮਿਸਨਰ ਮੋਹਾਲੀ ਦੇ ਦਫਤਰ ਸਾਹਮਣੇ ਅਣਮਿੱਥੇ ਸਮੇਂ ਤੋਂ ਐਕੁਵਾਇਰ ਕੀਤੀ ਗਈ ਜਮੀਨ ਦਾ ਮੁੱਲ ਵਧਾਉਣ ਲਈ ਲਗਾਈ ਰੱਖਿਆ ਸੀ। ਜਦੋਂ ਪ੍ਰਸ਼ਾਸਨ ਵਲੋਂ ਜਮੀਨ ਦੇ ਮੁੱਲ ਵਧਾਉਣ ਬਾਰੇ ਕੋਈ ਠੋਸ ਨੀਤੀ ਨਾ ਬਣਾਈ ਗਈ ਤਾਂ ਕਿਸਾਨਾਂ ਨੇ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਦਾ ਰੁੱਖ ਕੀਤਾ ਹੈ। ਕਿਸਾਨਾਂ ਦਾ ਕਹਿਣਾ ਹੈ ਕਿ ਉਨ੍ਹਾਂ ਨੂੰ 1 ਕਰੋੜ 58 ਲੱਖ ਰੁਪਏ ਦੇ ਹਿਸਾਬ ਨਾਲ ਮੁਆਵਜਾ ਦਿੱਤਾ ਜਾ ਰਿਹਾ ਹੈ ਜਦੋਂ ਕਿ ਉਨ੍ਹਾਂ ਦੀ ਜਮੀਨ ਦੀ ਬਜਾਰੀ ਕੀਮਤ 4 ਤੋਂ 5 ਕਰੋੜ ਰੁਪਏ ਬਣਦੀ ਹੈ। ਪ੍ਰਸਾਸਨ ਵਲੋਂ ਠੀਕ ਰੇਟ ਨਾ ਮਿਲਣ ਤੋਂ ਬਾਅਦ ਪਿੰਡ ਢੇਲਪੁਰ, ਨਗਾਰੀ, ਗੋਬਿੰਦਗੜ੍ਹ, ਚਡਿਆਲਾ ਸੂਦਾਂ, ਮਛਲੀ, ਪੋਪਨਿਆਂ, ਮਾਮੂਪੁਰ, ਝਿੰਗੜਾਂ ਅਤੇ ਪਡਿਆਲਾ ਦੇ ਕਿਸਾਨਾਂ ਨੇ

ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਆਗੂ ਰਣਬੀਰ ਸਿੰਘ ਗਰੇਵਾਲ ਨੂੰ ਹਾਈਕੋਰਟ ਵਿੱਚ ਕੇਸ ਦੀ ਪੈਰਵਾਈ ਕਰਨ ਲਈ ਅਧਿਕਾਰਤ ਕੀਤਾ ਹੈ। ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਪ੍ਰਧਾਨ ਦਵਿੰਦਰ ਸਿੰਘ ਦੇਹ ਕਲਾਂ ਨੇ ਦੱਸਿਆ ਕਿ ਉਨ੍ਹਾਂ ਨੂੰ ਪੰਜਾਬ ਅਤੇ ਹਰਿਆਣਾ ਹਾਈਕੋਰਟ ਤੋਂ ਇਨਸਾਫ ਦੀ ਉਮੀਦ ਹੈ ਅਤੇ ਕਿਸਾਨਾਂ ਉਨ੍ਹਾਂ ਦੀਆਂ ਜਮੀਨਾਂ ਦੀ ਬਜਾਰੂ ਕੀਮਤ ਮਿਲੇਗੀ।

ਜ਼ਿਲ੍ਹੇ 'ਚ ਟਰੈਕਟਰਾਂ ਤੇ ਸਬੰਧਤ ਸੰਦਾਂ ਨਾਲ ਖਤਰਨਾਕ ਪ੍ਰਦਰਸ਼ਨ/ ਸਟੰਟ ਕਰਨ 'ਤੇ ਪਾਬੰਦੀ

ਨਵਾਂਸ਼ਹਿਰ, (ਮਨੋਜ ਲਾਡੀ)-ਜ਼ਿਲ੍ਹਾ ਮੈਜਿਸਟਰੇਟ ਨਵਜੋਤ ਪਾਲ ਸਿੰਘ ਰੰਧਾਵਾ ਨੇ ਜ਼ਿਲ੍ਹੇ ਵਿੱਚ ਫੌਜਦਾਰੀ ਜਾਬਤਾ ਸੰਘਤਾ 1973 (1974 ਦਾ ਐਕਟ-2) ਦੀ ਧਾਰਾ 144 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੋਇਆਂ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਹਦੂਦ ਅੰਦਰ ਟਰੈਕਟਰਾਂ ਅਤੇ ਸਬੰਧਤ ਸੰਦਾਂ ਨਾਲ ਖਤਰਨਾਕ ਪ੍ਰਦਰਸ਼ਨ/ਸਟੰਟ ਕਰਨ '' ਪਾਬੰਦੀ ਦਾ ਹੁਕਮ ਜਾਰੀ ਕੀਤਾ ਹੈ।

ਜ਼ਿਲ੍ਹਾ ਮੈਜਿਸਟਰੇਟ ਨੇ ਦੱਸਿਆ ਕਿ ਉਪ ਸਕੱਤਰ ਪੰਜਾਬ ਸਰਕਾਰ ਗ੍ਰਹਿ ਮਾਮਲੇ ਅਤੇ ਨਿਆ ਵਿਭਾਗ (ਗ੍ਰਹਿ-5 ਸ਼ਾਖਾ) ਦੇ ਪੱਤਰ ਨੰਬਰ ਗ੍ਰਹਿ-5/ਸਪੈਸ਼ਲ/2023/1 ਚੰਡੀਗੜ੍ਹ ਮਿਤੀ 30.10.2023 ਰਾਹੀਂ ਲਿਖਿਆ ਹੈ ਕਿ ਰਾਜ ਵਿੱਚ ਬੀਤੇ ਦਿਨੀ ਕੁੱਝ ਘਟਨਾਵਾਂ ਵਾਪਰੀਆਂ ਹਨ, ਜਿਨ੍ਹਾਂ ਵਿੱਚ ਟਰੈਕਟਰ ਅਤੇ ਸਬੰਧਤ ਸੰਦਾਂ ਦੇ ਖਤਰਨਾਕ ਪ੍ਰਦਰਸ਼ਨ/ਸਟੰਟ ਦੌਰਾਨ ਨੌਜਵਾਨਾਂ ਨੂੰ ਗੰਭੀਰ ਸੱਟਾਂ ਆਈਆਂ ਹਨ ਅਤੇ ਇੱਕ ਨੌਜਵਾਨ ਦੀ ਮੌਤ ਵੀ ਹੋਈ ਹੈ। ਇਸ ਲਈ ਉਕਤ ਪਾਬੰਦੀ ਦਾ ਹੁਕਮ ਜਾਰੀ ਕੀਤਾ ਜਾਂਦਾ ਹੈ। ਇਹ ਹੁਕਮ 31 ਦਸੰਬਰ, 2023 ਤੱਕ ਲਾਗੂ ਰਹੇਗਾ।

ਬਲਜਿੰਦਰ ਕੌਰ ਮੁੱਖ ਅਧਿਆਪਕਾ ਦਾ ਸੇਵਾ-ਮੁਕਤੀ 'ਤੇ ਸਨਮਾਨ

ਮਹਿਤਪੁਰ (ਰਾਜਾ)

ਸਰਕਾਰੀ ਮਿਡਲ ਸਕੂਲ ਉਮਰਵਾਲ ਬਿੱਲਾ ਕੰਪਲੈਕਸ ਸਸਸਸ ਸੰਗੋਵਾਲ ਤਹਿਸੀਲ ਨਕੋਦਰ ਤੋ2 ਬੀਤੇ ਦਿਨੀਂ ਸ੍ਰੀਮਤੀ ਬਲਜਿੰਦਰ ਕੌਰ ਮੁੱਖ ਅਧਿਆਪਕਾ ਆਪਣੀ 27 ਸਾਲ ਦੀ ਸਰਕਾਰੀ ਸੇਵਾ ਤੋਂ ਮੁਕਤ ਹੋ ਗਏ ਸਨ। ਸੇਵਾ ਮੁਕਤੀ ਸਮੇਂ ਸਕੂਲ ਵਿਖੇ ਗ੍ਰਾਮ ਪੰਚਾਇਤ ਅਤੇ ਸਕੂਲ ਮੈਨਜਮੈਂਟ ਕਮੇਟੀ ਵੱਲੋਂ ਸਮਾਗਮ ਕਰਵਾਇਆ ਗਿਆ। ਸਮਾਗਮ ਮੌਕੇ ਗੌਰਮਿੰਟ

3-NOV-PAGE-10.qxd 11/2/2023 10:11 PM Page 1

ਸੀਵਰੇਜ ਦੀ ਲੀਕੇਜ ਕਾਰਨ ਮੁਹੱਲਾ ਤੇ ਰਾਹਗੀਰ ਪ੍ਰੇਸ਼ਾਨ

ਵਾਰ-ਵਾਰ ਕਹਿਣ 'ਤੇ ਵੀ ਨਹੀਂ ਦੇ ਰਿਹਾ ਕੋਈ ਧਿਆਨ

ਬਰੇਟਾ (ਗੀਤਵਾਲ)-ਸਥਾਨਕ ਸ਼ਹਿਰ ਦੇ ਵਾਰਡ ਨੰਬਰ 4 ਤੇ 9 ਮੁਹੱਲਾ ਧਰਮਪੁਰਾ ਤੇ ਕੁਲਰੀਆਂ ਰੋਡ ਦੇ ਮੁਹੱਲਾ ਵਾਸੀ ਨਰਕ ਭਰੀ ਜ਼ਿੰਦਗੀ ਜਿਊਣ ਲਈ ਮਜਬੂਰ ਹਨ, ਕਿਉਂਕਿ ਪਿਛਲੇ ਲੰਮ ਸਮੇਂ ਤੋਂ ਮੁਹੱਲੇ 'ਚ ਪਏ ਸੀਵਰੇਜ ਦੀ ਲੀਕੇਜ ਕਾਰਨ ਅਤੇ ਸੜਕ 'ਤੇ ਖਿੱਲਰੇ ਗੰਦੇ ਪਾਣੀ ਦੇ ਕਾਰਨ ਲੋਕ ਬਿਮਾਰੀਆਂ ਦਾ ਸ਼ਿਕਾਰ ਹੋ ਰਹੇ ਹਨ। ਸੀਵਰੇਜ ਦੇ ਪਾਣੀ ਤੋਂ ਉੱਡਣ ਵਾਲੀ ਗੰਦੀ ਬਦਬੂ ਕਾਰਨ ਲੋਕਾਂ ਦਾ ਜਿਊਣਾ ਹੋਰ ਵੀ ਜ਼ਿਆਦਾ ਦੁੱਭਰ ਹੋਇਆ ਪਿਆ ਹੈ, ਪਰ ਸੀਵਰੇਜ ਦੇ ਅਧਿਕਾਰੀ ਕੁੰਭਕਰਨੀ ਨੀਂਦ ਸੁੱਤੇ ਪਏ ਹਨ। ਸਭ ਕੁਝ ਪਤਾ ਹੋਣ ਦੇ ਬਾਵਜੂਦ ਇਸ ਸਮੱਸਿਆ ਵੱਲ ਕੋਈ ਵੀ ਧਿਆਨ ਨਹੀਂ ਦੇ ਰਿਹਾ। ਜਾਣਕਾਰੀ ਦਿੰਦਿਆਂ ਮੁਹੱਲਾ ਵਾਸੀਆਂ ਤੇ ਸਾਬਕਾ ਕੌਂਸਲਰ ਸੁਖਚੈਨ ਸਿੰਘ ਨੇ ਦੱਸਿਆ ਕਿ ਉਹ ਪਿਛਲੇ ਲੰਮੇ ਸਮੇਂ ਤੋਂ ਇਸ ਥਾਂ 'ਤੇ ਰਹਿ ਰਹੇ ਨੇ, ਪਰ ਪਿਛਲੇ ਲੰਮੇ ਸਮੇਂ ਤੋਂ ਸੀਵਰੇਜ ਦੀ ਲੀਕੇਜ ਕਾਰਨ ਉਹ ਨਰਕ ਭਰੇ ਮਾਹੌਲ ਵਿੱਚ ਆਪਣੀ ਜ਼ਿੰਦਗੀ ਲੰਘਾ ਰਹੇ ਹਨ ਅਤੇ ਧਰਮਪੁਰਾ-ਬੋਹਾ ਨੂੰ ਜਾਣ ਵਾਲੀ ਸੜਕ ਉੱਪਰ ਸੀਵਰੇਜ ਦੇ ਗੰਦੇ ਪਾਣੀ ਕਾਰਨ ਜਿੱਥੇ ਹਾਦਸੇ ਵਾਪਰਦੇ ਹਨ, ਉੱਥੇ ਹੀ ਕਈ ਵਾਰ ਬੱਚੇ ਤੇ ਬਜ਼ੁਰਗ ਵੀ ਡਿੱਗ ਚੁੱਕੇ ਹਨ ਤੇ ਅਧਿਕਾਰੀਆਂ ਦੇ ਧਿਆਨ ਵਿੱਚ ਇਹ ਸਮੱਸਿਆ ਲਿਆਉਣ ਦੇ ਬਾਵਜੂਦ ਸਮੱਸਿਆ ਜਿਉਂ ਦੀ ਤਿਓਂ ਹੀ ਬਰਕਰਾਰ ਹੈ। ਜਦ ਇਸ ਸਬੰਧੀ ਸੀਵਰੇਜ ਵਿਭਾਗ ਦੇ ਜੇ ਈ ਰਮਨੀਕ ਕੁਮਾਰ ਨਾਲ ਸੰਪਰਕ ਕੀਤਾ ਤਾਂ ਉਨ੍ਹਾ ਕਿਹਾ ਕਿ ਜਲਦ ਇਸ ਸਮੱਸਿਆ ਨੂੰ ਹੱਲ ਕਰ ਦਿੱਤਾ ਜਾਵੇਗਾ।

ਏਮਜ਼ ਤੋਂ ਵਧੀਆ ਮਾਲਵੇ 'ਚ ਸਿਹਤ ਸੇਵਾਵਾਂ ਲਈ ਹੋਰ ਕੋਈ ਮੈਡੀਕਲ ਅਦਾਰਾ ਨਹੀਂ : ਸੋਮ ਪ੍ਰਕਾਸ਼

■ ਏਮਜ਼ ਵਿਖੇ ਮਰੀਜ਼ਾਂ ਦੀ ਸਹੂਲਤ ਲਈ ਧਰਮਸ਼ਾਲਾ ਦਾ ਰੱਖਿਆ ਨੀਂਹ ਪੱਥਰ

ਬਠਿੰਡਾ (ਪਰਵਿੰਦਰ ਜੀਤ ਸਿੰਘ)-ਮਾਲਵਾ ਸਮੇਤ ਨਾਲ ਲਗਦੇ ਗੁਆਂਢੀ ਰਾਜਾਂ ਹਰਿਆਣਾ ਤੇ ਰਾਜਸਥਾਨ ਦੇ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਲਈ ਏਮਜ਼ ਤੋਂ ਵਧੀਆ ਹੋਰ ਕੋਈ ਵੀ ਮੈਡੀਕਲ ਅਦਾਰਾ ਨਹੀਂ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾਂ ਕੇਂਦਰੀ ਰਾਜ ਮੰਤਰੀ ਆਫ ਸਟੇਟ ਫਾਰ ਕਾਮਰਸ ਤੇ ਇੰਡਸਟਰੀ ਭਾਰਤ ਸਰਕਾਰ ਸ੍ਰੀ ਸੋਮ ਪ੍ਰਕਾਸ਼ ਆਈਏਐੱਸ (ਸੇਵਾ ਮੁਕਤ) ਨੇ ਏਮਜ਼ ਵੱਲੋਂ ਕਰਵਾਏ ਗਏ ਸਲਾਨਾ ਚੌਥੇ ਇੰਸਟੀਚਿਊਟ ਡੇਅ ਦੌਰਾਨ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨ ਮੌਕੇ ਸੰਬੋਧਨ ਕਰਦਿਆਂ ਕੀਤਾ। ਇਸ ਤੋਂ ਪਹਿਲਾਂ ਉਨ੍ਹਾ ਨੂੰ ਪੰਜਾਬ ਪੁਲਸ ਦੀ ਟੁੱਕੜੀ ਵੱਲੋਂ ਗਾਰਡ ਆਫ਼ ਆਨਰ ਦੇ ਕੇ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਉਨ੍ਹਾ ਨਾਲ ਵਿਧਾਇਕ ਬਠਿੰਡਾ ਸ਼ਹਿਰੀ ਸ੍ਰ. ਜਗਰੂਪ ਸਿੰਘ ਗਿੱਲ, ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ, ਏਮਜ਼ ਦੇ ਡਾਇਰੈਕਟਰ ਪ੍ਰੋ: ਡਾ. ਡੀ ਕੇ ਸਿੰਘ, ਕੇਂਦਰੀ ਯੂਨੀਵਰਸਿਟੀ ਬਠਿੰਡਾ ਦੇ ਵਾਈਸ ਚਾਂਸਲਰ ਪ੍ਰੋ. ਆਰ. ਪੀ. ਤਿਵਾੜੀ, ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸ ਦੇ ਵਾਈਸ ਚਾਂਸਲਰ ਪ੍ਰੋ. ਡਾ. ਰਾਜੀਵ ਸੂਦ, ਏਮਜ਼ ਦੇ ਪ੍ਰੈਜ਼ੀਡੈਂਟ ਪ੍ਰੋ: ਡਾ. ਅਨਿਲ ਕੁਮਾਰ ਗੁਪਤਾ, ਜ਼ਿਲ੍ਹਾ ਪੁਲਸ ਮੁਖੀ ਸ੍ਰ. ਗੁਲਨੀਤ ਸਿੰਘ ਖੁਰਾਣਾ ਤੇ ਸ਼੍ਰੀ ਰਜਿੰਦਰ ਮਿੱਤਲ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਇਸ ਮੌਕੇ ਕੇਂਦਰੀ ਰਾਜ ਮੰਤਰੀ ਸ੍ਰੀ ਸੋਮ ਪ੍ਰਕਾਸ਼ ਨੇ ਏਮਜ਼ ਦੇ ਸਾਲਾਨਾ ਚੌਥੇ ਇੰਸਟੀਚਿਊਟ ਡੇਅ ਦੇ ਨਾਲ-ਨਾਲ ਪੰਜਾਬ ਦਿਵਸ ਦੀ ਵੀ ਵਧਾਈ ਦਿੱਤੀ। ਉਨ੍ਹਾ ਆਪਣੀਆਂ ਬਠਿੰਡਾ ਜ਼ਿਲ੍ਹੇ ਨਾਲ ਯਾਦਾਂ ਸਾਂਝੀਆਂ ਕਰਦਿਆਂ ਕਿਹਾ ਕਿ ਅੱਜ ਤੋਂ 50 ਸਾਲ ਪਹਿਲਾਂ ਉਹ ਸਰਕਾਰੀ ਰਜਿੰਦਰਾ ਕਾਲਜ ਦੇ ਵਿਦਿਆਰਥੀ ਰਹਿ ਚੁੱਕੇ ਹਨ। ਉਨ੍ਹਾ ਏਮਜ਼ ਦੇ ਵਿਦਿਆਰਥੀਆਂ ਨੂੰ ਖੁਸ਼ਕਿਸਮਤ ਦੱਸਦਿਆਂ ਕਿਹਾ ਕਿ ਉਹ ਬਹੁਤ ਹੀ ਲੱਕੀ ਹਨ, ਜਿਨ੍ਹਾਂ ਨੂੰ ਏਮਜ਼ ਵਰਗੇ ਮੈਡੀਕਲ ਅਦਾਰੇ 'ਚ ਡਾਕਟਰੀ ਦੀ ਸਿੱਖਿਆ ਲੈਣ ਦਾ ਸੁਭਾਗ ਪ੍ਰਾਪਤ ਹੋਇਆ ਹੈ। ਇਸ ਮੌਕੇ ਕੇਂਦਰੀ ਰਾਜ ਮੰਤਰੀ ਨੇ ਕਿਹਾ ਕਿ ਦੇਸ਼ ਤੇਜ਼ੀ ਨਾਲ ਤਰੱਕੀ ਕਰ ਰਿਹਾ ਹੈ। ਉਨ੍ਹਾ ਦਾਅਵਾ ਕੀਤਾ ਕਿ 2047 ਤੱਕ ਦੇਸ਼ ਦੁਨੀਆ ਦੀ ਸਭ ਤੋਂ ਵੱਡੀ ਤਾਕਤ ਹੋਵੇਗਾ। ਇਸ ਤੋਂ ਪਹਿਲਾਂ ਏਮਜ਼ ਦੇ ਡਾਇਰੈਕਟਰ ਪ੍ਰੋ: ਡਾ. ਡੀ ਕੇ ਸਿੰਘ, ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸ ਦੇ ਵਾਈਸ ਚਾਂਸਲਰ ਪ੍ਰੋ. ਡਾ. ਰਾਜੀਵ ਸੂਦ, ਏਮਜ਼ ਦੇ ਪ੍ਰੈਜ਼ੀਡੈਂਟ ਪ੍ਰੋ: ਡਾ. ਅਨਿਲ ਕੁਮਾਰ ਗੁਪਤਾ ਵੱਲੋਂ ਏਮਜ਼ ਵੱਲੋਂ ਸਿਹਤ ਖੇਤਰ 'ਚ ਨਿਭਾਈਆਂ ਜਾ ਰਹੀਆਂ ਸੇਵਾਵਾਂ ਬਾਰੇ ਵੱਡਮੁੱਲੀ ਜਾਣਕਾਰੀ ਸਾਂਝੀ ਕੀਤੀ। ਇਸ ਤੋਂ ਪਹਿਲਾਂ ਕੇਂਦਰੀ ਰਾਜ ਮੰਤਰੀ ਸੋਮ ਪ੍ਰਕਾਸ਼ ਵੱਲੋਂ ਦੁਆਰਕਾ ਦਾਸ ਮਿੱਤਲ ਚੈਰੀਟੇਬਲ ਟਰੱਸਟ (ਰਜਿ) ਵੱਲੋਂ ਸਥਾਨਕ ਏਮਜ਼ ਵਿਖੇ ਮਰੀਜ਼ਾਂ ਦੇ ਨਾਲ ਆਉਣ ਵਾਲੇ ਸਕੇ-ਸੰਬੰਧੀਆਂ ਦੇ ਰਹਿਣ-ਸਹਿਣ ਲਈ ਬਣਾਈ ਜਾਣ ਵਾਲੀ ਧਰਮਸ਼ਾਲਾ ਦੇ ਭੂਮੀ ਪੂਜਨ 'ਚ ਸ਼ਿਰਕਤ ਕਰਦਿਆਂ 10 ਕਰੋੜ ਦੀ ਲਾਗਤ ਨਾਲ ਬਣਨ ਵਾਲੀ ਧਰਮਸ਼ਾਲਾ ਦਾ ਨੀਂਹ ਪੱਥਰ ਵੀ ਰੱਖਿਆ।

ਮੰਗਾਂ ਨਾ ਮੰਨੀਆਂ ਤਾਂ ਪੈਨਸ਼ਨਰਜ਼ ਸਰਕਾਰ ਤੇ ਪਾਵਰਕਾਮ ਖਿਲਾਫ ਤਿੱਖਾ ਸੰਘਰਸ਼ ਕਰਨਗੇ : ਭੱਠਲ

ਸਮਰਾਲਾ (ਸੁਰਜੀਤ ਸਿੰਘ) ਪੈਨਸ਼ਨਰਜ਼ ਐਸੋਸੀਏਸ਼ਨ ਪਾਵਰਕਾਮ ਪੰਜਾਬ ਦੇ ਪ੍ਰੈੱਸ ਸਕੱਤਰ ਜੋਗਿੰਦਰ ਸਿੰਘ ਮੱਲ੍ਹਣ ਨੇ ਦੱਸਿਆ ਕਿ ਪਿਛਲੇ ਦਿਨੀਂ ਪੈਨਸ਼ਨਰਜ਼ ਐਸੋਸੀਏਸ਼ਨ ਪਾਵਰਕਾਮ ਪੰਜਾਬ ਦੀ ਮੀਟਿੰਗ ਲੁਧਿਆਣਾ ਵਿਖੇ ਸੂਬਾ ਪ੍ਰਧਾਨ ਅਵਿਨਾਸ਼ ਚੰਦਰ ਸ਼ਰਮਾ ਦੀ ਅਗਵਾਈ ਵਿੱਚ ਹੋਈ। ਜਿਸ ਵਿੱਚ ਸਟੇਟ ਦੇ ਸਾਰੇ ਅਹੁਦੇਦਾਰ ਸ਼ਾਮਲ ਹੋਏ। ਮੀਟਿੰਗ ਦੀ ਕਾਰਵਾਈ ਸ਼ੁਰੂ ਕਰਦਿਆਂ ਪੰਜਾਬ ਦੇ ਜਨਰਲ ਸਕੱਤਰ ਧਨਵੰਤ ਸਿੰਘ ਭੱਠਲ ਨੇ ਦੱਸਿਆ ਕਿ ਪੰਜਾਬ ਸਰਕਾਰ ਅਤੇ ਬੋਰਡ ਮੈਨੇਜਮੈਂਟ ਪੈਨਸ਼ਨਰਜ਼ ਨਾਲ ਧੋਖਾ ਕਰ ਰਹੀ ਹੈ। ਪੰਜਾਬ ਸਰਕਾਰ ਵਾਰ ਵਾਰ ਮੀਟਿੰਗਾਂ ਦਾ ਸਮਾਂ ਤੈਅ ਕਰਕੇ ਮੀਟਿੰਗਾਂ ਤੋਂ ਭੱਜ ਰਹੀ ਹੈ। ਕੀਤੇ ਵਾਅਦਿਆਂ ਤੋਂ ਮੁੱਕਰ ਰਹੀ ਹੈ। ਮੀਟਿੰਗ ਵਿੱਚ ਬੁਲਾਰਿਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਅਤੇ ਬੋਰਡ ਮੈਨੇਜਮੈਂਟ ਖਿਲਾਫ ਤਿੱਖਾ ਸੰਘਰਸ਼ ਉਲੀਕਿਆ ਜਾ ਰਿਹਾ ਹੈ। ਜੇਕਰ ਪੰਜਾਬ ਸਰਕਾਰ ਤੇ ਬੋਰਡ ਮੈਨੇਜਮੈਂਟ ਨੇ ਸਾਡੀਆਂ ਮੰਗਾ ਜਿਵੇਂ ਕਿ 1/1/2016 ਤੋ ਪਹਿਲਾਂ ਰਿਟਾਇਰ ਹੋਏ ਕਰਮਚਾਰੀਆਂ ਨੂੰ ਪੇ ਕਮਿਸ਼ਨ ਦੀ ਰਿਪੋਰਟ ਅਨੁਸਾਰ 2-59 ਦੇ ਗੁਣਾਕ ਨਾਲ ਪੈਨਸ਼ਨ ਵਿੱਚ ਸੋਧ ਕਰਨੀ, ਖਿਜਲੀ ਯੂਨਿਟ ਵਿੱਚ ਰਿਆਇਤ ਦੇਣਾ, ਕੈਸ਼ਲੈਸ ਟ੍ਰੀਟਮੈਂਟ ਸਕੀਮ ਲਾਗੂ ਕਰਨੀ, ਮੈਡੀਕਲ ਭੱਤਾ ਦੋ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣਾ,ਡੀ ਏ ਦੀਆਂ ਕਿਸ਼ਤਾਂ ਰਲੀਜ਼ ਕਰਨਾ, ਡੀ ਏ ਦੀਆਂ ਕਿਸ਼ਤਾਂ ਦਾ ਬਕਾਇਆ ਦੇਣਾ, ਦੋ ਸੌ ਰੁਪਏ ਡਿਵੈਲਪਮੈਂਟ ਟੈਕਸ ਕਟਣਾ ਬੰਦ ਕਰਨਾ, 23 ਸਾਲਾ ਲਾਭ ਬਿਨਾਂ ਸ਼ਰਤ ਸਾਰਿਆਂ ਨੂੰ ਸੋਧੀ ਹੋਈ ਪੈਨਸ਼ਨ ਦਾ ਸਾਢੇ ਪੰਜ ਸਾਲ ਦਾ ਬਕਾਇਆ ਯਕਮੁਸ਼ਤ ਦੇਣਾ ਆਦਿ ਮੰਗਾਂ ਮੰਗ ਪੱਤਰ ਅਨੁਸਾਰ ਲਾਗੂ ਨਾ ਕੀਤੀਆਂ ਤਾਂ ਪੈਨਸ਼ਨਰਜ ਐਸੋਸੀਏਸ਼ਨ ਨੂੰ ਮਜਬੂਰਨ ਤਿੱਖੇ ਸੰਘਰਸ਼ ਵਲ ਵਧਣਾ ਪਵੇਗਾ। ਮੀਟਿੰਗ ਵਿੱਚ ਸੀਨੀਅਰ ਮੀਤ ਪ੍ਰਧਾਨ ਸਵਿੰਦਰਪਾਲ ਮੋਲੋਵਾਲ, ਪ੍ਰਧਾਨ ਦੇਵ ਰਾਜ, ਮੁਖਤਾਰ ਸਿੰਘ ਮੁਹਾਵਾ, ਬਿਕਰਮਜੀਤ ਸਿੰਘ ਸਾਰੇ ਮੀਤ ਪ੍ਰਧਾਨ, ਦਰਸ਼ਨ ਮਹਿਤਾ ਵਿਤ ਸਕੱਤਰ, ਸ਼ਿਵ ਕੁਮਾਰ ਤਿਵਾੜੀ ਉਪ ਜਰਨਲ ਸਕੱਤਰ, ਰਕੇਸ਼ ਸ਼ਰਮਾ, ਅਮਰਜੀਤ ਸਿੰਘ ਸਿੱਧੂ ਸਕੱਤਰ, ਸਿਕੰਦਰ ਸਿੰਘ ਜਥੇਬੰਦਕ ਸਕੱਤਰ, ਜੰਗੀਰ ਸਿੰਘ ਖੋਖਰ ਦਫਤਰੀ ਸਕੱਤਰ ਅਤੇ ਸ਼ਿੰਦਰ ਧੌਲਾ ਐਡੀਟਰ ਸ਼ਾਮਲ ਸਨ।

ਕਾਤਰਾਂ

ਡਾ. ਰਣਜੀਤ ਸਿੰਘ ਰਾਏ ਕਾਰਜਕਾਰੀ ਸਿਵਲ ਸਰਜਨ ਬਣੇ

ਮਾਨਸਾ (ਆਤਮਾ ਸਿੰਘ ਪਮਾਰ)-ਡਾ. ਅਸ਼ਵਨੀ ਕੁਮਾਰ ਸਿਵਲ ਸਰਜਨ ਮਾਨਸਾ ਦੀ ਸੇਵਾ ਮੁਕਤੀ ਉਪਰੰਤ ਡਾ. ਰਣਜੀਤ ਸਿੰਘ ਰਾਏ ਨੇ ਬਤੌਰ ਕਾਰਜਕਾਰੀ ਸਿਵਲ ਸਰਜਨ ਮਾਨਸਾ ਕਾਰਜਭਾਰ ਸੰਭਾਲ ਲਿਆ ਹੈ। ਇਸ ਦੇ ਨਾਲ ਹੀ ਉਹ ਬਤੌਰ ਜ਼ਿਲ੍ਹਾ ਸਿਹਤ ਅਫਸਰ ਮਾਨਸਾ ਤੇ ਬਰਨਾਲਾ ਵੀ ਪਹਿਲਾਂ ਦੀ ਤਰ੍ਹਾਂ ਆਪਣੀਆਂ ਸੇਵਾਵਾਂ ਨਿਭਾਉਂਦੇ ਰਹਿਣਗੇ। ਇਸ ਮੌਕੇ ਡਾ. ਜਸਕੰਵਲ ਕੌਰ ਸਹਾਇਕ ਸਿਵਲ ਸਰਜਨ. ਡਾ. ਅਰਸ਼ਦੀਪ ਸਿੰਘ ਜ਼ਿਲ੍ਹਾ ਟੀਕਾਕਰਨ ਅਫਸਰ, ਪਵਨ ਕੁਮਾਰ ਜ਼ਿਲਾ ਮਾਸ ਮੀਡੀਆ ਤੇ ਸੂਚਨਾ ਅਫਸਰ, ਅਵਤਾਰ ਸਿੰਘ ਡੀ. ਪੀ. ਐੱਮ. ਤਰਲੋਚਨ ਸਿੰਘ ਸੁਪਰਡੈਂਟ, ਦਰਸ਼ਨ ਸਿੰਘ ਧਾਲੀਵਾਲ ਉੱਪ ਸਮੂਹ ਸਿੱਖਿਆ ਤੇ ਸੂਚਨਾ ਅਫਸਰ, ਲਕਸ਼ਵੀਰ ਸਿੰਘ ਫੂਡ ਕਲਰਕ, ਸੰਦੀਪ ਸਿੰਘ ਜੂਨੀਅਰ ਸਹਾਇਕ ਤੇ ਵਿਭਾਗ ਦੇ ਹੋਰ ਕਰਮਚਾਰੀ ਮੌਜੂਦ ਸਨ।

ਬਿਨਾਂ ਲਾਇਸੰਸ ਤੋਂ ਨਹੀਂ ਵਿਕਣਗੇ ਪਟਾਕੇ : ਐੱਸ ਡੀ ਐੱਮ

ਜਗਰਾਓਂ (ਅਮਿਤ ਖੰਨਾ)-ਸ਼ਹਿਰ ਦੇ ਕਈ ਵੱਡੇ ਵਿਉਪਾਰੀਆਂ ਨੇ ਆਉਣ ਵਾਲੀ ਦਿਵਾਲੀ ਵਾਸਤੇ ਆਪਣੇ ਗੁਦਾਮਾਂ ਅੰਦਰ ਕਰੋੜਾਂ ਰੁਪਈਆਂ ਦੇ ਪਟਾਕਿਆਂ ਦਾ ਜ਼ਖੀਰਾ ਜਮ੍ਹਾਂ ਕੀਤਾ ਹੋਇਆ ਹੈ। ਭਰੋਸੇਯੋਗ ਸੂਤਰਾਂ ਤੋਂ ਪਤਾ ਲੱਗਿਆ ਹੈ ਕਿ ਇਨ੍ਹਾਂ ਵੱਡੇ ਵਪਾਰੀਆਂ ਨੇ ਪਿੰਡਾਂ ਅੰਦਰ ਤੇ ਸ਼ਹਿਰ ਦੇ ਰਿਹਾਇਸ਼ੀ ਇਲਾਕਿਆਂ 'ਚ ਆਪਣੇ ਗੁਦਾਮ ਬਣਾ ਕੇ ਮਾਲ ਰੱਖਿਆ ਹੋਇਆ ਹੈ ਤੇ ਉਹ ਲੁਧਿਆਣਾ ਦਿਹਾਤੀ ਇਲਾਕੇ ਅੰਦਰ ਆਪਣਾ ਮਾਲ ਖਪਾਉਣ ਲਈ ਦਾ-ਪੇਚ ਲਾਉਣ ਦੇ ਜੁਗਾੜ ਲਗਾ ਰਹੇ ਹਨ। ਜਦੋਂ ਇਸ ਬਾਰੇ ਐੱਸ ਡੀ ਐੱਮ ਮੈਡਮ ਮਨਜੀਤ ਕੌਰ ਨਾਲ ਗੱਲ ਕੀਤੀ ਗਈ ਤਾਂ ਉਨ੍ਹਾ ਕਿਹਾ ਕਿ ਇਸ ਤਿਉਹਾਰੀ ਸੀਜ਼ਨ ਨੂੰ ਕਿਸੇ ਵੀ ਵਿਅਕਤੀ ਨੂੰ ਬਿਨਾਂ ਲਾਇਸੰਸੀ ਤੋਂ ਗੈਰ-ਕਾਨੂੰਨੀ ਢੰਗ ਨਾਲ ਪਟਾਕੇ ਵਿੱਕਰੀ ਨਹੀਂ ਕਰਨ ਦਿੱਤੇ ਜਾਣਗੇ, ਭਾਵੇਂ ਉਹ ਕਿੱਢਾ ਵੀ ਵੱਡਾ ਰਸੂਖਦਾਰ ਕਿਉਂ ਨਾ ਹੋਵੇ, ਉਸ ਉੱਪਰ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਸਰਕਾਰ ਸ਼ੈਲਰ ਮਾਲਕਾਂ ਨੂੰ ਡਰਾਇਰ ਚਲਾਉਣ ਦੀ ਇਜਾਜ਼ਤ ਦੇਵੇ : ਸ਼ਕਤੀ ਆਨੰਦ

ਮਾਛੀਵਾੜਾ ਸਾਹਿਬ (ਸ਼ੈਕੀ ਸ਼ਰਮਾ, ਜਗਦੀਸ਼ ਰਾਏ)-ਸਥਾਨਕ ਅਨਾਜ ਮੰਡੀ ਵਿਖੇ ਪਿਛਲੇ ਲੰਮੇ ਸਮੇਂ ਤੋਂ ਆਪਣੀ ਆੜ੍ਹਤ ਚਲਾ ਰਹੇ ਤੇ ਇੰਪਰੂਵਮੈਂਟ ਟਰੱਸਟ ਦੇ ਸਾਬਕਾ ਚੇਅਰਮੈਨ ਸ਼ਕਤੀ ਆਨੰਦ ਨੇ ਸਰਕਾਰ ਤੋਂ ਮੰਗ ਕਰਦਿਆਂ ਕਿਹਾ ਕਿ ਮੰਡੀ ਵਿੱਚ ਨਵੇਂ ਵਿਕਣ ਲਈ ਆ ਰਹੇ ਝੋਨੇ ਵਿੱਚ ਨਮੀ ਦੀ ਮਾਤਰਾ ਨੂੰ ਲੈ ਕੇ ਸ਼ੈਲਰ ਮਾਲਕਾਂ ਨੂੰ ਡਰਾਇਰ ਚਲਾਉਣ ਦੀ ਇਜਾਜ਼ਤ ਦੇਵੇ ਤਾਂ ਕਿ ਸਮੱਸਿਆ ਦਾ ਹੱਲ ਹੋ ਜਾਵੇ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਾਬਕਾ ਚੇਅਰਮੈਨ ਆਨੰਦ ਨੇ ਕਿਹਾ ਕਿ ਝੋਨੇ ਦੀ ਬਿਜਾਈ ਤੋਂ ਕੁਝ ਦਿਨਾਂ ਬਾਅਦ ਹੀ ਪੰਜਾਬ ਵਿੱਚ ਹੜ੍ਹ ਆਏ, ਜਿਸ ਕਾਰਨ ਮਾਛੀਵਾੜਾ ਇਲਾਕੇ ਦੇ ਬੇਟ ਖੇਤਰ ਦਾ ਕਾਫ਼ੀ ਨੁਕਸਾਨ ਹੋਇਆ ਤੇ ਕਿਸਾਨਾਂ ਨੂੰ ਝੋਨਾ ਦੁਬਾਰਾ ਲਗਾਉਣਾ ਪਿਆ। ਉਨ੍ਹਾ ਕਿਹਾ ਕਿ ਇਹ ਪੱਛੜ ਕੇ ਲੱਗਿਆ ਝੋਨਾ, ਜਿਸ ਨੂੰ ਪੱਕਣ ਵਿੱਚ ਦੇਰੀ ਹੋ ਰਹੀ ਹੈ ਤੇ ਨਮੀ ਦੀ ਮਾਤਰਾ ਵੀ ਇਸ ਕਰਕੇ ਹੀ ਵੱਧ ਹੈ। ਸ਼ਕਤੀ ਆਨੰਦ ਨੇ ਕਿਹਾ ਕਿ ਸਰਕਾਰ ਦੇ ਨਿਯਮਾਂ ਅਨੁਸਾਰ 17 ਫੀਸਦੀ ਨਮੀ ਵਾਲਾ ਝੋਨਾ ਹੀ ਖਰੀਦਿਆ ਜਾ ਸਕਦਾ ਹੈ, ਪਰ ਇਸ ਸਮੇਂ ਜੋ ਮੰਡੀਆਂ 'ਚ ਝੋਨਾ ਆ ਰਿਹਾ ਹੈ, ਉਸ ਦੀ ਮਾਤਰਾ 20 ਤੋਂ 24 ਫੀਸਦੀ ਹੈ। ਉਨ੍ਹਾਂ ਕਿਹਾ ਕਿ ਜਾਂ ਤਾਂ ਸਰਕਾਰ ਕਿਸਾਨਾਂ ਦੀ ਸਮੱਸਿਆ ਨੂੰ ਹੱਲ ਕਰਨ ਲਈ ਨਮੀ ਦੀ ਮਾਤਰਾ ਵਿੱਚ ਛੋਟ ਦੇਵੇ ਜਾਂ ਫਿਰ ਸ਼ੈਲਰ ਮਾਲਕਾਂ ਨੂੰ ਡਰਾਇਰ ਚਲਾਉਣ ਦੀ ਪ੍ਰਵਾਨਗੀ ਦੇਵੇ, ਜਿਸ ਨਾਲ ਉਨ੍ਹਾਂ ਨੂੰ ਰਾਹਤ ਮਿਲੇ ਤੇ ਆਪਣੀ ਫਸਲ ਵੇਚਣ ਸਬੰਧੀ ਉਨ੍ਹਾਂ ਨੂੰ ਪ੍ਰੇਸ਼ਾਨੀ ਨਾ ਝੱਲਣੀ ਪਵੇ।

ਦੁਕਾਨ 'ਚ ਅੱਗ ਲੱਗਣ ਕਾਰਨ ਭਾਰੀ ਨੁਕਸਾਨ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਕਸਬਾ ਮਹਿਲ ਕਲਾਂ ਮੁੱਖ ਬਜ਼ਾਰ ਦੀ ਮਸ਼ਹੂਰ ਦੁਕਾਨ ਹੈਪੀ ਬੇਕਰੀ, ਫਰੂਟ ਜੂਸ ਬਾਰ ਨੂੰ ਬੀਤੀ ਰਾਤ ਅੱਗ ਲੱਗਣ ਨਾਲ ਭਾਰੀ ਨੁਕਸਾਨ ਹੋਣ ਦਾ ਪਤਾ ਲੱਗਿਆ ਹੈ। ਘਟਨਾ ਸਬੰਧੀ ਪੀੜਤ ਦੁਕਾਨਦਾਰ ਬੌਬੀ ਅਰੋੜਾ ਨੇ ਦੱਸਿਆ ਕਿ ਸਾਨੂੰ ਅੱਜ ਸਵੇਰੇ ਅੱਗ ਲੱਗਣ ਬਾਰੇ ਆਸ-ਪਾਸ ਦੇ ਦੁਕਾਨਦਾਰਾਂ ਨੇ ਫੋਨ ਕਰਕੇ ਦੱਸਿਆ, ਜਦੋਂ ਉਨ੍ਹਾਂ ਦੁਕਾਨ 'ਤੇ ਆ ਕੇ ਵੇਖਿਆ ਤਾਂ ਅੱਗ ਨਾਲ ਦੁਕਾਨ ਅੰਦਰ ਪਏ ਸਾਮਾਨ ਤੋਂ ਇਲਾਵਾ ਏ, ਸੀ, ਫਰਿੱਜ ਤੇ ਸਾਰਾ ਫਰਨੀਚਰ ਸੜ ਚੁੱਕਾ ਸੀ। ਪਤਾ ਲੱਗਦਿਆਂ ਹੀ ਆਸ-ਪਾਸ ਦੇ ਲੋਕਾਂ ਨੇ ਇਕੱਠੇ ਹੋ ਕੇ ਅੱਗ ਨੂੰ ਅੱਗੇ ਫੈਲਣ ਤੋਂ ਬਚਾਇਆ। ਦੁਕਾਨਦਾਰ ਬੌਬੀ ਅਰੋੜਾ ਅਨੁਸਾਰ ਅੱਗ ਲੱਗਣ

3-Nov-PAGE-11-Majha-23.qxd 11/2/2023 10:36 PM Page 1

ਪੈਨਸ਼ਨਰਾਂ ਵੱਲੋਂ ਮੁੱਖ ਦਫਤਰ ਪਟਿਆਲਾ ਵਿਖੇ ਕਾਲੇ ਚੋਲੇ ਪਾ ਕੇ ਪ੍ਰਦਰਸ਼ਨ 7 ਨੂੰ

ਧਾਰੀਵਾਲ (ਮਨਦੀਪ ਸਿੰਘ ਵਿੱਕੀ)- ਪਾਵਰਕਾਮ ਅਤੇ ਟਰਾਂਸਕੋ ਪੈਨਸ਼ਨਰ ਯੂਨੀਅਨ ਪੰਜਾਬ ਸਰਕਲ ਗੁਰਦਾਸਪੁਰ ਦੀ ਮੀਟਿੰਗ ਸਾਥੀ ਹਜਾਰਾ ਸਿੰਘ ਗਿੱਲ ਦੀ ਅਗਵਾਈ ਵਿੱਚ ਹੋਈ।

ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ 7 ਨਵੰਬਰ ਨੂੰ ਮੁੱਖ ਦਫਤਰ ਪਟਿਆਲਾ ਵਿਖੇ ਕਾਲੇ ਚੋਲੇ ਪਾ ਕੇ ਪ੍ਰਦਰਸ਼ਨ ਕਰਨ ਲਈ ਸਰਕਲ ਗੁਰਦਾਸਪੁਰ ਦੇ ਸਾਥੀ 5 ਵਜੇ ਗੁਰਦਾਸਪੁਰ ਤੋਂ ਬੱਸ ਰਾਹੀਂ ਪਟਿਆਲਾ ਲਈ ਰਵਾਨਾ ਹੋਣਗੇ। ਪੈਨਸ਼ਨਰਾਂ ਦੀਆਂ ਮੰਗਾਂ ਨੂੰ ਲੈ ਕੇ ਵਿਚਾਰ ਚਰਚਾ ਕਰਦਿਆਂ ਕਿਹਾ ਕਿ ਪੇ ਸਕੇਲਾਂ ਦਾ ਬਕਾਇਆ ਨਹੀਂ ਦਿੱਤਾ ਜਾ ਰਿਹਾ, ਗਰੈਚੁਟੀ ਨਹੀਂ ਦਿੱਤੀ ਗਈ, ਸਾਰੇ ਪੈਨਸ਼ਨਰਾਂ ਨੂੰ 1,59 ਦੇ ਫਾਰਮੂਲੇ ਅਨੁਸਾਰ ਸੋਧ ਕੀਤੀ ਜਾਵੇ। ਡੀ ਏ ਦੀਆਂ ਕਿਸ਼ਤਾਂ ਸਮੇਤ ਹੋਰ ਜਾਇਜ਼ ਮੰਗਾਂ ਨੂੰ ਲੈ ਕੇ ਪੈਨਸ਼ਨਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸੇ ਕਾਰਨ ਪੈਨਸ਼ਨਰਾਂ ਵਲੋਂ ਪਟਿਆਲਾ ਵਿਖੇ ਕਾਲੇ ਚੋਲੇ ਪਾ ਕੇ ਪ੍ਰਦਰਸ਼ਨ ਕਰਨ ਦੀ ਤਿਆਰੀ ਕੀਤੀ ਹੈ।

ਅਗਰ ਪੰਜਾਬ ਸਰਕਾਰ ਤੇ ਪਾਵਰਕਾਮ ਦੀ ਮੈਨੇਜਮੈਂਟ ਮੰਗਾਂ ਨੂੰ ਲਾਗੂ ਨਹੀਂ ਕਰਦੀ ਤਾਂ ਜਥੇਬੰਦੀ ਸਖਤ ਤੋਂ ਸਖਤ ਐਕਸ਼ਨ ਲੈਣ ਤੋਂ ਪਿੱਛੇ ਨਹੀਂ ਹਟੇਗੀ।

ਮੀਟਿੰਗ ਵਿੱਚ ਦਵਿੰਦਰ ਸਿੰਘ ਸੈਣੀ ਸਰਕਲ ਸਕੱਤਰ ਗੁਰਦਾਸਪੁਰ ਤੋਂ ਇਲਾਵਾ ਮਹਿੰਦਰ ਪਾਲ ਸਿੰਘ, ਬਾਵਾ ਸਿੰਘ ਗੁਰਾਇਆ, ਸਾਥੀ ਪਰਮਜੀਤ ਸਿੰਘ ਕੋਟ, ਨਿਰਮਲ ਸਿੰਘ ਬਸਰਾ, ਰੂਪ ਲਾਲ, ਹਰਕਿਰਪਾਲ ਸਿੰਘ ਅਤੇ ਬਲਵਿੰਦਰ ਸਿੰਘ ਉਦੀਪੁਰ ਹਾਜ਼ਰ ਸਨ।

ਜਾਗਰੂਕਤਾ ਪੈਦਾ ਕਰਨ ਲਈ ਸਿਵਲ ਸਰਜਨ ਨੇ ਪ੍ਰਚਾਰ ਗੱਡੀ ਨੂੰ ਕੀਤਾ ਰਵਾਨਾ

ਗੁਰਦਾਸਪੁਰ (ਦਿਨੇਸ਼ ਕੁਮਾਰ)-ਆਯੁਸ਼ਮਾਨ ਭਾਰਤ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਲੋਕ ਜਾਗਰੂਕਤਾ ਪੈਦਾ ਕਰਨ ਲਈ ਸਿਵਲ ਸਰਜਨ ਗੁਰਦਾਸਪੁਰ ਡਾ. ਹਰਭਜਨ ਰਾਮ ਮਾਂਡੀ ਨੇ ਪ੍ਰਚਾਰ ਗੱਡੀ ਨੂੰ ਰਵਾਨਾ ਕੀਤਾ ।ਪ੍ਰਚਾਰ ਗੱਡੀ ਵਲੋਂ ਲੋਕਾਂ ਨੂੰ ਸਿਹਤ ਬੀਮਾ ਕਾਰਡ ਦੀ ਮਹੱਤਾ ਦੱਸਦੇ ਹੋਏ ਕਾਰਡ ਬਣਾਉਣ ਲਈ ਪ੍ਰੇਰਤ ਕੀਤਾ ਗਿਆ। ਇਸ ਮੌਕੇ ਸਿਵਲ ਸਰਜਨ ਨੇ ਕਿਹਾ ਕਿ ਆਯੁਸ਼ਮਾਨ ਭਾਰਤ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਲਈ ਰਜਿਸਟਰ ਕਰਨ 'ਤੇ ਸਰਕਾਰ ਨੇ ਇੱਕ ਲੱਖ ਰੁਪਏ ਇਨਾਮ ਜਿਤਣ ਦੀ ਤਜਵੀਜ਼ ਰੱਖੀ ਹੈ। ਪੰਜਾਬ ਰਾਜ ਸਿਹਤ ਏਜੰਸੀ ਨੇ ਆਯੁਸ਼ਮਾਨ ਕਾਰਡ ਬਣਾਉਣ ਵਾਸਤੇ ਲੋਕਾਂ ਨੂੰ ਉਤਸ਼ਾਹਤ ਕਰਨ ਲਈ ਵਿਸ਼ੇਸ਼ ਦੀਵਾਲੀ ਬੰਪਰ ਡਰਾਅ ਲਿਆਂਦਾ ਹੈ। ਡਰਾਅ ਰਾਹੀਂ 10 ਜੇਤੂਆਂ ਦੀ ਚੋਣ ਕੀਤੀ ਜਾਵੇਗੀ। ਪਹਿਲਾ ਇਨਾਮ ਇੱਕ ਲੱਖ ਰੁਪਏ, ਦੂਜਾ ਇਨਾਮ 50 ਹਜ਼ਾਰ ਰੁਪਏ ਅਤੇ ਤੀਜਾ ਇਨਾਮ 25 ਹਜ਼ਾਰ ਰੁਪਏ ਹੈ । ਵੱਧ ਤੋਂ ਵੱਧ ਲੋਕਾਂ ਨੂੰ ਸਿਹਤ ਬੀਮਾ ਕਵਰ ਹੇਠ ਰਜਿਸਟਰ ਕਰਨ ਲਈ ਪੰਜਾਬ ਰਾਜ ਸਿਹਤ ਏਜੰਸੀ ਨੇ ਪੰਜਾਬ ਦੇ ਸਿਹਤ ਤੇ ਪਰਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ 'ਤੇ ਇਹ ਯੋਜਨਾ ਬਣਾਈ ਹੈ, ਜਿਸ ਤਹਿਤ ਜੇ ਕੋਈ ਵੀ ਵਿਅਕਤੀ 16 ਅਕਤੂਬਰ ਤੋਂ 30 ਨਵੰਬਰ ਤੱਕ ਸਿਹਤ ਬੀਮਾ ਯੋਜਨਾ ਲਈ ਆਪਣੇ ਆਪ ਨੂੰ ਰਜਿਸਟਰ ਕਰਦਾ ਹੈ, ਉਸ ਕੋਲ ਇੱਕ ਲੱਖ ਰੁਪਏ ਤੱਕ ਦਾ ਇਨਾਮ ਜਿੱਤਣ ਦਾ ਮੌਕਾ ਹੋਵੇਗਾ। ਪਹਿਲਾ ਇਨਾਮ ਇੱਕ ਲੱਖ ਰੁਪਏ, ਦੂਜਾ 50,000 ਰੁਪਏ ਅਤੇ ਤੀਜਾ ਇਨਾਮ 25000 ਰੁਪਏ ਹੋਵੇਗਾ। ਇਸੇ ਤਰ੍ਹਾਂ ਚੌਥਾ ਇਨਾਮ 10000 ਰੁਪਏ ਅਤੇ ਪੰਜਵਾਂ 8000 ਰੁਪਏ ਰੱਖਿਆ ਗਿਆ ਹੈ ਜਦਕਿ ਛੇਵੇਂ ਤੋਂ ਦਸਵਾਂ ਇਨਾਮ 5000 ਰੁਪਏ ਹੋਵੇਗਾ। ਇਹ ਡਰਾਅ 4 ਦਸੰਬਰ ਨੂੰ ਕੱਢਿਆ ਜਾਵੇਗਾ। ਇਹ ਸਕੀਮ ਸੂਬੇ ਭਰ ਦੇ 800 ਤੋਂ ਵੱਧ ਸਰਕਾਰੀ ਅਤੇ ਨਿੱਜੀ ਸੂਚੀਬੱਧ ਹਸਪਤਾਲਾਂ ਵਿੱਚ ਹਰੇਕ ਪਰਵਾਰ ਲਈ ਪ੍ਰਤੀ ਸਾਲ 5 ਲੱਖ ਰੁਪਏ ਤੱਕ ਦੇ ਨਕਦੀ ਰਹਿਤ ਇਲਾਜ ਦੀ ਸਹੂਲਤ ਪ੍ਰਦਾਨ ਕਰਦੀ ਹੈ। ਸੂਬੇ ਵਿੱਚ 44 ਲੱਖ ਤੋਂ ਵੱਧ ਪਰਿਵਾਰ ਇਸ ਸਕੀਮ ਦਾ ਲਾਭ ਲੈ ਰਹੇ ਹਨ ਜਿਸ ਵਿੱਚ ਗੋਡੇ ਬਦਲਣ, ਦਿਲ ਦੀ ਸਰਜਰੀ, ਕੈਂਸਰ ਦੇ ਇਲਾਜ ਆਦਿ ਸਮੇਤ ਲਗਭਗ 1600 ਕਿਸਮਾਂ ਦੇ ਇਲਾਜ ਦੀ ਸੁਵਿਧਾ ਦਿੱਤੀ ਜਾ ਰਹੀ ਹੈ।

ਇਨ੍ਹਾਂ ਲਾਭਪਾਤਰੀ ਪਰਵਾਰਾਂ ਵਿੱਚ ਐਨ.ਐਫ.ਐਸ.ਏ. ਰਾਸ਼ਨ ਕਾਰਡ ਧਾਰਕ, ਜੇ-ਫਾਰਮ ਧਾਰਕ ਕਿਸਾਨ, ਰਜਿਸਟਰਡ ਮਜ਼ਦੂਰ, ਰਜਿਸਟਰਡ ਛੋਟੇ ਵਪਾਰੀ, ਮਾਨਤਾ ਪ੍ਰਾਪਤ ਅਤੇ ਪੀਲੇ ਕਾਰਡ ਧਾਰਕ ਪੱਤਰਕਾਰ ਅਤੇ ਸਮਾਜਿਕ-ਆਰਥਿਕ ਜਾਤੀ ਜਨਗਣਨਾ ਡੇਟਾ-2011 ਦੇ ਤਹਿਤ ਕਵਰ ਪਰਵਾਰ ਸ਼ਾਮਲ ਹਨ। ਇਸ ਮੌਕੇ ਜ਼ਿਲਾ ਪਰਵਾਰ ਭਲਾਈ ਅਫਸਰ ਡਾ. ਤੇਜਿੰਦਰ ਕੌਰ, ਜ਼ਿਲ੍ਹਾ ਸਿਹਤ ਅਫਸਰ ਡਾ. ਸਵਿਤਾ, ਡੀ ਐਮ ਸੀ ਡਾ. ਰੋਮੀ ਰਾਜਾ ਮਹਾਜਨ, ਜ਼ਿਲ੍ਹਾ ਟੀਕਾਕਰਨ ਅਫਸਰ ਡਾ. ਅਰਵਿੰਦ ਮਹਾਜਨ, ਡੀਡੀਐਚਓ ਡਾ. ਲੋਕੇਸ਼, ਮਾਸ ਮੀਡੀਆ ਅਫਸਰ ਵਿਜੇ ਠਾਕੁਰ ਹਾਜ਼ਰ ਸਨ।

ਕੌਂਸਲ ਆਫ ਜੂਨੀਅਰ ਇੰਜੀਨੀਅਰ ਨੇ ਮੰਗਾਂ ਨਾ ਮੰਨੇ ਜਾਣ ਕਾਰਨ ਸੰਘਰਸ਼ ਦਾ ਲਿਆ ਫੈਸਲਾ

ਗੁਰਦਾਸਪੁਰ (ਦਿਨੇਸ਼ ਕੁਮਾਰ)-ਕੌਂਸਲ ਆਫ ਜੂਨੀਅਰ ਇੰਜੀਨੀਅਰ ਪੀ. ਐਸ. ਪੀ. ਸੀ. ਐਲ. ਵਲੋਂ ਪਾਵਰ ਜੂਨੀਅਰ ਇੰਜੀਨੀਅਰ ਦੀ ਮੁਢਲੀ ਤਨਖਾਹ ਵਿੱਚ ਵਾਧੇ ਦੀ ਮੰਗ ਅਤੇ ਹੋਰ ਅਹਿਮ ਮੰਗਾਂ ਦੇ ਨਿਪਟਾਰੇ ਵਿੱਚ ਹੋ ਰਹੀ ਬੇਲੋੜੀ ਦੇਰੀ ਕਾਰਨ ਜੂਨੀਅਰ ਇੰਜੀਨੀਅਰ ਵਰਗ ਵਿੱਚ ਪੈਦਾ ਹੋ ਰਹੇ ਰੋਸ ਨੂੰ ਵੇਖਦੇ ਹੋਏ 3 ਨਵੰਬਰ ਸੰਘਰਸ਼ 'ਤੇ ਜਾਣ ਦਾ ਫੈਸਲਾ ਕੀਤਾ ਹੈ। ਜੇ. ਈ. ਕੌਂਸਲ ਦੇ ਸਰਕਲ ਪ੍ਰਧਾਨ ਇੰਜ ਜਤਿੰਦਰ ਸ਼ਰਮਾ ਤੇ ਜਨਰਲ ਸਕੱਤਰ ਇੰਜ ਵਿਮਲ ਕੁਮਾਰ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਪਿਛਲੇ ਸਮੇਂ ਦੌਰਾਨ ਪੰਜਾਬ ਸਰਕਾਰ ਵਲੋਂ ਗਠਿਤ ਉੱਚ ਪੱਧਰੀ ਕਮੇਟੀ ਵਲੋਂ ਪਾਵਰ ਜੂਨੀਅਰ ਇੰਜੀਨੀਅਰ ਨੂੰ ਪੰਜਾਬ ਸਰਕਾਰ ਦੇ ਜੇ. ਈ. ਦੇ ਪੈਟਰਨ 'ਤੇ ਪਾਵਰ ਮੁਲਾਜ਼ਮਾਂ ਤੇ ਤਨਖਾਹ ਵਾਧੇ ਦੇ ਫਰਕ ਨੂੰ ਬਰਕਰਾਰ ਰੱਖਦਿਆਂ 19260 ਰੁਪਏ ਮੁਢਲੀ ਤਨਖਾਹ ਤੇ ਕਨਵਰਸ਼ਨ ਟੇਬਲ ਅੰਦਰ ਵੱਖਰੇ ਗਰੁੱਪ ਵਿੱਚ ਪਲੇਸਮੈਂਟ ਦੇਣ ਦੀ ਸਿਫਾਰਸ਼ ਕੀਤੀ ਗਈ ਸੀ, ਪਰ ਅਜੇ ਤੱਕ ਪਾਵਰ ਜੂਨੀਅਰ ਇੰਜੀਨੀਅਰ ਨਾਲ ਵਿਤਕਰਾ ਕਰਦੇ ਹੋਏ ਮਿਤੀ 1-12-2011 ਤੋਂ ਪੰਜਾਬ ਸਰਕਾਰ ਦੇ ਜੇ. ਈਜ. ਨੂੰ ਮਿਲ ਰਹੀ 18250 ਦੀ ਮੁਢਲੀ ਤਨਖਾਹ ਤੋਂ ਘਟ 17450 ਰੁਪਏ ਹੀ ਦਿੱਤੇ ਜਾ ਰਹੇ ਹਨ। ਉਪਰੋਕਤ ਮਸਲੇ ਉੱਪਰ ਧਿਆਨ ਕੇਂਦਰਿਤ ਕਰਨ ਹਿੱਤ ਸੰਕੇਤਕ ਸੰਘਰਸ਼ ਪ੍ਰੋਗਰਾਮ ਤਹਿਤ ਪਹਿਲੇ ਪੜਾਅ ਦੌਰਾਨ 3 ਨਵੰਬਰ ਪਾਵਰਕਾਮ ਦੇ ਸਰਕਲ ਗੁਰਦਾਸਪੁਰ ਸਾਹਮਣੇ ਰੋਸ ਰੈਲੀ ਕੀਤੀ ਜਾਵੇਗੀ। 10 ਨਵੰਬਰ ਨੂੰ ਸਮੁੱਚੀ ਕੇਂਦਰੀ ਵਰਕਿੰਗ ਕਮੇਟੀ ਲੀਡਰਸ਼ਿਪ ਵਲੋਂ ਪਾਵਰਕਾਮ ਦੇ ਹੈੱਡਕੁਆਰਟਰ ਪਟਿਆਲਾ ਵਿਖੇ ਇੱਕ ਰੋਜ਼ਾ ਸੰਕੇਤਕ ਧਰਨਾ ਅਤੇ 15 ਨਵੰਬਰ ਤੋਂ 24 ਨਵੰਬਰ ਤੱਕ ਪਾਵਰਕਾਮ ਦੇ ਮੁੱਖ ਦਫਤਰ ਪਟਿਆਲਾ ਸਾਹਮਣੇ ਲੜੀਵਾਰ ਭੁੱਖ ਹੜਤਾਲ ਕੀਤੀ ਜਾਵੇਗੀ ।

ਆਦਰਸ਼ ਮਾਡਲ ਸਕੂਲ ਦੇ ਵਿਦਿਆਰਥੀਆਂ ਨੇ ਮੁਕਾਬਲਿਆਂ 'ਚ ਲਿਆ ਹਿੱਸਾ

ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਸਿੱਖ ਮਿਸ਼ਨਰੀ ਕਾਲਜ ਲੁਧਿਆਣਾ ਵੱਲੋਂ ਗੁਰਪ੍ਰੀਤ ਸਿੰਘ ਸਰਕਲ ਇੰਚਾਰਜ ਰਾਣਾ ਕਲਾਂ ਦੀ ਯੋਗ ਰਹਿਨੁਮਾਈ ਹੇਠ ਗਹਿਰੀ ਮੰਡੀ ਵਿਖੇ ਸਤਿਕਰਤਾਰ ਗੁਰਦੁਆਰਾ ਸਾਹਿਬ ਵਿਖੇ ਸਰਕਲ ਦੀਆਂ ਵੱਖ ਵੱਖ ਤੇਰਾਂ ਨਾਮਵਰ ਵਿੱਦਿਅਕ ਸੰਸਥਾਵਾਂ ਦੇ ਵਿਦਿਆਰਥੀਆਂ ਲਈ ਪ੍ਰਸ਼ਨੋਤਰੀ, ਕਵਿਤਾਵਾਂ ਅਤੇ ਸੋਹਣੀ ਦਸਤਾਰ ਮੁਕਾਬਲੇ ਕਰਵਾਏ ਗਏ। ਜਿਸ ਵਿੱਚ ਇਲਾਕੇ ਦੀ ਨਾਮਵਰ ਸੰਸਥਾ ਆਦਰਸ਼ ਮਾਡਲ ਸਕੂਲ ਦੇ ਵੱਖ ਵੱਖ ਭਾਗਾਂ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ। ਇਨ੍ਹਾਂ ਮੁਕਾਬਲਿਆਂ ਵਿੱਚ ਸਕੂਲ ਦੇ ਭਾਗ ਪਹਿਲਾ ਦੇ ਪ੍ਰਸ਼ਨੋਤਰੀ ਮੁਕਾਬਲੇ ਵਿੱਚ ਦੂਸਰਾ ਸਥਾਨ ਪ੍ਰਾਪਤ ਕੀਤਾ। ਸੋਹਣੀ ਦਸਤਾਰ ਮੁਕਾਬਲੇ ਵਿੱਚ ਸਕੂਲ ਦੇ ਵਿਦਿਆਰਥੀਆਂ ਵੱਲੋਂ ਵੱਖ ਵੱਖ ਭਾਗਾਂ ਅਨੁਸਾਰ ਦੂਸਰਾ ਅਤੇ ਪਹਿਲਾ ਸਥਾਨ ਹਾਸਲ ਕੀਤਾ ਗਿਆ। ਕਵਿਤਾ ਮੁਕਾਬਲੇ ਵਿੱਚ ਸਕੂਲ ਦੇ ਹੋਣਹਾਰ ਵਿਦਿਆਰਥੀ ਅਬੀਨੂਰ ਸਿੰਘ ਵੱਲੋਂ ਭਾਗ ਇੱਕ ਵਿੱਚ ਦੂਸਰਾ ਅਤੇ ਸਿਮਰਨਜੀਤ ਕੌਰ ਨੇ ਭਾਗ ਤੀਜਾ ਵਿੱਚ ਤੀਸਰਾ ਸਥਾਨ ਪ੍ਰਾਪਤ ਕਰਕੇ ਸਕੂਲ ਅਤੇ ਆਪਣੇ ਮਾਤਾ ਪਿਤਾ ਦਾ ਸਿਰ ਉਚਾ ਕੀਤਾ। ਸਕੂਲ ਵਾਪਸ ਆਉਣ ਉਪਰੰਤ ਚੇਅਰਮੈਨ ਸਵਿੰਦਰ ਕੌਰ, ਐਮ.ਡੀ ਜਤਿੰਦਰ ਸਿੰਘ, ਪ੍ਰਿੰਸੀਪਲ ਰੁਪਿੰਦਰ ਕੌਰ ਅਤੇ ਦਾਖ਼ਲਾ ਸਲਾਹਕਾਰ ਅਮਰਬੀਰ ਸਿੰਘ ਨੇ ਜਿੱਤ ਕੇ ਆਏ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਕੂਲ ਸਟਾਫ਼ ਵੱਲੋਂ ਦਵਿੰਦਰ ਕੌਰ ਕੋ ਆਰਡੀਨੇਟਰ, ਨਵਪ੍ਰੀਤ ਸਿੰਘ, ਸਵਰੂਪ ਕੌਰ, ਸਮਾਇਲਪ੍ਰੀਤ ਕੌਰ, ਰੁਪਿੰਦਰ ਕੌਰ, ਹਰਪ੍ਰੀਤ ਕੌਰ, ਨਵਪ੍ਰੀਤ ਕੌਰ, ਨੇਹਾ ਭੱਟੀ , ਰਾਜਵਿੰਦਰ ਕੌਰ, ਮਨਦੀਪ ਕੌਰ, ਪਲਵਿੰਦਰ ਕੌਰ ਅਤੇ ਗੀਤਾ ਰਾਣੀ ਆਦਿ ਵੀ ਹਾਜ਼ਰ ਸਨ।

ਖਾਲਸਾ ਕਾਲਜ ਸਰਹਾਲੀ 'ਚ ਖ਼ੂਨਦਾਨ ਕੈਂਪ

ਸਰਹਾਲੀ ਕਲਾਂ (ਹਰਪ੍ਰੀਤ ਸਿੰਘ ਚੰਬਾ)-ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਸਰਹਾਲੀ ਵਿੱਦਿਆ ਦਾ ਚਾਨਣ ਫੈਲਾਉਣ ਤੋਂ ਇਲਾਵਾ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਨੂੰ ਵੀ ਬਾਖੂਬੀ ਨਿਭਾਅ ਰਿਹਾ ਹੈ। ਕਾਲਜ ਵਲੋਂ ਸਿਵਲ ਹਸਤਪਾਲ, ਤਰਨ ਤਾਰਨ ਅਤੇ ਭਗਤ ਪੂਰਨ ਸਿੰਘ ਖ਼ੂਨਦਾਨ ਕਮੇਟੀ, ਪੱਟੀ ਦੇ ਸਹਿਯੋਗ ਨਾਲ ਖ਼ੂਨਦਾਨ ਕੈਂਪ ਲਗਾਇਆ ਗਿਆ। ਖ਼ੂਨਦਾਨ ਕੈਂਪ ਦਾ ਉਦਘਾਟਨ ਕਰਦੇ ਹੋਏ ਪ੍ਰਿੰਸੀਪਲ ਡਾ.ਜਸਬੀਰ ਸਿੰਘ ਗਿੱਲ ਨੇ ਖ਼ੂਨਦਾਨ ਨੂੰ ਸਭ ਤੋਂ ਅਮੁੱਲ ਦਾਨ ਦੱਸਦਿਆਂ ਇਸ ਨੂੰ ਮਾਨਵਤਾ ਦੀ ਸੱਚੀ ਸੇਵਾ ਕਰਾਰ ਦਿੱਤਾ। ਉਨ੍ਹਾ ਕਾਲਜ ਸਟਾਫ਼ ਅਤੇ ਵਿਦਿਆਰਥੀਆਂ ਨੂੰ ਖ਼ੂਨਦਾਨ ਦੇ ਮਹੱਤਵ ਬਾਰੇ ਦੱਸਿਆ ਤੇ ਨਾਲ ਹੀ ਖ਼ੂਨਦਾਨ ਕਰਨ ਦਾ ਸੰਦੇਸ਼ ਦਿੱਤਾ। ਕਾਲਜ ਦੇ ਐਨ.ਐਸ.ਐਸ ਯੂਨਿਟ ਦੇ ਇੰਚਾਰਜ ਬਲਵਿੰਦਰ ਸਿੰਘ ਨੇ ਸਭ ਤੋਂ ਪਹਿਲਾਂ ਖ਼ੂਨਦਾਨ ਕਰਕੇ ਕੈਂਪ ਦੀ ਸ਼ੁਰੂਆਤ ਕੀਤੀ। ਐਨ.ਸੀ.ਸੀ ਅਤੇ ਐਨ.ਐਸ.ਐਸ ਯੂਨਿਟਾਂ ਦੇ ਵਲੰਟੀਅਰਜ਼ ਤੋਂ ਇਲਾਵਾ ਕਾਲਜ ਦੇ ਵਿਦਿਆਰਥੀਆਂ ਨੇ ਖ਼ੂਨਦਾਨ ਕੈਂਪ ਵਿੱਚ ਵੱਧ ਚੜ੍ਹ ਕੇ ਹਿੱਸਾ ਲਿਆ। ਇਸ ਤੋਂ ਇਲਾਵਾ ਕਾਲਜ ਦੇ ਪ੍ਰਿੰਸੀਪਲ ਡਾ. ਜਸਬੀਰ ਸਿੰਘ ਗਿੱਲ, ਸਟਾਫ਼ ਮੈਂਬਰ ਡਾ. ਪਰਮਜੀਤ ਸਿੰਘ, ਡਾ. ਅਮਨਦੀਪ ਸਿੰਘ, ਪ੍ਰੋ. ਜਸਪਾਲ ਸਿੰਘ ਅਤੇ ਸਲਵਿੰਦਰ ਸਿੰਘ ਨੇ ਵੀ ਖ਼ੂਨਦਾਨ ਕੀਤਾ। ਇਸ ਮੌਕੇ ਕਾਲਜ ਪ੍ਰਬੰਧਕੀ ਕਮੇਟੀ ਦੇ ਆਨਰੇਰੀ ਸਕੱਤਰ ਹਰਜਿੰਦਰ ਸਿੰਘ ਬਿੱਲਿਆਂਵਾਲਾ ਵਲੋਂ ਸਿਵਲ ਹਸਤਪਾਲ ਤਰਨ ਤਾਰਨ ਦੇ ਬਲੱਡ ਬੈਂਕ ਦੇ ਇੰਚਾਰਜ ਡਾ. ਰਣਦੀਪ ਕੌਰ ਥੱਲ ਅਤੇ ਗੁਰਬਚਨ ਸਿੰਘ, ਭਗਤ ਪੂਰਨ ਸਿੰਘ ਖ਼ੂਨਦਾਨ ਕਮੇਟੀ ਪੱਟੀ ਦੇ ਰਾਜਵਿੰਦਰ ਸਿੰਘ ਪੈਰੀ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ। ਕਾਲਜ ਵਲੋਂ ਖ਼ੂਨਦਾਨ ਕੈਂਪ ਵਿੱਚ ਹਿੱਸਾ ਲੈਣ ਵਾਲੇ ਵਿਦਿਆਰਥੀਆਂ ਨੂੰ ਰਿਫ਼ਰੈਸ਼ਮੈਂਟ ਅਤੇ ਭਗਤ ਪੂਰਨ ਸਿੰਘ ਖ਼ੂਨਦਾਨ ਕਮੇਟੀ, ਪੱਟੀ ਵਲੋਂ ਸਨਮਾਨ ਚਿੰਨ੍ਹ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।

ਅੰਮ੍ਰਿਤਸਰ ਪੂਰਬੀ ਦੇ ਵਾਰਡ 34 ਤੋਂ ਸੂਰਯਵੰਸ਼ੀ ਨੇ ਦਾਅਵੇਦਾਰੀ ਕੀਤੀ ਪੇਸ਼

ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਯੂਥ ਸਪੋਰਟਸ ਐਂਡ ਐਕਟੀਵਿਟੀ ਐਸੋਸੀਏਸ਼ਨ ਆਫ ਇੰਡੀਆ ਦੇ ਜਨਰਲ ਸਕੱਤਰ ਅਤੇ ਖੋ-ਖੋ ਫੈਡਰੇਸ਼ਨ ਆਫ ਇੰਡੀਆ ਮਾਨਤਾ ਪ੍ਰਾਪਤ ਕੋਚ ਹੋਣ ਦੇ ਨਾਲ ਨਾਲ ਭਾਰਤੀ ਜਨਤਾ ਪਾਰਟੀ ਦੇ ਇਕ ਵਫਾਦਾਰ ਸਿਪਾਹੀ ਖੋ-ਖੋ ਕੋਚ ਰਾਜਨ ਕੁਮਾਰ ਸੂਰਯਵੰਸ਼ੀ ਨੇ ਆ ਰਹੀਆਂ ਨਗਰ ਨਿਗਮ ਚੋਣਾਂ ਵਿਚ ਵਿਧਾਨ ਸਭਾ ਹਲਕਾ ਪੂਰਬੀ ਦੀ ਵਾਰਡ ਨੰਬਰ 34 ਤੋਂ ਦਾਅਵੇਦਾਰੀ ਪੇਸ਼ ਕਰਦੇ ਹੋਏ ਨਿਗਮ ਚੋਣਾਂ ਵਿਚ ਸਰਗਰਮੀ ਨਾਲ ਹਿੱਸਾ ਲੈਣ ਦਾ ਐਲਾਨ ਕੀਤਾ ਹੈ। ਅੰਮ੍ਰਿਤਸਰ ਤੋਂ ਕਿਸੇ ਸਮੇਂ ਬਤੌਰ ਭਾਜਪਾ ਮੈਂਬਰ ਪਾਰਲੀਮੈਂਟ ਰਹੇ ਨਵਜੋਤ ਸਿੰਘ ਸਿੱਧੂ ਤੇ ਉਨ੍ਹਾਂ ਦੀ ਪਤਨੀ ਸਾਬਕਾ ਵਿਧਾਇਕ ਨਵਜੋਤ ਕੌਰ ਸਿੱਧੂ ਦੇ ਨਜ਼ਦੀਕ ਰਹੇ ਕੌਮਾਂਤਰੀ ਖੋ-ਖੋ ਕੋਚ ਰਾਜਨ ਕੁਮਾਰ ਸੂਰਯਵੰਸ਼ੀ ਦੀ ਗਰੀਬਾਂ, ਮਜ਼ਦੂਰਾਂ, ਮਜ਼ਲੂਮਾਂ ਤੇ ਦਿਹਾੜੀਦਾਰਾਂ ਪ੍ਰਤੀ ਦਿਖਾਈ ਜਾਂਦੀ ਹਮਦਰਦੀ ਤੇ ਫਰਾਖਦਿਲੀ ਕਿਸੇ ਤੋਂ ਲੁਕੀ ਹੋਈ ਨਹੀਂ। ਜਦੋਂ ਕਿ ਵਿਧਵਾ, ਲੋੜਵੰਦ ਤੇ ਜ਼ਰੂਰਤਮੰਦ ਮਹਿਲਾਵਾਂ ਨੂੰ ਰੋਜ਼ਾਨਾ ਇਸਤੇਮਾਲ ਦੇ ਲਈ ਰਾਸ਼ਨ ਮੁਹੱਈਆ ਕਰਵਾਉਣਾ ਵੀ ਉਨ੍ਹਾਂ ਦੇ ਹਿੱਸੇ ਆਇਆ ਹੈ। ਹੁਣ ਵੀ ਬੀ ਜੇ ਪੀ ਦੇ ਚੋਟੀ ਦੇ ਸੀਨੀਅਰ ਆਗੂ ਤੇ ਸਾਬਕਾ ਆਈ ਏ ਐਸ ਅਧਿਕਾਰੀ ਜਗਮੋਹਨ ਸਿੰਘ ਰਾਜੂ ਦੇ ਖਾਸਮ ਖਾਸਾਂ ਦੀ ਸੂਚੀ ਵਿਚ ਕੋਚ ਰਾਜਨ ਕੁਮਾਰ ਸੂਰਯਵੰਸ਼ੀ ਦਾ ਨਾਂਅ ਵੀ ਸ਼ਾਮਲ ਮੰਨਿਆ ਜਾਂਦਾ ਹੈ।

ਬੱਸ-ਕਾਰ ਦੀ ਟੱਕਰ 'ਚ ਕ

3-Nov-PAGE-12.qxd 11/2/2023 10:46 PM Page 1

ਮਾਨ ਸਰਕਾਰ ਕਰਵਾਏਗੀ ਅੰਤਰਰਾਸ਼ਟਰੀ ਪੰਜਾਬੀ ਭਾਸ਼ਾ ਓਲੰਪੀਆਡ : ਬੈਂਸ

ਚੰਡੀਗੜ੍ਹ, (ਗੁਰਜੀਤ ਬਿੱਲਾ)

ਪੰਜਾਬੀ ਭਾਸ਼ਾ ਨੂੰ ਦੁਨੀਆਂ ਵਿੱਚ ਹੋਰ ਪ੍ਰਫੁੱਲਿਤ ਕਰਨ ਦੇ ਮਕਸਦ ਨਾਲ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਅੰਤਰਰਾਸ਼ਟਰੀ ਪੰਜਾਬੀ ਭਾਸ਼ਾ ਓਲੰਪੀਆਡ ਕਰਵਾਉਣ ਦਾ ਫੈਸਲਾ ਕੀਤਾ ਗਿਆ ਹੈ। ਇਹ ਜਾਣਕਾਰੀ ਪੰਜਾਬ ਦੇ ਸਕੂਲ ਸਿੱਖਿਆ ਤੇ ਭਾਸ਼ਾ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਦਿੱਤੀ ਗਈ। ਉਹਨਾਂ ਦੱਸਿਆ ਕਿ ਦੱਖਣੀ ਏਸ਼ੀਆਈ ਖਿੱਤੇ ਵਿੱਚ ਪੰਜਾਬ ਇੱਕ ਪ੍ਰਭਾਵਸ਼ਾਲੀ ਸਭਿਆਚਾਰਕ, ਇਤਿਹਾਸਕ ਅਤੇ ਰਾਜਨੀਤਕ ਖਿੱਤਾ ਹੈ। ਜਿਸ ਦੇ ਰਹਿਣ-ਸਹਿਣ, ਖਾਣ-ਪੀਣ, ਭੰਗੜਾ ਅਤੇ ਸੰਗੀਤ ਨੂੰ ਦੁਨੀਆਂ ਭਰ ਵਿੱਚ ਸਰਾਹਿਆ ਜਾਂਦਾ ਹੈ। ਉਹਨਾਂ ਕਿਹਾ ਕਿ ਇਸ ਖਿੱਤੇ ਵਿੱਚ ਸਿੱਖ ਧਰਮ , ਬੁੱਧ ਮੱਤ ਅਤੇ ਸੂਫ਼ੀਵਾਦ ਨੇ ਸ਼ੁਰੂਆਤ ਕੀਤੀ ਅਤੇ ਬਾਅਦ ਵਿੱਚ ਪੂਰੀ ਦੁਨੀਆਂ ਵਿੱਚ ਫੈਲ ਗਿਆ। ਭਾਸ਼ਾ ਮੰਤਰੀ ਨੇ ਦੱਸਿਆ ਕਿ ਪੰਜਾਬੀ ਲੋਕ ਰੁਜ਼ਗਾਰ ਦੇ ਬਿਹਤਰ ਮੌਕਿਆਂ ਦੀ ਤਲਾਸ਼ ਵਿੱਚ ਵੱਖ-ਵੱਖ ਮੁਲਕਾਂ ਵਿੱਚ ਵਸ ਗਏ ਹਨ ਅਤੇ ਹੁਣ ਉਹਨਾਂ ਦੀਆਂ ਅਗਲੀਆਂ ਪੀੜ੍ਹੀਆਂ ਪੰਜਾਬੀ ਭਾਸ਼ਾ ਤੋਂ ਪੂਰੀ ਤਰ੍ਹਾਂ ਜਾਣੂ ਨਹੀਂ ਹਨ, ਜਿਸਨੂੰ ਦੇਖਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਅੰਤਰਰਾਸ਼ਟਰੀ ਪੰਜਾਬੀ ਭਾਸ਼ਾ ਓਲੰਪੀਆਡ ਕਰਵਾਉਣ ਦਾ ਫੈਸਲਾ ਕੀਤਾ ਤਾਂ ਜੋ ਬੱਚਿਆਂ ਨੂੰ ਪੰਜਾਬੀ ਭਾਸ਼ਾ ਸਿੱਖਣ ਪ੍ਰਤੀ ਉਤਸ਼ਾਹਿਤ ਕੀਤਾ ਜਾ ਸਕੇ।

ਬੈਂਸ ਨੇ ਦੱਸਿਆ ਕਿ ਇਹ ਓਲੰਪੀਆਡ 9 ਅਤੇ 10 ਦਸੰਬਰ ਨੂੰ ਆਨਲਾਈਨ ਵਿਧੀ ਰਾਹੀਂ ਕਰਵਾਇਆ ਜਾਵੇਗਾ। ਇਸ ਵਿੱਚ 40 ਮਿੰਟ ਵਿੱਚ ਅਬਜੈਕਟਿਵ ਟਾਈਪ ਦੇ 50 ਨੰਬਰਾਂ ਦੇ 50 ਪ੍ਰਸ਼ਨ ਪੁੱਛੇ ਜਾਣਗੇ। ਉਹਨਾਂ ਦੱਸਿਆ ਕਿ ਇਸ ਓਲੰਪੀਆਡ ਵਿੱਚ ਅੱਠਵੀਂ ਅਤੇ ਨੌਵੀਂ ਜਮਾਤ ਵਿੱਚ ਪੜ੍ਹਨ ਵਾਲੇ 17 ਸਾਲ ਦੀ ਉਮਰ ਤੱਕ ਦੇ ਵਿਦਿਆਰਥੀ ਭਾਗ ਲੈ ਸਕਦੇ ਹਨ। ਇਸ ਤੋਂ ਇਲਾਵਾ ਇਸ ਓਲੰਪੀਆਡ ਵਿੱਚ ਹਿੰਦੋਸਤਾਨ, ਅਮਰੀਕਾ, ਅਸਟਰੇਲੀਆ, ਯੂਰਪ ਅਤੇ ਹੋਰ ਥਾਵਾਂ ਤੇ ਵਸਦੇ ਵਿਦਿਆਰਥੀ ਭਾਗ ਲੈ ਸਕਦੇ ਹਨ। ਉਹਨਾਂ ਦੱਸਿਆ ਕਿ ਛੇ ਟਾਈਮ ਜ਼ੋਨਾਂ ਵਿੱਚ 2 ਘੰਟਿਆਂ ਲਈ ਇਹ ਓਲੰਪੀਆਡ ਚੱਲੇਗਾ। ਇਸ ਓਲੰਪੀਆਡ ਵਿੱਚ ਭਾਗ ਲੈਣ ਲਈ ਰਜਿਸਟਰੇਸ਼ਨ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਵੈੱਬਸਾਈਟ ਤੇ ਕੀਤੀ ਜਾ ਸਕਦੀ ਹੈ। ਰਜਿਸਟਰੇਸ਼ਨ ਦਾ ਕਾਰਜ ਆਰੰਭ ਹੋ ਚੁੱਕਾ ਹੈ।

56ਵਾਂ ਸਾਲਾਨਾ ਖੁਸ਼ ਰੰਗ ਮੇਲਾ 4 ਤੇ 5 ਨੂੰ

ਆਦਮਪੁਰ (ਪਰਮਜੀਤ ਸਿੰਘ)—ਭੁਲੱਥ ਦੇ ਨਜਦੀਕ ਨਡਾਲਾ ਰੋਡ 'ਤੇ ਸਥਿਤ ਪਿੰਡ ਜਵਾਹਰ ਨਗਰ ਵਿਖੇ ਪੀਰ ਬਾਵਾ ਟਾਹਲੀ ਸਾਹਿਬ ਜੀ ਦੇ ਸਥਾਨ 'ਤੇ ਸਵਰਗਵਾਸੀ ਪੀ ਐਲ ਸ਼ਰਮਾ ਦੇ ਪਰਵਾਰ ਅਤੇ ਮੇਲੇ ਦੇ ਮੁੱਖ ਪ੍ਰਬੰਧਕ ਸ੍ਰੀਮਤੀ ਦਰਸ਼ਨਾ ਸ਼ਰਮਾ, ਨਰੇਸ਼ ਸ਼ਰਮਾ, ਰਣਜੀਵ ਸ਼ਰਮਾ ਕੇਨੇਡਾ ਨਿਵਾਸੀ, ਸਵ. ਵਿਜੇ ਸ਼ਰਮਾ ਦੇ ਪਰਵਾਰ ਸਾਥੀਆਂ ਦੇ ਸਹਿਯੋਗ ਨਾਲ 56ਵਾਂ ਸਾਲਾਨਾ ਖੁਸਰੰਗ ਮੇਲਾ ਕਰਵਾਇਆ ਜਾ ਰਿਹਾ ਹੈ। ਜਿਸ ਵਿੱਚ 4 ਨਵੰਬਰ ਸ਼ਾਮ 6 ਵਜੇ ਅਮਾਨ ਅਲੀ ਖਾਨ ਬਾਬਾ ਦੇ ਦਰਬਾਰ 'ਤੇ ਕਵਾਲੀਆਂ ਪੇਸ਼ ਕਰਨਗੇ ਅਤੇ 5 ਨਵੰਬਰ ਨੂੰ ਪੰਜਾਬ ਦੇ ਪ੍ਰਸਿੱਧ ਗਾਇਕ ਕਮਲ ਹੀਰ ਦੁਪਿਹਰ 12 ਵਜੇ ਤੇ ਸ਼ਾਮ 4 ਵਜੇ ਤੱਕ ਰੰਗਾ ਰੰਗ ਪ੍ਰੋਗਰਾਮ ਪੇਸ਼ ਕਰਨਗੇ। ਮੁੱਖ ਪ੍ਰਬੰਧਕਾਂ ਵਲੋਂ 4 ਨਵੰਬਰ ਨੂੰ ਰਾਜਨ ਮੈਮੋਰੀਅਲ ਆਈ ਹਸਪਤਾਲ (ਧਰਮਾਰਥ) ਜਲੰਧਰ ਤੋਂ ਸਪੈਸ਼ਲ ਟੀਮ ਵੱਲੋਂ ਅੱਖਾਂ ਦਾ ਫਰੀ ਚੈਕਅੱਪ ਕੈਂਪ ਲਗਾਇਆ ਜਾ ਰਿਹਾ ਹੈ। ਦਵਾਈਆਂ ਅਤੇ ਅਪਰੇਸ਼ਨ ਫਰੀ ਹੋਣਗੇ।

ਡੀ ਬੀ ਈ ਈ ਵੱਲੋਂ ਪਲੇਸਮੈਂਟ ਕੈਂਪ ਅੱਜ

ਮੋਹਾਲੀ (ਗੁਰਜੀਤ ਬਿੱਲਾ)- ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਅਤੇ ਮਾਡਲ ਕੈਰੀਅਰ ਸੈਂਟਰ, ਐੱਸ. ਏ. ਐੱਸ ਨਗਰ ਵਲੋਂ ਪੀ.ਵੀ.ਆਰ, ਟੈਲੀਪਰਫ਼ਾਰਮੇਂਸ ਅਤੇ ਸੇਵਾ ਕੇਂਦਰ ਲਈ 03 ਨਵੰਬਰ ਨੂੰ ਪਲੇਸਮੈਂਟ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਕੈਂਪ ਵਿੱਚ 18 ਤੋਂ 35 ਸਾਲ ਦੀ ਉਮਰ ਦੇ 12ਵੀਂ, ਡਿਪਲੋਮਾ ਅਤੇ ਗ੍ਰੈਜੂਏਸ਼ਨ ਆਦਿ ਵਿੱਦਿਅਕ ਯੋਗਤਾ ਵਰਗ ਦੇ ਉਮੀਦਵਾਰ ਸ਼ਾਮਿਲ ਹੋ ਸਕਦੇ ਹਨ। ਉਕਤ ਕੰਪਨੀਆਂ ਦੀ ਐੱਚ ਆਰ ਟੀਮ ਵਲੋਂ ਸਵੇਰੇ 9.30 ਵਜੇ ਤੋਂ 1.30 ਵਜੇ ਤੱਕ ਉਮੀਦਵਾਰਾਂ ਦੀ ਵਾਕਇਨ ਇੰਟਰਵਿਊ ਕੀਤੀ ਜਾਵੇਗੀ। ਡਿਪਟੀ ਡਾਇਰੈਕਟਰ , ਡੀ. ਬੀ. ਈ. ਈ. ਸ੍ਰੀ. ਹਰਪ੍ਰੀਤ ਸਿੰਘ ਮਾਨਸਾਹੀਆ ਨੇ ਦੱਸਿਆ ਕਿ ਡੀ. ਬੀ. ਈ. ਈ. ਵੱਲੋਂ ਮੰਗਲਵਾਰ ਤੋਂ ਸ਼ੁੱਕਰਵਾਰ ਤੱਕ ਹਰ ਰੋਜ਼ ਪਲੇਸਮੈਂਟ ਕੈਂਪ ਦਾ ਆਯੋਜਨ ਕੀਤਾ ਜਾਵੇਗਾ। ਜਿਸ ਵਿੱਚ ਇੱਕ ਜਾਂ ਇੱਕ ਤੋਂ ਵੱਧ ਕੰਪਨੀਆਂ ਹਿੱਸਾ ਲੈਣਗੀਆਂ। ਉਹਨਾਂ ਜ਼ਿਲ੍ਹਾ ਐੱਸ. ਏ. ਐੱਸ. ਨਗਰ (ਮੋਹਾਲੀ) ਦੇ ਬੇਰੋਜ਼ਗਾਰ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਰਿਜ਼ਿਊਮ ਅਤੇ ਸਬੰਧਿਤ ਦਸਤਾਵੇਜ਼ਾਂ ਨਾਲ ਡੀ. ਬੀ. ਈ. ਈ. ਦਫਤਰ ਵਿੱਚ ਪਹੁੰਚ ਕੇ ਇਹਨਾਂ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ, ਚਾਹਵਾਨ ਉਮੀਦਵਾਰ ਸਵੇਰੇ 9.30 ਵਜੇ ਡੀ. ਬੀ. ਈ. ਈ. ਕਮਰਾ ਨੰਬਰ 461, ਡੀਸੀ ਕੰਪਲੈਕਸ, ਸੈਕਟਰ 76, ਐਸ. ਏ. ਐੱਸ ਨਗਰ ਵਿਖੇ ਪਹੁੰਚਣ। ਨੌਕਰੀ ਦੀ ਭਾਲ ਕਰਦੇ ਉਮੀਦਵਾਰ ਆਪਣਾ ਰਿਜ਼ਿਊਮ ਈ. ਮੇਲ. ਰਾਹੀਂ ਦਫਤਰ ਵਿਖੇ ਪਹੁੰਚਾ ਸਕਦੇ ਹਨ।

ਮੁਲਾਜ਼ਮ ਤੇ ਪੈਨਸ਼ਨਰ ਜਥੇਬੰਦੀਆਂ ਨੇ ਫੂਕਿਆ ਸਰਕਾਰ ਦਾ ਪੁਤਲਾ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)

ਜਨਤਕ ਜੱਥੇਬੰਦੀਆਂ ਦੇ ਸਾਂਝੇ ਮੋਰਚੇ ਜੇ.ਪੀ.ਐੱਮ.ਓ ਵਲੋਂ ਪੰਜਾਬ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ, ਪੰਜਾਬ ਸੁਬਾਰਡੀਨੇਟ ਸਰਵਿਸ ਫੈਡਰੇਸ਼ਨ, ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ, ਗੌਰਮਿੰਟ ਟੀਚਰ ਯੂਨੀਅਨ ਅਤੇ ਹੋਰ ਭਰਾਤਰੀ ਜੱਥੇਬੰਦੀਆਂ ਦੇ ਸਹਿਯੋਗ ਨਾਲ ਪੈਨਸ਼ਨਰ ਆਗੂ ਪ੍ਰਿੰਸੀਪਲ ਪਿਆਰਾ ਸਿੰਘ, ਸੱਤਪਾਲ ਲੱਠ ਅਤੇ ਮੁਲਾਜਮ ਆਗੂ ਨਰਿੰਦਰ ਅਜਨੋਹਾ ਅਤੇ ਉਂਕਾਰ ਸਿੰਘ ਦੀ ਅਗਵਾਈ ਵਿੱਚ1158 ਅਸਿਸਟੈਂਟ ਪ੍ਰੋਫੈਸਰ ਅਤੇ ਲਾਇਬ੍ਰੇਰੀਅਨ ਭਰਤੀ ਨੂੰ ਪੂਰਾ ਕਰਵਾਉਣ ਲਈ ਸੰਘਰਸ਼ਸ਼ੀਲ ਮੈਡਮ ਬਲਵਿੰਦਰ ਕੌਰ ਨੂੰ ਖੁਦਕੁਸ਼ੀ ਲਈ ਮਜਬੂਰ ਕਰਨ ਲਈ ਪੰਜਾਬ ਸਰਕਾਰ ਦਾ ਪੁਤਲਾ ਫੂਕ ਕੇ ਆਪਣਾ ਵਿਰੋਧ ਪ੍ਰਦਰਸ਼ਨ ਪ੍ਰਗਟ ਕੀਤਾ ਗਿਆ। ਆਗੂਆਂ ਵਲੋਂ ਆਪਣੇ ਸੰਬੋਧਨ ਵਿੱਚ ਕਿਹਾ ਗਿਆ ਕਿ ਜੇਕਰ ਸਰਕਾਰਾਂ ਬੇਰੁਜ਼ਗਾਰਾਂ ਨੂੰ ਰੁਜ਼ਗਾਰ ਦੇਣ ਵਿਚ ਰੁਕਾਵਟਾਂ ਨਾ ਪੈਦਾ ਹੋਣ ਦੇਣ ਤਾਂ ਅਸਿਸਟੈਂਟ ਪ੍ਰੋਫੈਸਰ ਬਲਵਿੰਦਰ ਕੌਰ ਵਰਗੇ ਨੌਜਵਾਨ ਸਰਕਾਰਾਂ ਦੀਆਂ ਗਲਤ ਨੀਤੀਆਂ ਤੋਂ ਤੰਗ ਹੋ ਕੇ ਖੁਦਕੁਸ਼ੀ ਕਰਨ ਲਈ ਮਜਬੂਰ ਨਾ ਹੋਣ। ਇਸ ਮੌਕੇ ਸ਼ਾਮ ਸੁੰਦਰ ਕਪੂਰ ਜਿਲਾ ਜੀ.ਟੀ.ਯੂ ਆਗੂ ਨੇ ਕਿਹਾ ਕਿ ਪ੍ਰੋਫੈਸਰ ਦੁਆਰਾ ਲਿਖੇ ਖੁਦਕੁਸ਼ੀ ਨੋਟ ਵਿੱਚ ਜਿੰਮੇਵਾਰ ਵਿਅਕਤੀਆਂ ਵਿਰੁੱਧ ਐਫ.ਆਈ.ਆਰ ਦਰਜ ਕਰਕੇ ਪਰਵਾਰ ਨੂੰ ਇਨਸਾਫ ਦਿੱਤਾ ਜਾਵੇ। ਇਸ ਮੌਕੇ ਇਕੱਠ ਵਲੋਂ ਮੇਨ ਬਜਾਰ ਵਿੱਚ ਰੋਸ ਮਾਰਚ ਕੀਤਾ ਗਿਆ ਅਤੇ ਸਰਕਾਰ ਵਿਰੁੱਧ ਜੰਮ ਕੇ

ਨਾਅਰੇਬਾਜ਼ ਕੀਤੀ ਗਈ। ਇਸ ਮੌਕੇ ਸਗਲੀ ਰਾਮ, ਮਹਿੰਦਰ ਪਾਲ, ਪਰਮਿੰਦਰ ਕੁਮਾਰ, ਹਰਿੰਦਰ ਸਿੰਘ, ਅਮਰਜੀਤ ਸਿੰਘ, ਟੇਕ ਚੰਦ, ਗੁਰਨਾਮ ਚੰਦ,ਸੁਖਜੀਵਨ ਸਿੰਘ, ਅਜੇ ਕੁਮਾਰ, ਵਰਿੰਦਰ ਕੁਮਾਰ, ਹੰਸਰਾਜ, ਰਜਿੰਦਰ ਸਿੰਘ, ਹਰਪਾਲ ਸਿੰਘ, ਸੰਤੋਖ ਸਿੰਘ, ਬਲਵੀਰ ਸਿੰਘ, ਗੁਰਮੀਤ ਸਿੰਘ,ਰਾਮ ਸਰੂਪ, ਸੁਰਜੀਤ ਸਿੰਘ, ਸੋਹਣ ਸਿੰਘ,ਹਰਦੇਵ ਗਿੱਲ, ਹਰਭਜਨ ਸਿੰਘ, ਜਸਵੀਰ ਸਿੰਘ,ਸੁਰਿੰਦਰ ਸਿੰਘ ਅਤੇ ਕਈ ਹੋਰ ਇਨਸਾਫ ਪਸੰਦ ਲੋਕ ਹਾਜਰ ਸਨ।

ਜਨਮ ਦਿਨ ਮੁਬਾਰਕ

ਆਦਵਿਕ ਸਿੱਡਾ, ਮੰਡੀ ਅਰਨੀਵਾਲਾ

ਬੋਰਡ ਮੈਨੇਜਮੈਂਟ 'ਤੇ ਪੋਰਟਲ ਖੋਲ੍ਹਣ ਸੰਬੰਧੀ ਪਾਇਆ ਜਾ ਰਿਹੈ ਦਬਾਅ : ਖੰਗੂੜਾ

ਮੋਹਾਲੀ, (ਗੁਰਜੀਤ ਬਿੱਲਾ)

ਪੰਜਾਬ ਸਕੂਲ ਸਿੱਖਿਆ ਬੋਰਡ ਕਰਮਚਾਰੀ ਐਸੋਸੀਏਸ਼ਨ ਵੱਲੋਂ ਸਰਕਾਰ ਵੱਲੋਂ 5ਵੀਂ-8ਵੀਂ ਜਮਾਤ ਦੀ ਪ੍ਰੀਖਿਆ ਫੀਸ ਅਤੇ ਪਾਠ ਪੁਸਤਕਾਂ ਦੀ ਪੈਡਿੰਗ ਰਾਸ਼ੀ ਬੋਰਡ ਦਫ਼ਤਰ ਨੂੰ ਜਾਰੀ ਕਰਨ ਸਬੰਧੀ ਕੀਤੀ ਜਾ ਰਹੀ ਆਨਾਕਾਨੀ ਅਤੇ 5ਵੀਂ-8ਵੀਂ ਜਮਾਤ ਦੀ ਰਜਿਸਟਰੇਸ਼ਨ ਲਈ ਪੋਰਟਲ ਖੋਲ੍ਹਣ ਸਬੰਧੀ ਅੰਦਰਾਖਾਤੇ ਬੋਰਡ ਮੈਨੇਜਮੈਂਟ 'ਤੇ ਪਾਏ ਜਾ ਰਹੇ ਦਬਾਅ ਵਜੋਂ ਸਬੰਧੀ ਅੱਜ ਬੋਰਡ ਦਫ਼ਤਰ ਵਿਖੇ ਸਵੇਰੇ 9 ਤੋਂ 11 ਵਜੇ ਇਕ ਸੰਕੇਤਕ ਰੋਸ ਇਕੱਤਰਤਾ ਕੀਤੀ ਗਈ। ਇਕੱਤਰਤਾ ਨੂੰ ਸੰਬੋਧਨ ਕਰਦਿਆਂ ਜਥੇਬੰਦੀ ਦੇ ਪ੍ਰਧਾਨ ਪਰਵਿੰਦਰ ਸਿੰਘ ਖੰਗੂੜਾ ਨੇ ਕਿਹਾ ਕਿ ਅਗਸਤ ਮਹੀਨੇ ਦੌਰਾਨ ਜਥੇਬੰਦੀ ਵੱਲੋਂ ਪ੍ਰੈਸ ਕਾਨਫਰੰਸ ਕਰਕੇ ਸਰਕਾਰ ਨੂੰ ਚੇਤਾਨਵੀ ਦਿੱਤੀ ਸੀ ਕਿ ਜਿੰਨੀ ਦੇਰ ਤੱਕ ਪੰਜਵੀਂ ਅਤੇ ਅੱਠਵੀਂ ਜਮਾਤ ਦੀ ਪ੍ਰੀਖਿਆ ਫੀਸ ਦੀ ਲੱਗਭਗ 120 ਕਰੋੜ ਦੀ ਬਕਾਇਆ ਰਾਸ਼ੀ ਅਤੇ ਸਾਲ 2024-25 ਲਈ ਛਪਾਈਆਂ ਜਾਣ ਵਾਲੀਆਂ ਪਾਠ ਪੁਸਤਕਾਂ ਦੀ ਅਡਵਾਂਸ ਰਾਸ਼ੀ ਜਾਰੀ ਨਹੀਂ ਕੀਤੀ ਜਾਂਦੀ ਉਦੋਂ ਤੱਕ ਪ੍ਰੀਖਿਆਵਾਂ ਸਬੰਧੀ ਪੋਰਟਲ ਨਹੀਂ ਖੋਲ੍ਹਿਆ ਜਾਵੇਗਾ ਅਤੇ ਨਾ ਹੀ ਪਾਠ ਪੁਸਤਕਾਂ ਦੀ ਛਪਾਈ ਸਬੰਧੀ ਕੋਈ ਟੈਂਡਰ ਆਦਿ ਦੀ ਪ੍ਰੀਕਿਰਿਆ ਸ਼ੁਰੂ ਕੀਤੀ ਜਾਵੇਗੀ। ਇਸ ਮੌਕੇ ਜਨਰਲ ਸਕੱਤਰ ਸੁਖਚੈਨ ਸਿੰਘ ਸੈਣੀ ਕਿਹਾ ਕਿ ਸਰਕਾਰ ਵੱਲੋਂ ਬੋਰਡ ਦਫ਼ਤਰ ਨੂੰ ਰਾਸ਼ੀ ਕਰਨ ਦੀ ਥਾਂ

ਬੋਰਡ ਮੈਨੇਜਮੈਂਟ 'ਤੇ ਪੋਰਟਲ ਖੋਲ੍ਹਣ ਸਬੰਧੀ ਦਬਾਅ ਪਾਇਆ ਜਾ ਰਿਹਾ ਹੈ। ਆਗੂਆਂ ਨੇ ਕਿਹਾ ਕਿ ਪਿਛਲੇ ਕਾਫੀ ਸਮੇਂ ਤੋਂ ਸਰਕਾਰ ਦੇ ਖਜ਼ਾਨਾ ਮੰਤਰੀ, ਸਿੱਖਿਆ ਮੰਤਰੀ ਅਤੇ ਭਲਾਈ ਵਿਭਾਗ ਦੇ ਮੰਤਰੀਆਂ ਨੂੰ ਪੈਡਿੰਗ ਰਾਸ਼ੀ ਬੋਰਡ ਦਫ਼ਤਰ ਨੂੰ ਜਾਰੀ ਕਰਨ ਸਬੰਧੀ ਮੰਗ ਪੱਤਰ ਦਿੱਤੇ ਜਾ ਰਹੇ ਹਨ। ਬੀਤੇ ਸਮੇਂ ਵਿੱਚ ਬੋਰਡ ਦਫ਼ਤਰ ਨੂੰ 65 ਕਰੋੜ ਰੁਪਏ ਦੀ ਰਾਸ਼ੀ ਕਰਨ ਸਬੰਧੀ ਪੱਤਰ ਵੀ ਜਾਰੀ ਕੀਤਾ ਜਾ ਚੁੱਕਾ ਹੈ ਪਰੰਤੂ ਹਾਲੇ ਤੱਕ ਇਹ ਰਾਸ਼ੀ ਬੋਰਡ ਦਫ਼ਤਰ ਨੂੰ ਪ੍ਰਾਪਤ ਨਹੀਂ ਹੋਈ ਹੈ।

ਇਸ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਜਥੇਬੰਦੀ ਦੇ ਮੀਤ ਪ੍ਰਧਾਨ-1 ਸੀਮਾ ਸੂਦ, ਮੀਤ ਪ੍ਰਧਾਨ-2 ਪ੍ਰਭਦੀਪ ਸਿੰਘ ਬੋਪਰਾਏ, ਸਕੱਤਰ ਸੁਨੀਲ ਕੁਮਾਰ ਅਰੋੜਾ ਅਤੇ ਸੰਯੁਕਤ ਬੋਰਡ ਗੁਰਇਕਬਾਲ ਸਿੰਘ ਸੋਢੀ ਨੇ ਕਿਹਾ ਕਿ ਦਫ਼ਤਰ ਵੱਲੋਂ ਸਾਲ 2020 ਤੋਂ ਪੰਜਵੀਂ ਅਤੇ ਅੱਠਵੀਂ ਜਮਾਤ ਦੀ ਪ੍ਰੀਖਿਆ ਕਰਵਾਈ ਜਾ ਰਹੀ ਹੈ। ਹਰ ਸਾਲ ਲੱਗਭਗ 25-30 ਕਰੋੜ ਰੁਪਏ ਦੀ ਰਾਸ਼ੀ ਇਨ੍ਹਾਂ ਜਮਾਤਾਂ ਲਈ ਪ੍ਰੀਖਿਆਵਾਂ ਕਰਵਾਉਣ ਤੇ ਬੋਰਡ ਦਫ਼ਤਰ ਵੱਲੋਂ ਖਰਚ ਕੀਤੀ ਜਾਂਦੀ ਹੈ। ਪਰੰਤੂ ਐਸ.ਸੀ.ਈ.ਆਰ.ਟੀ ਦਫ਼ਤਰ ਵੱਲੋਂ ਕੇਵਲ 3 ਕਰੋੜ ਰੁਪਏ ਦੀ ਰਾਸ਼ੀ ਹੀ ਬੋਰਡ ਦਫ਼ਤਰ ਨੂੰ ਇਸ ਕਾਰਜ ਲਈ ਜਾਰੀ ਕੀਤੀ ਜਾਂਦੀ ਹੈ ਜਿਸ ਨਾਲ ਲੱਗਭਗ 120 ਕਰੋੜ ਰੁਪਏ ਦੀ ਰਾਸ਼ੀ ਇਸ ਵਿਭਾਗ ਵੱਲ ਪੈਡਿੰਗ ਖੜ੍ਹੀ ਹੈ। ਬੋਰਡ ਦਫ਼ਤਰ ਵੱਲੋਂ ਵੱਖ-ਵੱਖ ਸਕੀਮਾਂ ਤਹਿਤ ਸਪਲਾਈ ਕੀਤੀਆਂ ਪਾਠ ਪੁਸਤਕਾਂ ਦੀ ਵੀ 400 ਕਰੋੜ ਰੁਪਏ ਦੀ ਰਾਸ਼ੀ ਸਰਕਾਰ ਵੱਲ ਪੈਡਿੰਗ ਖੜ੍ਹੀ ਹੈ। ਬੋਰਡ ਦੀ ਵਿੱਤੀ ਹਾਲਤ ਅੱਜ ਐਨੀ ਡਾਵਾਂਡੋਲ ਹੋ ਚੁੱਕੀ ਹੈ ਕਿ ਬੋਰਡ ਦਫ਼ਤਰ ਨੂੰ ਰਿਟਾਇਰ ਹੋ ਰਹੇ ਸਾਥੀਆਂ ਨੂੰ ਵਿੱਤੀ ਲਾਭ ਵੀ ਸਮੇਂ ਸਿਰ ਜਾਰੀ ਨਹੀਂ ਹੋ ਪਾ ਰਹੇ। ਹਰ ਮਹੀਨੇ ਤਨਖਾਹ ਅਤੇ ਪੈਨਸ਼ਨ ਸਮੇਂ ਸਿਰ ਜਾਰੀ ਕਰਨ ਵਿੱਚ ਕਾਫੀ ਵਿੱਤੀ ਔਕੜਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਅੰਤ ਵਿੱਚ ਜਥੇਬੰਦੀ ਦੇ ਪ੍ਰਧਾਨ ਖੰਗੂੜਾ ਅਤੇ ਜਨਰਲ ਸਕੱਤਰ ਸੈਣੀ ਨੇ ਕਿਹਾ ਕਿ ਬੋਰਡ ਮੈਨੇਜਮੈਂਟ ਅਤੇ ਸਰਕਾਰ ਉਨ੍ਹਾਂ ਸਰਕਾਰ ਤੇ ਬੋਰਡ ਮੈਨੇਜਮੈਂਟ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਸਰਕਾਰ ਦੇ ਦਬਾਅ ਵਿੱਚ ਆ ਕੇ ਬੋਰਡ ਮੈਨੇਜਮੈਂਟ ਨੇ ਪੋਰਟਲ ਖੋਲ੍ਹਣ ਸਬੰਧੀ ਕਾਰਵਾਈ ਸ਼ੁਰੂ ਕੀਤੀ ਤਾਂ ਇਸ ਦਾ ਡੱਟਵਾਂ ਵਿਰੋਧ ਕੀਤਾ ਜਾਵੇਗਾ। ਇਸ ਮੌਕੇ ਜਥੇਬੰਦੀ ਦੇ ਸੀਨੀਅਰ ਮੀਤ ਪ੍ਰਧਾਨ ਬਲਜਿੰਦਰ ਸਿੰਘ ਬਰਾੜ, ਜੂਨੀਅਰ ਮੀਤ ਪ੍ਰਧਾਨ ਮਲਕੀਤ ਸਿੰਘ ਗੱਗੜ੍ਹ, ਵਿੱਤ ਸਕੱਤਰ ਰਾਜ ਕੁਮਾਰ ਭਗਤ, ਦਫ਼ਤਰ ਸਕੱਤਰ ਹਰਦੀਪ ਸਿੰਘ ਗਿੱਲ, ਸੰਗਠਨ ਸਕੱਤਰ ਜਸਵੀਰ ਸਿੰਘ ਚੋਟੀਆਂ, ਮੈਂਬਰਾਂ ਵਿਚੋਂ ਜਸਪਾਲ ਸਿੰਘ ਟਹਿਣਾ, ਮਨਜਿੰਦਰ ਸਿੰਘ ਹੁਲਕਾ,ਬਲਜਿੰਦਰ ਸਿੰਘ ਮਾਂਗਟ ਗੇਰਵ ਸਾਂਪਲਾ , ਲੱਛਮੀਂ ਦੇਵੀ ਮਨਜੀਤ ਸਿੰਘ ਲਹਿਰਾਗਾਗਾ ਅਤੇ ਸੁਰਿੰਦਰ ਸਿੰਘ ਵੀ ਹਾਜ਼ਰ ਸਨ।

ਮਾਂ ਮਾਤੇਸ਼ਵਰੀ ਮੰਦਰ ਢੋਲਵਾਹਾ ਵਿਖੇ ਗਊ ਕਥਾ 5 ਨੂੰ

ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)- ਮਾਂ ਮਾਤੇਸ਼ਵਰੀ ਮੰਦਿਰ ਢੋਲਵਾਹਾ ਜਨੋੜੀ ਵਿਖੇ 5 ਨਵੰਬਰ ਨੂੰ ਕਰਵਾਈ ਜਾ ਰਹੀ ਗਊ ਕਥਾ ਦੀਆਂ ਤਿਆਰੀਆਂ ਸਬੰਧੀ ਵਿਚਾਰ ਵਟਾਂਦਰਾ